People's Herald

People's Herald

Rs- 100/month



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 04 ਮਈ 2025 ਐਤਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸ਼ੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ



## ਪੰਜਾਬ ਨੂੰ ਨਸ਼ੇ, ਗੈਂਗਸਟਰ ਤੇ ਜ਼ਬਰੀ ਵਸੂਲੀ ਤੋਂ ਮੁਕਤੀ ਦਵਾਉਣ ਲਈ ਮਾਨ ਸਰਕਾਰ ਵਚਨਬੱਧ : ਮੰਤਰੀ ਕੁਲਦੀਪ ਧਾਲੀਵਾਲ

### "ਯੁੱਧ ਨਸ਼ਿਆਂ ਵਿਰੁੱਧ" ਤਹਿਤ ਵਿਲੇਜ ਡਿਫੈਂਸ ਕਮੇਟੀਆਂ ਨੇ ਚੁੱਕੀ ਸਹੁੰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਵਿਚ ਨਸ਼ਿਆਂ ਨੂੰ ਰੋਕਣ ਲਈ ਪੱਬਾਂ ਭਾਰ ਸੂਬਾ ਸਰਕਾਰ ਵੱਲੋਂ ਯਤਨ ਕਾਫੀ ਤੇਜ਼ ਕੀਤੇ ਹੋਏ ਹਨ। ਇਸੇ ਸਿਲਸਿਲੇ ਵਿਚ ਸ਼ਨੀਵਾਰ ਨੂੰ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ, ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਅਤੇ ਕੈਬਨਿਟ ਮੰਤਰੀ ਮਹਿੰਦਰ ਭਗਤ ਵੱਲੋਂ ਸੁਲਤਾਨਪੁਰ ਲੋਧੀ ਕਪੂਰਥਲਾ ਰੋਡ ਸਥਿਤ ਇਕ ਪੈਲੇਸ ਵਿਚ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਵਿਲੇਜ ਡਿਫੈਂਸ ਕਮੇਟੀਆਂ ਨਾਲ ਮੀਟਿੰਗ ਕੀਤੀ ਗਈ।

ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਅਤੇ ਗੁਰਸਿਮਰਨ ਸਿੰਘ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਹਾਜ਼ਰੀਨ ਸਮੂਹ ਪਿੰਡ ਰੱਖਿਆ ਕਮੇਟੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਜੇਕਰ ਸਾਡੇ ਪੰਜਾਬ ਨੂੰ ਨਸ਼ਾ ਮੁਕਤ ਕਰਨਾ ਹੈ ਤਾਂ ਸਭ ਤੋਂ ਪਹਿਲਾਂ ਪਿੰਡਾਂ ਨੂੰ ਨਸ਼ਾ ਮੁਕਤ ਕਰਨਾ ਹੋਵੇਗਾ। ਨਸ਼ੇ ਖਿਲਾਫ਼ ਵਿੱਢੀ ਯੁੱਧ ਨਸ਼ਿਆਂ ਵਿਰੁੱਧ



ਜੰਗ ਵਿੱਚ ਸਾਡੀਆਂ ਪਿੰਡ ਰੱਖਿਆ ਕਮੇਟੀਆਂ ਸਭ ਤੋਂ ਵੱਡੀ ਤਾਕਤ ਹਨ ਅਤੇ ਨਸ਼ੇ ਖਿਲਾਫ਼ ਹਰ ਪਿੰਡ ਦੀ ਪਹਿਲੀ ਕੰਧ ਉਸਦੇ ਵੀਡੀਸੀ ਮੈਂਬਰ ਹਨ। ਉਨ੍ਹਾਂ ਨੇ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਵਿਲੇਜ ਡਿਫੈਂਸ ਕਮੇਟੀਆਂ ਨੂੰ ਸਹੁੰ ਚੁਕਾਈ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਲੱਗੀ ਇਸ ਨਸ਼ੇ ਦੀ ਅੱਗ ਨੂੰ ਪਿਛਲੀਆਂ ਸਰਕਾਰਾਂ ਨੇ ਫੈਲਾਇਆ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਅਕਾਲੀ ਦਲ ਨੇ ਨਾ ਸਿਰਫ਼ ਇਸ ਮੁੱਦੇ 'ਤੇ ਅੱਖਾਂ ਬੰਦ ਰੱਖੀਆਂ, ਸਗੋਂ ਨਸ਼ਾ ਤਸਕਰਾਂ ਨੂੰ ਸਿਆਸੀ ਸੁਰੱਖਿਆ ਵੀ ਦਿੱਤੀ।

ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੋਲਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪਿਛਲੇ ਤਿੰਨ ਸਾਲ ਤੋਂ ਸਾਡੀ ਸਰਕਾਰ ਪਿਛਲੀਆਂ ਸਰਕਾਰਾਂ ਦੀ ਗੰਦਗੀ ਸਾਫ਼ ਕਰ ਰਹੀ ਸੀ। ਉਨ੍ਹਾਂ ਵੀ.ਡੀ. ਸੀ. ਮੈਂਬਰਾਂ ਨੂੰ 7 ਮਈ ਤੋਂ ਹਰ ਬਲਾਕ ਵਿੱਚ 3 ਪਿੰਡ ਪ੍ਰਤੀ ਦਿਨ ਸ਼ੁਰੂ ਹੋਣ ਵਾਲੀ ਨਸ਼ਾ ਮੁਕਤੀ ਯਾਤਰਾ ਸਭਾ ਪੂਰੀ ਜ਼ਿੰਮੇਵਾਰੀ ਲੈ ਕੇ ਕਰਵਾਉਣ ਲਈ ਆਖਿਆ।

ਉਨ੍ਹਾਂ ਆਖਿਆ ਕਿ ਪਹਿਲਾਂ ਨਸ਼ਾ ਤਸਕਰਾਂ ਦੇ ਫ਼ਾਰਮ ਹਾਉਸ ਬਣਦੇ ਸਨ, ਹੁਣ ਉਨ੍ਹਾਂ ਦੇ ਘਰਾਂ 'ਤੇ ਬੁਲਡੋਜ਼ਰ ਚੱਲ ਰਹੇ ਹਨ। ਪੰਜਾਬ ਸਰਕਾਰ ਵੱਲੋਂ ਵਿੱਢੀ ਇਸ ਨਸ਼ਿਆਂ ਖਿਲਾਫ਼ ਮੁਹਿੰਮ ਵਿੱਚ ਸਾਡੀ ਪੁਲਿਸ ਇਕੱਲੀ ਹੀ ਇਹ ਲੜਾਈ ਨਹੀਂ ਜਿੱਤ ਸੱਕਦੀ। ਉਨ੍ਹਾਂ ਕਿਹਾ ਕਿ ਅਸਲ ਸਿਪਾਹੀ ਤੁਸੀਂ ਹੋ ਜੋ ਆਪਣੇ ਪਿੰਡ ਦੀਆਂ ਗਲੀਆਂ ਨੂੰ, ਆਪਣੇ ਬੱਚਿਆਂ ਨੂੰ, ਇਸ ਜ਼ਹਿਰ ਤੋਂ ਬਚਾ ਸਕਦੇ ਹੋ। ਪਿੰਡ ਰੱਖਿਆ ਕਮੇਟੀਆਂ ਨਸ਼ਿਆਂ ਵਿਰੁੱਧ ਇਸ ਲੜਾਈ ਦੀ ਪਹਿਲੀ ਕਤਾਰ ਦੇ ਯੋਧੇ ਹਨ। ਉਨ੍ਹਾਂ ਕਿਹਾ ਕਿ ਵੀ.ਡੀ. ਸੀ. ਦੇ ਮੈਂਬਰ ਨਾ ਸਿਰਫ਼ ਸਵੈ-ਇੱਛੁਕ ਸੇਵਕ , ਬਲਕਿ ਆਪਣੇ ਪਿੰਡ ਦੇ ਭਵਿੱਖ ਦੇ ਰਾਖੇ ਵੀ ਹਨ। ਉਨ੍ਹਾਂ ਵੀ.ਡੀ. ਸੀ. ਮੈਂਬਰਾਂ ਨੂੰ ਕਿਹਾ ਕਿ ਪਿੰਡ ਦੇ ਨਿਗਰਾਨ ਬਣ ਕੇ ਯਕੀਨੀ ਬਣਾਓ ਕਿ ਕੋਈ ਨਸ਼ਾ ਤਸਕਰ ਤੁਹਾਡੇ ਪਿੰਡ ਵਿੱਚ ਕੰਮ ਨਾ ਕਰੇ।

ਉਹਨਾਂ ਕਿਹਾ ਕਿ ਇਨ੍ਹਾਂ ਯਾਤਰਾਵਾਂ ਦੌਰਾਨ ਨਸ਼ਾ ਛੱਡ ਚੁੱਕੇ ਨੌਜਵਾਨਾਂ ਹੌਸਲਾ ਅਫ਼ਜਾਈ ਕੀਤੀ ਜਾਵੇਗੀ ਅਤੇ ਦੂਸਰੇ ਪੀੜਤ ਨੌਜਵਾਨਾਂ ਨੂੰ ਵੀ ਨਸ਼ਾ ਛੱਡਣ ਦੇ ਲਈ ਪ੍ਰੇਰਿਤ ਕੀਤਾ ਜਾਵੇਗਾ। ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦੇ ਹਾਂ ਮੰਤਰੀ ਧਾਲੀਵਾਲ ਨੇ ਸਪਸ਼ਟ ਕੀਤਾ ਕਿ ਪੰਜਾਬ ਸਰਕਾਰ ਪੰਜਾਬ ਵਿੱਚੋਂ ਨਸ਼ਾ ਗੈਂਗਸਟਰ ਵਾਦ ਅਤੇ ਫਰੌਤੀ ਮੰਗਣ ਵਾਲਿਆਂ ਦੀ ਜੜ ਪੁੱਟਣ ਲਈ ਵਚਨਬੱਧ ਹੈ ਅਜਿਹੇ ਅੰਸਰਾਂ ਨੂੰ ਕਿਸੇ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਏਗਾ ਤੇ ਇਹਨਾਂ ਦੇ ਖਿਲਾਫ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਏਗੀ।

ਇਸ ਤੋਂ ਇਲਾਵਾ ਪੰਜਾਬ ਦੇ ਪਾਣੀਆਂ ਦੇ ਮੁੱਦੇ 'ਤੇ ਬੋਲਦਿਆਂ ਮੰਤਰੀ ਧਾਲੀਵਾਲ ਨੇ ਕਿਹਾ ਕਿ ਪੰਜਾਬ ਦੀ ਇੱਕ ਬੂੰਦ ਵੀ ਬਾਹਰ ਨਹੀਂ ਜਾਣ ਦਿੱਤੀ ਜਾਏਗੀ ਇਸ ਦੇ ਲਈ ਚਾਹੇ ਸਾਨੂੰ ਜੇਲ ਭਰੋ ਅੰਦੋਲਨ ਕਿਉਂ ਨਾ ਕਰਨਾ ਪੈ ਜਾਵੇ।

## ਬਹੁਜਨ ਸਮਾਜ ਪਾਰਟੀ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਡਟ ਕੇ ਖੜੀ ਹੈ- ਡਾਕਟਰ ਅਵਤਾਰ ਸਿੰਘ ਕਰੀਮਪੁਰੀ

### ਸਰਬ ਪਾਰਟੀ ਮੀਟਿੰਗ ਵਿੱਚ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ ਡਾਕਟਰ ਨਛੱਤਰ ਪਾਲ ਵਿਧਾਇਕ ਅਤੇ ਇੰਚਾਰਜ ਬਸਪਾ ਪੰਜਾਬ ਪਰਜਾਪਤੀ ਅਜੀਤ ਸਿੰਘ ਭੈਣੀ ਇੰਚਾਰਜ ਬਸਪਾ ਪੰਜਾਬ ਸ਼ਾਮਿਲ ਹੋਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਸਰਕਾਰ ਵੱਲੋਂ ਹਰਿਆਣਾ ਨੂੰ ਪਾਣੀ ਕੇਂਦਰ ਦੁਆਰਾ ਜਬਰੀ ਪਾਣੀ ਦੇਣ ਦੇ ਫੈਸ਼ਲੇ ਖਿਲਾਫ ਬੁਲਾਈ ਸਰਬ ਪਾਰਟੀ ਮੀਟਿੰਗ ਵਿੱਚ ਪੰਜਾਬ ਸਰਕਾਰ ਦਾ ਸਾਥ ਦੇ ਕੇ ਪਹਿਰਾ ਦੇਣ ਦਾ ਐਲਾਨ ਕੀਤਾ ਹੈ। ਬਸਪਾ ਪ੍ਰਧਾਨ ਦਾ ਕਹਿਣਾ ਹੈ ਕਿ ਉਹ ਪੰਜਾਬ ਦੇ ਹਿੱਤਾਂ ਅਤੇ ਹੱਕ ਇਨਸਾਫ ਦੀ ਲੜਾਈ ਵਿੱਚ ਹਮੇਸ਼ਾ ਪੰਜਾਬ ਦੇ



ਹੱਕਾਂ ਲਈ ਖੜੇ ਰਹਿਣਗੇ ਕਦੇ ਵੀ ਨਾਇਨਸਾਫੀ ਅਤੇ ਧੱਕਾ ਸਹਿਣ ਨਹੀਂ ਕਰਨਗੇ।

ਡਾ. ਕਰੀਮਪੁਰੀ ਨੇ ਕਿਹਾ ਕਿ ਹਣ ਤੱਕ ਦੀਆਂ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਦੇ ਨਾਕਾਰਮਿਕ ਰਵਈਏ ਕਾਰਨ ਮਾਮਲ ਹੱਲ ਨਹੀਂ ਹੋ ਸਕਿਆ ਅਤੇ ਦਹਾਕਿਆਂ ਤੋਂ ਦੋਨਾਂ ਰਾਜਾਂ ਦੇ ਰਿਸ਼ਤਿਆਂ ਵਿੱਚ ਸੁਖਾਵਾਂ ਮਾਹੌਲ ਨਹੀਂ ਬਣ ਸਕਿਆ।

ਚੰਡੀਗੜ੍ਹ ਵਿਖੇ ਪੰਜਾਬ ਦੇ ਪਾਣੀਆਂ ਦੇ ਸਬੰਧ ਚ ਸਰਬ ਪਾਰਟੀ ਮੀਟਿੰਗ ਹੋਈ ਜਿਸ ਵਿੱਚ ਬਹੁਜਨ ਸਮਾਜ ਪਾਰਟੀ ਵੱਲੋਂ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਸਪਾ ਪੰਜਾਬ ਡਾਕਟਰ ਨਛੱਤਰ ਪਾਲ ਜੀ ਵਿਧਾਇਕ ਅਤੇ ਇੰਚਾਰਜ ਬਸਪਾ ਪੰਜਾਬ ਪਰਜਾਪਤੀ ਅਜੀਤ ਸਿੰਘ ਭੈਣੀ ਜੀ ਇੰਚਾਰਜ ਬਸਪਾ ਪੰਜਾਬ ਜੀ ਸ਼ਾਮਿਲ ਹੋਏ ਅਤੇ ਪੰਜਾਬ ਦੇ ਹਿੱਤਾਂ ਲਈ ਬਹੁਜਨ ਸਮਾਜ ਪਾਰਟੀ ਨੇ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਹਰ ਕਿਸਮ ਦੀ ਪਹਿਰੇਦਾਰੀ ਲਈ ਖੜੇ ਹੋਣ ਦਾ ਐਲਾਨ ਕੀਤਾ

## ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਦਿੱਲੀ ਵਿੱਚ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਕੀਤੀ

### ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸਥਿਤੀ ਬਾਰੇ ਕੀਤੀ ਚਰਚਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸ਼ਨੀਵਾਰ ਨੂੰ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ। 22 ਅਪ੍ਰੈਲ ਨੂੰ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਉਮਰ ਅਬਦੁੱਲਾ ਦੀ ਪ੍ਰਧਾਨ ਮੰਤਰੀ ਮੋਦੀ ਨਾਲ ਇਹ ਪਹਿਲੀ ਮੁਲਾਕਾਤ ਹੈ। ਇਸ ਹਮਲੇ ਵਿੱਚ 26 ਸੈਲਾਨੀ ਮਾਰੇ ਗਏ ਸਨ। ਦੋਵਾਂ ਆਗੂਆਂ ਵਿਚਕਾਰ ਅੱਤਵਾਦੀ ਹਮਲੇ ਤੋਂ ਬਾਅਦ ਦੀ ਸਥਿਤੀ ਬਾਰੇ ਚਰਚਾ



ਹੋਈ।ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸੁਰੱਖਿਆ ਨੂੰ ਲੈ ਕੇ ਪ੍ਰਧਾਨ ਮੰਤਰੀ ਮੋਦੀ ਨਾਲ ਵਿਸ਼ੇਸ਼ ਗੱਲਬਾਤ ਕੀਤੀ। ਅੱਤਵਾਦੀ ਹਮਲੇ ਤੋਂ ਬਾਅਦ ਦੇਸ਼ ਦੇ ਲੋਕਾਂ ਵਿੱਚ ਗੁੱਸਾ ਹੈ। ਅੱਤਵਾਦ ਦੀਆਂ ਜੜ੍ਹਾਂ ਨੂੰ ਮਿਟਾਉਣ ਲਈ ਪਾਕਿਸਤਾਨ ਨੂੰ ਸਬਕ ਸਿਖਾਉਣਾ ਜ਼ਰੂਰੀ ਹੈ। ਦੇਸ਼ ਦੇ ਲੋਕ ਪ੍ਰਧਾਨ ਮੰਤਰੀ ਮੋਦੀ ਨੂੰ ਅੱਤਵਾਦ ਨੂੰ ਖਤਮ ਕਰਨ ਦੀ ਅਪੀਲ ਕਰ ਰਹੇ ਹਨ।

# NCB ਦੀ ਅੰਮ੍ਰਿਤਸਰ ਜ਼ੋਨਲ ਯੂਨਿਟ ਵੱਲੋਂ ਵੱਡੀ ਕਾਰਵਾਈ, 547 ਕਰੋੜ ਦੇ ਨਸ਼ੀਲੇ ਪਦਾਰਥ ਜ਼ਬਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




NCB ਅੰਮ੍ਰਿਤਸਰ ਜ਼ੋਨਲ ਯੂਨਿਟ ਨੇ ਇੱਕ ਵੱਡੀ ਕਾਰਵਾਈ ਦੌਰਾਨ ਫਾਰਮਾ ਕੰਪਨੀ 'ਬਲਾਸਟਿਕ ਫਾਰਮਾ' ਦੇ ਮਾਲਕ ਅਮਿਤ ਭੰਡਾਰੀ ਨੂੰ ਗ੍ਰਿਫਤਾਰ ਕੀਤਾ ਹੈ। ਉਸਦੇ ਗੋਦਾਮ ਵਿੱਚੋਂ 31,700 ਟ੍ਰਾਮਾਡੋਲ ਗੋਲੀਆਂ ਬਰਾਮਦ ਕੀਤੀਆਂ ਗਈਆਂ, ਜੋ ਕਿ ਗੈਰ-ਕਾਨੂੰਨੀ ਤੌਰ 'ਤੇ ਬਿਨਾਂ ਲਾਇਸੈਂਸ ਵਾਲੇ ਨਿੱਜੀ ਹਸਪਤਾਲਾਂ, ਲਾਈਫ ਕੇਅਰ ਅਤੇ ਸਹਿਕਾਰੀ ਹਸਪਤਾਲ ਨੂੰ ਸਪਲਾਈ ਕੀਤੀਆਂ ਜਾ ਰਹੀਆਂ ਸਨ। ਐਨਸੀਬੀ ਨੇ ਹਸਪਤਾਲਾਂ ਵਿਰੁੱਧ ਵੀ ਕਾਰਵਾਈ ਕੀਤੀ ਹੈ।

ਐਨਸੀਬੀ ਦੀ ਕਾਰਵਾਈ ਬਾਰੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੇਸ਼ ਭਰ ਵਿੱਚ ਫੈਲੇ ਡਰੱਗ ਨੈੱਟਵਰਕ ਵਿਰੁੱਧ ਚੱਲ ਰਹੀ ਕਾਰਵਾਈ 'ਤੇ ਟਿੱਪਣੀ ਕਰਦੇ ਹੋਏ ਕਿਹਾ: "ਭਾਰਤ ਡਰੱਗ ਕਾਰਟੈਲਾਂ ਨੂੰ ਖਤਮ ਕਰ ਰਿਹਾ ਹੈ। ਐਨਸੀਬੀ ਦੀ ਅੰਮ੍ਰਿਤਸਰ ਜ਼ੋਨਲ ਯੂਨਿਟ ਨੇ 4 ਰਾਜਾਂ ਵਿੱਚ ਫੈਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ, ₹547 ਕਰੋੜ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ ਅਤੇ 15 ਲੋਕਾਂ ਨੂੰ ਗ੍ਰਿਫਤਾਰ ਕੀਤਾ। ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਨਸ਼ਾ ਮੁਕਤ ਭਾਰਤ' ਦੇ ਟੀਚੇ ਵੱਲ ਇੱਕ ਵੱਡਾ ਕਦਮ ਹੈ। ਟੀਮ ਐਨਸੀਬੀ ਨੂੰ ਵਧਾਈਆਂ।"

ਗ੍ਰਹਿ ਮੰਤਰੀ ਦੇ ਇਸ ਬਿਆਨ ਤੋਂ ਇਹ ਸਪੱਸ਼ਟ ਹੈ ਕਿ ਕੇਂਦਰ ਸਰਕਾਰ ਨਸ਼ਿਆਂ ਵਿਰੁੱਧ 'ਜ਼ੀਰੋ ਟੌਲਰੈਂਸ ਨੀਤੀ' 'ਤੇ ਕੰਮ ਕਰ ਰਹੀ ਹੈ।

# ਪੰਜਾਬ ਅਤੇ ਹਰਿਆਣਾ ਵਿਚਕਾਰ ਪਾਣੀ ਦਾ ਵਿਵਾਦ ਪਹੁੰਚਿਆ ਹਾਈ ਕੋਰਟ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਹਰਿਆਣਾ ਵੱਲੋਂ ਮੰਗਿਆ ਗਿਆ 8500 ਕਿਊਸਿਕ ਪਾਣੀ ਦੇਣ ਤੋਂ ਇਨਕਾਰ ਕਰਨ ਵਿਰੁੱਧ ਹਾਈ ਕੋਰਟ ਵਿੱਚ ਇੱਕ ਜਨਹਿੱਤ ਪਟੀਸ਼ਨ ਦਾਇਰ ਕੀਤੀ ਗਈ ਸੀ।

ਪੰਚਕੂਲਾ ਦੇ ਵਕੀਲ ਰਵਿੰਦਰ ਢੱਲ ਨੇ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰ ਕੇ ਹਰਿਆਣਾ ਦੇ ਪਾਣੀ ਨੂੰ ਛੱਡਣ ਅਤੇ ਬੀਬੀਐਮਬੀ ਭਾਖੜਾ ਹੈੱਡ ਵਰਕਸ ਅਤੇ ਲੋਹਾਰ ਖੁਦ ਏਸਕੇਪ ਚੈਨਲ 'ਤੇ ਪੰਜਾਬ ਪੁਲਿਸ ਦੀ ਤਾਇਨਾਤੀ ਨੂੰ ਹਟਾਉਣ ਦੀ ਮੰਗ ਕੀਤੀ ਹੈ।

ਪਟੀਸ਼ਨਕਰਤਾ ਨੇ ਕਿਹਾ ਕਿ ਬੀਬੀਐਮਬੀ ਪਹਿਲਾਂ ਹਰਿਆਣਾ ਵੱਲੋਂ ਮੰਗਿਆ ਗਿਆ 8,500 ਕਿਊਸਿਕ ਪਾਣੀ ਦੇਣ ਲਈ ਸਹਿਮਤ ਹੋ ਗਿਆ ਸੀ। ਪਰ ਪੰਜਾਬ ਸਰਕਾਰ ਨੇ ਇਸ ਤੋਂ ਇਨਕਾਰ ਕਰ ਦਿੱਤਾ ਅਤੇ ਡੈਮ 'ਤੇ ਪੁਲਿਸ ਫੋਰਸ ਤਾਇਨਾਤ ਕਰ ਦਿੱਤੀ। ਇਸ ਨਾਲ ਸਿੱਧੇ ਤੌਰ 'ਤੇ ਕਾਨੂੰਨ ਵਿਵਸਥਾ ਦਾ ਸੰਕਟ ਪੈਦਾ ਹੋ ਗਿਆ ਹੈ।

ਹਰਿਆਣਾ ਦੇ ਮੁੱਖ ਮੰਤਰੀ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਇੱਕ ਪੱਤਰ ਵੀ ਲਿਖਿਆ ਸੀ। ਪਰ ਪਾਣੀ ਦੇਣਾ ਤਾਂ ਦੂਰ, ਪੰਜਾਬ ਦਾ ਮੁੱਖ ਮੰਤਰੀ ਹਰਿਆਣਾ ਵਿਰੁੱਧ ਬਿਆਨਬਾਜ਼ੀ ਕਰ ਰਿਹਾ ਹੈ।

ਪਟੀਸ਼ਨਕਰਤਾ ਦਾ ਕਹਿਣਾ ਹੈ ਕਿ ਕਈ ਸੰਮੇਲਨਾਂ ਅਤੇ ਅਦਾਲਤੀ ਹੁਕਮਾਂ ਵਿੱਚ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਪੰਜਾਬ ਹਰਿਆਣਾ ਦਾ ਪਾਣੀ ਨਹੀਂ ਰੋਕ ਸਕਦਾ, ਇਸ ਦੇ ਬਾਵਜੂਦ ਪੰਜਾਬ ਸਰਕਾਰ ਗੈਰ-ਕਾਨੂੰਨੀ ਕੰਮ ਕਰ ਰਹੀ ਹੈ।

ਇਸ ਲਈ, ਪਟੀਸ਼ਨਕਰਤਾ ਨੇ ਹੁਣ ਹਰਿਆਣਾ ਵੱਲੋਂ ਮੰਗੇ ਗਏ 8500 ਕਿਊਸਿਕ ਪਾਣੀ ਦੀ ਮੰਗ ਅਤੇ ਭਾਖੜਾ ਹੈੱਡ ਵਰਕਸ ਤੋਂ ਪੁਲਿਸ ਹਟਾਉਣ ਸੰਬੰਧੀ ਹਾਈ ਕੋਰਟ ਵਿੱਚ ਇੱਕ ਜਨਹਿੱਤ ਪਟੀਸ਼ਨ ਦਾਇਰ ਕੀਤੀ ਹੈ, ਜਿਸਦੀ ਸੁਣਵਾਈ ਹਾਈ ਕੋਰਟ ਅਗਲੇ ਹਫ਼ਤੇ ਕਰ ਸਕਦੀ ਹੈ।

# ਫਲੋਰਿਡਾ 'ਚ ਵੱਡੇ ਆਪਰੇਸ਼ਨ ਦੌਰਾਨ 4 ਦਿਨਾਂ 'ਚ 800 ਪ੍ਰਵਾਸੀਆਂ ਨੂੰ ਕੀਤਾ ਗ੍ਰਿਫਤਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਸੈਕਰਾਮੈਂਟੋ, 2 ਮਈ (ਹੁਸਨ ਲੜੋਆ ਬੰਗਾ/ਪੰਜਾਬ ਮੇਲ)- ਯੂ.ਐੱਸ. ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ ਨੇ ਜਾਰੀ ਇਕ ਬਿਆਨ ਵਿਚ ਕਿਹਾ ਹੈ ਕਿ ਫਲੋਰਿਡਾ ਵਿਚ ਸਟੇਟ ਲਾਅ ਇਨਫੋਰਸਮੈਂਟ ਅਫਸਰਾਂ ਦੇ ਸਹਿਯੋਗ ਨਾਲ ਇਕ ਵੱਡੀ ਕਾਰਵਾਈ ਦੌਰਾਨ 4 ਦਿਨਾਂ ਵਿਚ ਤਕਰੀਬਨ 800 ਪ੍ਰਵਾਸੀਆਂ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਮਿਆਮੀ ਵਿਚਲੇ ਆਈ.ਸੀ.ਈ. ਦਫਤਰ ਨੇ ਆਪਰੇਸ਼ਨ ਨੂੰ ਇਕ ਵੱਡੀ ਸਫਲਤਾ ਕਰਾਰ ਦਿੱਤਾ ਹੈ ਤੇ ਕਿਹਾ ਹੈ ਕਿ ਰਾਜ ਤੇ ਸੰਘ ਦੇ ਸਹਿਯੋਗ ਨਾਲ ਕੀਤੀ ਇਹ ਕਾਰਵਾਈ ਆਪਣੀ ਕਿਸਮ ਦੀ ਹੈ। ਫਲੋਰਿਡਾ ਦੇ ਗਵਰਨਰ ਰੌਨ ਡੀਸੈਂਟਿਸ ਨੇ ਕਾਰਵਾਈ ਦੀ ਪ੍ਰਸ਼ੰਸਾ ਕੀਤੀ ਹੈ। ਉਨ੍ਹਾਂ ਨੇ ਐਕਸ ਉਪਰ ਪਾਏ ਇਕ ਬਿਆਨ ਵਿਚ ਕਿਹਾ ਹੈ ਕਿ ਫਲੋਰਿਡਾ ਤੇ ਡਿਪਾਰਟਮੈਂਟ ਆਫ ਹੋਮ ਲੈਂਡ ਸਕਿਉਰਿਟੀ ਵੱਲੋਂ ਸਾਂਝੇ ਤੌਰ 'ਤੇ ਕੀਤੀ ਕਾਰਵਾਈ ਸਫਲਤਾ ਦੀ ਇਕ ਵੱਡੀ ਉਦਾਹਰਣ ਹੈ। ਰਾਜ ਤੇ ਸੰਘ ਵਿਚਾਲੇ ਸਹਿਯੋਗ ਨਾਲ ਗੈਰ ਕਾਨੂੰਨੀ ਪ੍ਰਵਾਸੀਆਂ ਵਿਰੁੱਧ ਕਾਰਵਾਈ ਦੇ ਚੰਗੇ ਨਤੀਜੇ ਨਿਕਲਣਗੇ। ਉਨ੍ਹਾਂ ਇਕ ਵੱਖਰੀ ਪੋਸਟ ਵਿਚ ਲਿਖਿਆ ਹੈ ਕਿ ਗੈਰ ਕਾਨੂੰਨੀ ਪ੍ਰਵਾਸੀਆਂ ਨੂੰ ਦੇਸ਼ ਨਿਕਾਲਾ ਦੇਣ ਵਿਚ ਟਰੰਪ ਪ੍ਰਸ਼ਾਸਨ ਦੇ ਯਤਨ ਵਿਚ ਫਲੋਰਿਡਾ ਅਗਵਾਈ ਕਰ ਰਿਹਾ ਹੈ। ਫਲੋਰਿਡਾ ਦੇ ਰਿਪਬਲੀਕਨ ਆਗੂਆਂ ਨੇ ਚਿਤਾਵਨੀ ਦਿੱਤੀ ਹੈ ਕਿ ਜੋ ਅਫਸਰ ਸੰਘੀ ਸਰਕਾਰ ਦੀਆਂ ਇਮੀਗ੍ਰੇਸ਼ਨ ਕੋਸ਼ਿਸ਼ਾਂ ਵਿਚ ਸਹਿਯੋਗ ਕਰਨ ਤੋਂ ਨਾਂਹ ਕਰਨਗੇ, ਉਨ੍ਹਾਂ ਵਿਰੁੱਧ ਕਾਰਵਾਈ ਹੋਵੇਗੀ ਤੇ ਰਾਜ ਦਾ ਕਾਨੂੰਨ ਅਜਿਹੇ ਅਫਸਰਾਂ ਨੂੰ ਅਹੁਦੇ ਤੋਂ ਹਟਾਉਣ ਦੀ ਇਜਾਜ਼ਤ ਦਿੰਦਾ ਹੈ। ਗਵਰਨਰ ਅਨੁਸਾਰ ਫਲੋਰਿਡ ਹਾਈਵੇਅ ਪਟਰੋਲ, ਦ ਫਲੋਰਿਡਾ ਡਿਪਾਰਟਮੈਂਟ ਆਫ ਲਾਅ ਇਨਫੋਰਸਮੈਂਟ, ਦ ਫਲੋਰਿਡਾ ਸਟੇਟ ਗਾਰਡ, ਦ ਫਲੋਰਿਡਾ ਡਿਪਾਰਟਮੈਂਟ ਆਫ ਐਗਰੀਕਲਚਰਲ ਲਾਅ ਇਨਫੋਰਸਮੈਂਟ ਤੇ ਫਲੋਰਿਡਾ ਫਿਸ਼ ਐਂਡ ਵਾਈਲਡ ਲਾਈਫ ਕੰਜ਼ਰਵੇਸ਼ਨ ਕਮਿਸ਼ਨ ਸਮੇਤ ਰਾਜ ਦੀਆਂ ਸਮੁੱਚੀਆਂ ਏਜੰਸੀਆਂ ਨੇ ਆਈ.ਸੀ.ਈ. ਨਾਲ ਸਹਿਯੋਗ ਕਰਨ ਲਈ ਇਕ ਸਮਝੌਤੇ ਉਪਰ ਦਸਤਖਤ ਕੀਤੇ ਹਨ।

# ਦਲਿਤ ਅਤੇ ਓਬੀਸੀ ਭਾਈਚਾਰੇ ਪਿਆਰ ਨਾਲ ਭਰੇ ਹੋਏ ਹਨ, ਜਾਤੀ ਜਨਗਣਨਾ 'ਤੇ ਮਾਇਆਵਤੀ ਨੇ ਕਾਂਗਰਸ 'ਤੇ ਹਮਲਾ ਬੋਲਿਆ

## ਕਿਹਾ ਦਲਿਤਾਂ ਅਤੇ ਹੋਰ ਪੱਛੜੇ ਵਰਗਾਂ (ਓਬੀਸੀ) ਨੂੰ ਰਾਖਵੇਂਕਰਨ ਸਮੇਤ ਉਨ੍ਹਾਂ ਦੇ ਸੰਵਿਧਾਨਕ ਅਧਿਕਾਰਾਂ ਤੋਂ ਵਾਂਝਾ ਕਰਨ ਦਾ ਇੱਕ ਕਾਲਾ ਅਧਿਆਇ ਹੈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਬਸਪਾ ਮੁਖੀ ਮਾਇਆਵਤੀ ਨੇ ਜਾਤੀ ਜਨਗਣਨਾ ਦੇ ਮੁੱਦੇ 'ਤੇ ਕਾਂਗਰਸ 'ਤੇ ਹਮਲਾ ਬੋਲਦੇ ਹੋਏ ਸ਼ਨੀਵਾਰ ਨੂੰ ਕਿਹਾ ਕਿ ਉਹ ਭੁੱਲ ਗਈ ਹੈ ਕਿ ਦਲਿਤ ਅਤੇ ਓਬੀਸੀ ਭਾਈਚਾਰੇ ਦੇ ਕਰੋੜਾਂ ਲੋਕਾਂ ਨੂੰ ਰਾਖਵੇਂਕਰਨ ਮਿਲਣਾ ਚਾਹੀਦਾ ਹੈ, ਜਿਸ ਵਿੱਚ... ਇਸਦਾ ਇਤਿਹਾਸ ਉਨ੍ਹਾਂ ਨੂੰ ਉਨ੍ਹਾਂ ਦੇ ਸੰਵਿਧਾਨਕ ਅਧਿਕਾਰਾਂ ਤੋਂ ਵਾਂਝਾ ਕਰਨ ਦਾ ਇੱਕ ਕਾਲਾ ਅਧਿਆਇ ਹੈ।

ਬਹੁਜਨ ਸਮਾਜ ਪਾਰਟੀ (ਬਸਪਾ) ਦੀ ਮੁਖੀ ਮਾਇਆਵਤੀ ਨੇ ਸ਼ਨੀਵਾਰ ਨੂੰ ਜਾਤੀ ਜਨਗਣਨਾ ਦੇ ਮੁੱਦੇ 'ਤੇ ਕਾਂਗਰਸ 'ਤੇ ਹਮਲਾ ਬੋਲਿਆ ਅਤੇ ਕਿਹਾ ਕਿ ਉਹ ਭੁੱਲ ਗਈ ਹੈ ਕਿ ਇਸਦਾ ਇਤਿਹਾਸ ਕਰੋੜਾਂ ਦਲਿਤਾਂ ਅਤੇ ਹੋਰ ਪੱਛੜੇ ਵਰਗਾਂ (ਓਬੀਸੀ) ਨੂੰ ਰਾਖਵੇਂਕਰਨ ਸਮੇਤ ਉਨ੍ਹਾਂ ਦੇ ਸੰਵਿਧਾਨਕ ਅਧਿਕਾਰਾਂ ਤੋਂ ਵਾਂਝਾ ਕਰਨ ਦਾ ਇੱਕ ਕਾਲਾ ਅਧਿਆਇ ਹੈ। ਮਾਇਆਵਤੀ ਨੇ 'ਐਕਸ' 'ਤੇ ਪੋਸਟ ਕੀਤਾ ਅਤੇ ਕਿਹਾ ਕਿ 1931 ਅਤੇ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਦੇਸ਼ ਵਿੱਚ ਜਾਤੀ ਜਨਗਣਨਾ ਕਰਵਾਉਣ ਦੇ ਕੇਂਦਰ ਸਰਕਾਰ ਦੇ ਫੈਸਲੇ ਦਾ ਸਿਹਰਾ ਲੈਂਦੇ ਹੋਏ, ਕਾਂਗਰਸ ਇਹ ਭੁੱਲ ਗਈ ਕਿ ਦਲਿਤ ਅਤੇ ਓਬੀਸੀ ਭਾਈਚਾਰਿਆਂ ਦੇ ਕਰੋੜਾਂ ਲੋਕਾਂ ਨੂੰ ਰਾਖਵੇਂਕਰਨ ਸਮੇਤ ਉਨ੍ਹਾਂ ਦੇ ਸੰਵਿਧਾਨਕ ਅਧਿਕਾਰਾਂ ਤੋਂ ਵਾਂਝਾ ਕਰਨ ਵਿੱਚ ਉਸਦਾ ਇਤਿਹਾਸ ਕਾਲਾ ਹੈ ਅਤੇ ਇਸ ਕਾਰਨ ਉਸਨੂੰ ਸੱਤਾ ਗੁਆਉਣੀ ਪਈ।

ਉਨ੍ਹਾਂ ਕਿਹਾ, "ਪਰ ਸੱਤਾ ਤੋਂ ਬਾਹਰ ਹੋਣ ਤੋਂ ਬਾਅਦ, ਕਾਂਗਰਸ ਲੀਡਰਸ਼ਿਪ ਦਾ ਨਵਾਂ ਉਭਰਿਆ ਪਿਆਰ, ਖਾਸ ਕਰਕੇ ਦਲਿਤ ਅਤੇ ਓਬੀਸੀ ਭਾਈਚਾਰੇ ਲਈ, ਵਿਸ਼ਵਾਸ ਤੋਂ ਪਰੇ ਹੈ ਅਤੇ ਇਨ੍ਹਾਂ ਵਰਗਾਂ ਦੀਆਂ ਵੋਟਾਂ ਦੇ ਸਵਾਰਥ ਲਈ ਧੋਖੇ ਦੀ ਇੱਕ ਮੌਕਾਪ੍ਰਸਤ ਰਾਜਨੀਤੀ ਹੈ। ਵੈਸੇ ਵੀ, ਰਾਖਵੇਂਕਰਨ ਨੂੰ ਨਕਾਰਾ ਬਣਾਉਣ ਅਤੇ ਅੰਤ ਵਿੱਚ ਇਸਨੂੰ ਖਤਮ ਕਰਨ ਦੇ ਉਨ੍ਹਾਂ ਦੇ ਮਾੜੇ ਇਰਾਦੇ ਨੂੰ ਕੌਣ ਭੁੱਲ ਸਕਦਾ ਹੈ?"

ਬਸਪਾ ਨੇਤਾ ਨੇ ਕਿਹਾ, "ਕਿਸੇ ਵੀ ਹਾਲਤ ਵਿੱਚ, ਰਾਖਵੇਂਕਰਨ ਅਤੇ ਸੰਵਿਧਾਨ ਦੇ ਜਨਤਕ ਭਲਾਈ ਉਦੇਸ਼ਾਂ ਨੂੰ 'ਅਸਫਲ' ਕਰਨ ਵਿੱਚ ਭਾਜਪਾ ਕਾਂਗਰਸ ਤੋਂ ਘੱਟ ਨਹੀਂ ਹੈ; ਸਗੋਂ, ਦੋਵੇਂ ਇੱਕੋ ਖੰਭ ਵਾਲੇ ਪੰਛੀ ਹਨ। ਪਰ ਹੁਣ, ਵੋਟਾਂ ਦੇ ਸੁਆਰਥ ਅਤੇ ਸੱਤਾ ਦੇ ਲਾਲਚ ਕਾਰਨ, ਭਾਜਪਾ ਨੂੰ ਵੀ ਜਾਤੀ ਜਨਗਣਨਾ ਲਈ ਲੋਕਾਂ ਦੀ ਇੱਛਾ ਅੱਗੇ ਝੁਕਣਾ ਪਿਆ ਹੈ। ਇਹ ਕਦਮ ਸਵਾਗਤਯੋਗ ਹੈ।"

ਉਨ੍ਹਾਂ ਕਿਹਾ, "ਇਸ ਦੇ ਨਾਲ ਹੀ, ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਭਾਰਤ ਰਤਨ ਨਾਲ ਸਨਮਾਨਿਤ ਕਰਨ ਤੋਂ ਲੈ ਕੇ ਧਾਰਾ 340 ਤਹਿਤ ਓਬੀਸੀ ਨੂੰ ਰਾਖਵਾਂਕਰਨ ਦੇਣ ਤੱਕ, ਕਾਂਗਰਸ ਅਤੇ ਭਾਜਪਾ ਦਾ ਰਵੱਈਆ ਕਈ ਮਾਮਲਿਆਂ ਵਿੱਚ ਜਾਤੀਵਾਦੀ ਅਤੇ ਨਫ਼ਰਤ ਭਰਿਆ ਰਿਹਾ ਹੈ, ਪਰ ਉਨ੍ਹਾਂ ਦੀ ਵੋਟ ਬੈਂਕ ਦੀ ਰਾਜਨੀਤੀ ਵਿਲੱਖਣ ਹੈ। ਲੋਕਾਂ ਨੂੰ ਖ਼ਬਰਦਾਰ ਰਹਿਣਾ ਚਾਹੀਦਾ ਹੈ।" -ਏਜੰਸੀ

ਉਨ੍ਹਾਂ ਕਿਹਾ ਕਿ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਭਾਰਤ ਰਤਨ ਨਾਲ ਸਨਮਾਨਿਤ ਕਰਨ ਤੋਂ ਲੈ ਕੇ ਧਾਰਾ 340 ਤਹਿਤ ਓਬੀਸੀ ਨੂੰ ਰਾਖਵਾਂਕਰਨ ਦੇਣ ਤੱਕ, ਕਾਂਗਰਸ ਅਤੇ ਭਾਜਪਾ ਦਾ ਰਵੱਈਆ ਕਈ ਮਾਮਲਿਆਂ ਵਿੱਚ ਜਾਤੀਵਾਦੀ ਅਤੇ ਨਫ਼ਰਤ ਭਰਿਆ ਰਿਹਾ ਹੈ, ਪਰ ਉਨ੍ਹਾਂ ਦੀ ਵੋਟ ਬੈਂਕ ਦੀ ਰਾਜਨੀਤੀ ਵਿਲੱਖਣ ਹੈ। ਲੋਕ ਸਾਵਧਾਨ ਰਹੋ।

# ਨਸ਼ਿਆਂ ਸਬੰਧੀ ਰੱਖੇ ਗਏ ਇੱਕ ਸਮਾਗਮ ਚ ਆਏ ਹਰਪਾਲ ਚੀਮਾ ਨੂੰ ਸਵਾਲ ਕਰਨ ਆਏ ਕਿਸਾਨ ਹਿਰਾਸਤ ਵਿੱਚ ਲਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਸਵਾਲ ਕਰਨ ਜਾਂਦੇ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਕਾਰਕੁਨ 40 ਤੇ ਵੱਧ ਕਿਸਾਨਾਂ ਨੂੰ ਅੱਜ ਮਾਨਸਾ ਪੁਲੀਸ ਵੱਲੋਂ ਹਿਰਾਸਤ ਵਿਚ ਲੈ ਕੇ ਥਾਣਾ ਕੋਟ ਧਰਮੂ ਵਿਖੇ ਬੰਦ ਕਰ ਦਿੱਤਾ ਗਿਆ ਹੈ। ਇਨ੍ਹਾਂ ਕਿਸਾਨਾਂ ਦੀ ਅਗਵਾਈ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀਬਾਘਾ ਕਰ ਰਹੇ ਸਨ।

ਕਿਸਾਨ ਕਾਰਕੁਨਾਂ ਦਾ ਕਹਿਣਾ ਹੈ ਕਿ ਉਹ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਸਵਾਲ ਕਰਨਾ ਚਾਹੁੰਦੇ ਸਨ, ਜੋ ਮਾਨਸਾ ਪ੍ਰਸ਼ਾਸਨ ਨੂੰ ਮਨਜ਼ੂਰ ਨਹੀਂ ਹੋਇਆ ਅਤੇ ਉਨ੍ਹਾਂ ਵੱਲੋਂ ਕਿਸਾਨਾਂ ਨੂੰ ਥਾਣੇ ਡੱਕਿਆ ਗਿਆ ਹੈ। ਕਿਸਾਨ ਆਗੂ ਰਾਮ ਸਿੰਘ ਭੈਣੀਬਾਘਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨਾਲ ਕੀਤੇ ਵਾਅਦੇ ਚੇਤੇ ਕਰਾਉਣਾ ਹਰ ਇੱਕ ਦਾ ਫਰਜ਼ ਹੈ।

ਉਨ੍ਹਾਂ ਦੋਸ਼ ਲਾਇਆ ਕਿ ਪੁਲੀਸ ਹੁਣ ਧੱਕੇਸ਼ਾਹੀ ਉਪਰ ਉਤਰ ਆਈ ਹੈ ਅਤੇ ਇਸ ਦਾ ਜਥੇਬੰਦੀ ਵੱਲੋਂ ਸਮਾਂ ਆਉਣ 'ਤੇ ਜਵਾਬ ਦਿੱਤਾ ਜਾਵੇਗਾ।

ਗ਼ੌਰਤਲਬ ਹੈ ਕਿ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅੱਜ ਇਥੇ ਡੀਰੀ ਫੋਰਟ ਮੈਰਿਜ ਪੈਲੇਸ ਵਿਚ ਨਸ਼ਿਆਂ ਸਬੰਧੀ ਰੱਖੇ ਗਏ ਇੱਕ ਸਮਾਗਮ ਹਿੱਸਾ ਲੈਣ ਲਈ ਆ ਰਹੇ ਸਨ।

# ਪੰਜਾਬ ਸਰਕਾਰ ਨੇ ਕੀਤੇ 10 ਆਈਪੀਐਸ ਅਧਿਕਾਰੀਆਂ ਦੇ ਤਬਾਦਲੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਸਰਕਾਰ ਵੱਲੋਂ 10 ਆਈਪੀਐਸ ਅਧਿਕਾਰੀਆਂ ਦੇ ਤਬਾਦਲੇ ਕਰ ਦਿੱਤੇ ਗਏ ਹਨ। ਬਦਲੇ ਗਏ ਅਫਸਰਾਂ ਵਿੱਚ ਪਟਿਆਲਾ ਦੇ ਐਸਐਸਪੀ ਡਾ. ਨਾਨਕ ਸਿੰਘ ਵੀ ਹਨ, ਜਿਨ੍ਹਾਂ ਨੂੰ ਹੁਣ ਵੱਡਾ ਅਹੁਦਾ ਦਿੱਤਾ ਗਿਆ ਹੈ।

ਉਨ੍ਹਾਂ ਨੂੰ ਪਟਿਆਲਾ ਰੇਂਜ ਦੇ ਡੀਆਈਜੀ ਦਾ ਕੰਮ ਦੇਖਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਦੀ ਥਾਂ ਵਰੁਣ ਸ਼ਰਮਾ ਨੂੰ ਪਟਿਆਲਾ ਦਾ ਐਸਐਸਪੀ ਲਾਇਆ ਗਿਆ ਹੈ।

ਇਸੇ ਤਰ੍ਹਾਂ ਆਈਪੀਐਸ ਅਧਿਕਾਰੀ ਵਰਿੰਦਰ ਕੁਮਾਰ ਨੂੰ ਪੰਜਾਬ ਮਨੁੱਖੀ ਹੱਕ ਕਮਿਸ਼ਨ ਵਿਚ ਵਿਸ਼ੇਸ਼ ਡੀਜੀਪੀ ਲਾਇਆ ਗਿਆ ਹੈ। ਏਡੀਜੀਪੀ ਐਨਆਰਆਈ ਪ੍ਰਵੀਨ ਕੁਮਾਰ ਸਿਨਹਾ ਨੂੰ ਏਡੀਜੀਪੀ ਇੰਟੈਲੀਜੈਂਸ ਲਾਉਂਦਿਆਂ ਨਾਲ ਹੀ ਚੀਫ ਡਾਇਰੈਕਟਰ ਵਿਜੀਲੈਂਸ ਬਿਊਰੋ ਪੰਜਾਬ ਦਾ ਵਾਧੂ ਚਾਰਜ ਸੌਂਪਿਆ ਗਿਆ ਹੈ।

ਕੁਲਦੀਪ ਸਿੰਘ ਚਾਹਲ ਨੂੰ ਡੀਆਈਜੀ ਤਕਨੀਕੀ ਸੇਵਾਵਾਂ, ਹਰਜੀਤ ਸਿੰਘ ਨੂੰ ਡੀਆਈਜੀ ਟਰੇਨਿੰਗ ਲਾਉਂਦਿਆਂ ਡੀਆਈਜੀ ਬਠਿੰਡਾ ਰੇਂਜ ਦਾ ਵਾਧੂ ਚਾਰਜ ਦਿੱਤਾ ਗਿਆ ਹੈ।

ਤੁਸ਼ਾਰ ਗੁਪਤਾ ਨੂੰ ਏਆਈਜੀ ਪ੍ਰੋਵਿਜ਼ਨਿੰਗ, ਮਨਿੰਦਰ ਸਿੰਘ ਨੂੰ ਏਆਈਜੀ ਭਲਾਈ ਪੰਜਾਬ ਲਾਉਂਦਿਆਂ



ਐਸਐਸਪੀ ਅੰਮ੍ਰਿਤਸਰ ਰੂਰਲ ਦਾ ਵਾਧੂ ਚਾਰਜ ਦਿੱਤਾ ਗਿਆ ਹੈ। ਇਸੇ ਤਰ੍ਹਾਂ ਹਰਕਮਲਪ੍ਰੀਤ ਸਿੰਘ ਖੱਖ ਨੂੰ ਏਅਜੀਜੀ ਐਨਆਰਆਈ ਜਲੰਧਰ ਲਾਇਆ ਗਿਆ ਹੈ।

# ਮੰਗ ਦੀ ਪੂਰਤੀ ਕਰਨ ਤੋਂ ਅਸਮਰਥ ਕਾਰੋਬਾਰੀ ਦੀ ਗੋਲੀਆਂ ਮਾਰ ਕੇ ਹੱਤਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੱਟੀ ਇਲਾਕੇ ਦੇ ਪਿੰਡ ਦੁੱਬਲੀ ਦੇ ਇਕ ਕਾਰੋਬਾਰੀ ਦੀ ਅੱਜ ਸਵੇਰ ਵੇਲੇ ਗੈਂਗਸਟਰਾਂ ਨੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਕਾਰੋਬਾਰੀ ਦੀ ਸ਼ਨਾਖ਼ਤ ਜਸਵੰਤ ਸਿੰਘ ਬਿੱਟੂ (45) ਵਜੋਂ ਹੋਈ ਹੈ। ਉਸ ਤੋਂ ਗੈਂਗਸਟਰ ਬੀਤੇ ਸਮੇਂ ਤੋਂ 50 ਲੱਖ ਰੁਪਏ ਫ਼ਿਰੌਤੀ ਦੀ ਮੰਗ ਕਰਦੇ ਆ ਰਹੇ ਸਨ।

ਜਾਣਕਾਰੀ ਮੁਤਾਬਕ ਉਸ ਦਾ ਕਾਰੋਬਾਰ ਗੈਗਸਟਰਾਂ ਦੀ ਮੰਗ ਦੀ ਪੂਰਤੀ ਕਰਨ ਤੋਂ ਅਸਮਰਥ ਸੀ। ਆੜ੍ਹਤੀ ਜਸਵੰਤ ਸਿੰਘ ਆਪਣੇ ਜੱਦੀ ਪਿੰਡ ਦੁੱਬਲੀ ਤੋਂ ਇਲਾਵਾ ਕੋਟ ਬੁੱਢਾ ਵਿਖੇ ਆੜ੍ਹਤ ਦਾ ਕਰੋਬਾਰ ਕਰਦਾ ਸੀ। ਉਹ ਅੱਜ ਤੜਕਸਾਰ ਆਪਣੀ ਆੜ੍ਹਤ ਦੀ ਦੁਕਾਨ ’ਤੇ ਕੰਮ ਕਰ ਰਿਹਾ ਸੀ।ਮੌਕੇ ’ਤੇ ਇਕ ਮੋਟਰ ਸਾਈਕਲ ਉਤੇ ਸਵਾਰ ਹੋ ਕੇ ਦੋ ਹਥਿਆਰਬੰਦ ਹਮਲਾਵਰ ਆਏ।

ਇਕ ਹਮਲਾਵਰ ਉਸ ਦੀ ਦੁਕਾਨ ਦੇ ਅੰਦਰ ਚਲਾ ਗਿਆ ਅਤੇ ਉਸ ਤੇ ਗੋਲੀਆਂ ਚਲਾ ਦਿੱਤੀਆਂ। ਵਾਰਦਾਤ ਉਪਰੰਤ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ| ਪਰਿਵਾਰ ਉਸ ਨੂੰ ਨੇੜੇ ਦੇ ਹਸਪਤਾਲ ਲੈ ਕੇ ਗਿਆ ਜਿਥੇ ਡਾਕਟਰਾਂ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਥਾਣਾ ਸਦਰ ਪੱਟੀ ਦੇ ਐਸਐਚਓ ਇੰਸਪੈਕਟਰ ਗੁਰਚਰਨ ਸਿੰਘ ਨੇ ਘਟਨਾ ਸਥਾਨ ਦਾ ਦੌਰਾ ਕੀਤਾ ਅਤੇ ਕਿਹਾ ਕਿ ਇਸ ਸਬੰਧੀ



ਪਰਿਵਾਰ ਵਲੋਂ ਦਰਜ ਕਰਵਾਏ ਬਿਆਨਾਂ ਦੇ ਅਧਾਰ ’ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਛੇਤੀ ਹੀ ਕਾਬੂ ਕਰ ਲਿਆ ਜਾਵੇਗਾ।

# ਅਮਰੀਕੀ ਵਪਾਰਕ ਭਾਈਵਾਲ ਦੇਸ਼ਾਂ ‘ਤੇ ਰਾਸ਼ਟਰਪਤੀ ਟਰੰਪ ਹੁਣ ਗਲੋਬਲ ਟੈਰਿਫ ਲਗਾਉਣ ਜਾ ਰਹੇ ਹਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਵਾਸ਼ਿੰਗਟਨ, 2 ਮਈ (ਪੰਜਾਬ ਮੇਲ)- ਅਮਰੀਕਾ ਵਿਚ ਰਿਪਬਲਿਕਨ ਸੰਸਦ ਮੈਂਬਰਾਂ ਨੇ ਬੁੱਧਵਾਰ ਨੂੰ ਡੈਮੋਕ੍ਰੇਟਿਕ ਸੰਸਦ ਮੈਂਬਰਾਂ ਵੱਲੋਂ ਲਿਆਂਦੇ ਗਏ ਪ੍ਰਸਤਾਵ ਦੇ ਵਿਰੁੱਧ ਵੋਟ ਦਿੱਤੀ, ਜਿਸ ਦਾ ਉਦੇਸ਼ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਕਈ ਦੇਸ਼ਾਂ ‘ਤੇ ਲਗਾਏ ਗਏ ਟੈਰਿਫ ਨੂੰ ਰੋਕਣਾ ਹੈ। ਟਰੰਪ ਨੇ 2 ਅਪ੍ਰੈਲ ਨੂੰ ਲਗਭਗ ਸਾਰੇ ਅਮਰੀਕੀ ਵਪਾਰਕ ਭਾਈਵਾਲ ਦੇਸ਼ਾਂ ‘ਤੇ ਟੈਰਿਫ ਲਗਾਉਣ ਦਾ ਐਲਾਨ ਕੀਤਾ ਸੀ ਪਰ ਆਰਥਿਕ ਉਥਲ-ਪੁਥਲ ਵਿਚਕਾਰ ਇਸ ਨੂੰ ਲਾਗੂ ਕਰਨ ‘ਤੇ 90



ਦਿਨਾਂ ਦੀ ਰੋਕ ਲਗਾ ਦਿੱਤੀ ਸੀ। ਪ੍ਰਸਤਾਵ ਰੱਦ ਹੋਣ ਦਾ ਮਤਲਬ ਹੈ ਕਿ ਰਾਸ਼ਟਰਪਤੀ ਟਰੰਪ ਹੁਣ ਗਲੋਬਲ ਟੈਰਿਫ ਲਗਾਉਣ ਜਾ ਰਹੇ ਹਨ।

ਅਮਰੀਕੀ ਖਪਤਕਾਰਾਂ ਅਤੇ ਕਾਰੋਬਾਰਾਂ ਦੋਵਾਂ ਲਈ ਅਨਿਸ਼ਚਿਤਤਾ ਵਿਚਕਾਰ ਵਣਜ ਵਿਭਾਗ ਨੇ ਬੁੱਧਵਾਰ ਨੂੰ ਕਿਹਾ ਕਿ ਜਨਵਰੀ ਤੋਂ ਮਾਰਚ ਤੱਕ ਅਮਰੀਕੀ ਅਰਥਵਿਵਸਥਾ ਵਿਚ 0.3 ਪ੍ਰਤੀਸ਼ਤ ਦੀ ਗਿਰਾਵਟ ਆਈ, ਜੋ ਕਿ ਤਿੰਨ ਸਾਲਾਂ ਵਿਚ ਪਹਿਲੀ ਗਿਰਾਵਟ ਹੈ। ਅਮਰੀਕੀ ਸੈਨੇਟ ਨੇ ਕੁਝ ਹਫ਼ਤੇ ਪਹਿਲਾਂ ਇਕ ਮਤਾ ਪਾਸ ਕੀਤਾ ਸੀ, ਜੋ ਟਰੰਪ ਦੀ ਕੈਨੇਡਾ ‘ਤੇ ਟੈਰਿਫ ਲਗਾਉਣ ਦੀ ਯੋਗਤਾ ਨੂੰ ਪ੍ਰਭਾਵਿਤ ਕਰ ਸਕਦਾ ਸੀ। ਇਹ ਮਤਾ 51-48 ਵੋਟਾਂ ਨਾਲ ਪਾਸ ਹੋਇਆ, ਜਿਸ ਵਿਚ ਚਾਰ ਰਿਪਬਲਿਕਨ ਸੰਸਦ ਮੈਂਬਰ-ਸੂਜ਼ਨ ਕੋਲਿਨਜ਼, ਲੀਜ਼ਾ ਮੁਰਕੋਵਸਕੀ, ਮਿਚ ਮੈਕਕੋਨੇਲ ਅਤੇ ਰੈਂਡ ਪਾਲ ਨੇ ਇਸ ਦੇ ਵਿਰੁੱਧ ਵੋਟ ਦਿੱਤੀ। ਪਰ ਬੁੱਧਵਾਰ ਨੂੰ ਮੈਕਕੋਨੇਲ ਅਤੇ ਡੈਮੋਕ੍ਰੇਟਿਕ ਸੰਸਦ ਮੈਂਬਰ ਸ਼ੈਲਡਨ ਵ੍ਹਾਈਟ ਹਾਊਸ ਸਦਨ ਵਿਚ ਮੌਜੂਦ ਨਹੀਂ ਸਨ ਅਤੇ ਡੈਮੋਕ੍ਰੇਟਿਕ ਸੰਸਦ ਮੈਂਬਰ ਇਸ ਨੂੰ ਪਾਸ ਨਹੀਂ ਕਰਵਾ ਸਕੇ। ਰਿਪਬਲਿਕਨ ਸੈਨੇਟਰ ਮੈਕਕੋਨੇਲ ਫੀਸ ਪ੍ਰਣਾਲੀ ਦੇ ਇਕ ਖੁੱਲ੍ਹੇ ਆਲੋਚਕ ਰਹੇ ਹਨ, ਹਾਲਾਂਕਿ ਉਨ੍ਹਾਂ ਨੇ ਇਹ ਨਹੀਂ ਦੱਸਿਆ ਕਿ ਉਹ ਕਿਸ ਨੂੰ ਵੋਟ ਪਾਉਣਗੇ। ਡੈਮੋਕ੍ਰੇਟਿਕ ਕਾਨੂੰਨਸਾਜ਼ਾਂ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਕਾਂਗਰਸ ਦੀਆਂ ਸ਼ਕਤੀਆਂ ਨੂੰ ਬਹਾਲ ਕਰਨ ਦੀ ਕੋਸ਼ਿਸ਼ ਕਰਨਾ ਹੈ।

# ਮੁੱਖ ਮੰਤਰੀ ਨਾਇਬ ਸੈਣੀ ਨੇ ਭਗਵੰਤ ਮਾਨ ਇੱਕ ਮੰਚ ਤੇ ਨਜ਼ਰਾਂ ਤੋਂ ਮਿਲੀਆਂ ਪਰ ਕੋਈ ਗਲ ਨਹੀਂ ਕੀਤੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਅਤੇ ਹਰਿਆਣਾ ਵਿਚਕਾਰ ਪਾਣੀ ਦੇ ਮਸਲੇ ਉੱਤੇ ਚੱਲ ਰਹੇ ਵਿਵਾਦ ਦੇ ਦਰਮਿਆਨ ਸ਼ਨਿਚਰਵਾਰ ਨੂੰ ਦੋਹਾਂ ਸੂਬਿਆਂ ਦੇ ਮੁੱਖ ਮੰਤਰੀ ਚੰਡੀਗੜ੍ਹ ਵਿਚ ਇੱਕੋ ਮੰਚ ’ਤੇ ਨਜ਼ਰ ਆਏ। ਚੰਡੀਗੜ੍ਹ ਵਿਚ ਨਸ਼ਿਆਂ ਦੇ ਖ਼ਿਲਾਫ਼ ਕੱਢੀ ਗਈ ਪੈਦਲ ਯਾਤਰਾ ਦੌਰਾਨ ਦੋਹਾਂ ਮੁੱਖ ਮੰਤਰੀਆਂ ਦੇ ਨਾਲ ਨਾਲ ਦੋਹਾਂ ਸੂਬਿਆਂ ਦੇ ਰਾਜਪਾਲ ਵੀ ਮੌਜੂਦ ਸਨ। ਸਟੇਜ ’ਤੇ ਭਗਵੰਤ ਮਾਨ ਅਤੇ ਨਾਇਬ ਸਿੰਘ ਸੈਣੀ ਦੀਆਂ ਅੱਖਾਂ ਤਾਂ ਮਿਲੀਆਂ ਪਰ ਦੋਹਾਂ ਨੇ ਇਕ-ਦੂਜੇ ਨਾਲ ਕੋਈ ਗੱਲ ਨਹੀਂ ਕੀਤੀ।

ਪੈਦਲ ਯਾਤਰਾ ਦੀ ਸ਼ੁਰੂਆਤ ਤੋਂ ਬਾਅਦ ਮੀਡੀਆ ਨਾਲ ਗੱਲ ਕਰਦੇ ਹੋਏ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਾਣੀ ਦੇ ਮਸਲੇ ਉੱਤੇ ਕਿਹਾ ਕਿ ਇਸ ਮਾਮਲੇ ਵਿਚ ਰਾਜਨੀਤੀ ਨਹੀਂ ਹੋਣੀ ਚਾਹੀਦੀ ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਣੀ ਉੱਤੇ ਰਾਜਨੀਤੀ ਕਰ ਰਹੇ ਹਨ।

ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਇਕ ਸਮਾਗਮ ਦੌਰਾਨ ਮੁੱਖ ਮੰਤਰੀ ਨਾਇਬ ਸੈਣੀ ਨੇ ਭਗਵੰਤ ਮਾਨ ਨੂੰ ਰਿਸ਼ਤੇਦਾਰ ਦੱਸਿਆ ਸੀ। ਦਰਅਸਲ ਭਗਵੰਤ ਮਾਨ ਦੀ ਪਤਨੀ ਪਿਹੋਵਾ (ਕੁਰੂਕਸ਼ੇਤਰ) ਦੀ ਰਹਿਣ ਵਾਲੀ ਹੈ। ਇਸ ਦਾ ਜਵਾਬ ਦਿੰਦਿਆਂ ਮਾਨ ਕਹਿ ਚੁੱਕੇ ਹਨ ਕਿ “ਹਰਿਆਣਾ ਵਾਲੇ ਤਾਂ ਧੀ ਦੇ



ਘਰ ਦਾ ਪਾਣੀ ਵੀ ਨਹੀਂ ਪੀਦੇ ਅਤੇ ਮੁੱਖ ਮੰਤਰੀ ਨਾਇਬ ਸੈਣੀ ਤਾਂ ਨਹਿਰ ਮੰਗ ਰਹੇ ਹਨ।”

### ਸੂਬੇ ਦੇ ਲੋਕਾਂ ਦੇ ਲੋਕਾਂ ਲਈ ਮੰਗ ਰਹੇ ਹਾਂ ਪਾਣੀ

ਸ਼ਨਿਚਰਵਾਰ ਨੂੰ ਮੀਡੀਆ ਨੇ ਜਦੋਂ ਮਾਨ ਵੱਲੋਂ ਕਹੀ ਗਈ ਗੱਲ ਸਬੰਧੀ ਮੁੱਖ ਮੰਤਰੀ ਸੈਣੀ ਨੂੰ ਸਵਾਲ ਕੀਤਾ ਤਾਂ ਉਨ੍ਹਾਂ ਨੇ ਫਿਰ ਦੁਹਰਾਇਆ ਕਿ ਮਾਨ ਸਾਡੇ ਰਿਸ਼ਤੇਦਾਰ ਹਨ, ਪਰ ਇਹ ਨਹਿਰ ਅਸੀਂ ਸਮਾਜ ਲਈ ਮੰਗ ਰਹੇ ਹਾਂ। ਉਨ੍ਹਾਂ ਕਿਹਾ, ‘‘ਪਾਣੀ ਦੀ ਲੋੜ ਸੂਬੇ ਦੇ 2 ਕਰੋੜ 80 ਲੱਖ ਲੋਕਾਂ ਨੂੰ ਹੈ ਅਤੇ ਇਹ ਮੰਗ ਉਨ੍ਹਾਂ ਲਈ ਕੀਤੀ ਜਾ ਰਹੀ ਹੈ। ਮਾਨ ਸਾਹਿਬ ਇਸ ਉੱਤੇ ਵੀ ਰਾਜਨੀਤੀ ਕਰ ਰਹੇ ਹਨ।’’

ਨਾਇਬ ਸੈਣੀ ਨੇ ਕਿਹਾ, ‘‘ਰਿਸ਼ੀ-ਮੁਨੀਆਂ ਦੀ ਪਰੰਪਰਾ ਰਹੀ ਹੈ ਕਿ ਜੋ ਵੀ ਸਾਡੇ ਘਰ ਆਵੇ, ਉਸ ਨੂੰ ਸਭ ਤੋਂ ਪਹਿਲਾਂ ਪਾਣੀ ਦਾ ਗਿਲਾਸ ਦਿੱਤਾ ਜਾਂਦਾ ਹੈ। ਇਸ ’ਤੇ ਰਾਜਨੀਤੀ ਹੋਏਗੀ, ਇਹ ਮੈਂ ਕਦੇ ਵੀ ਨਹੀਂ ਸੋਚਿਆ ਸੀ।’’

### ਭਗਵੰਤ ਮਾਨ ਵੱਲੋਂ ਸਮਾਗਮ ਦੌਰਾਨ ਪਾਣੀਆਂ ਦੇ ਮੁੱਦੇ ’ਤੇ ਟਿੱਪਣੀ ਤੋਂ ਨਾਂਹ

ਹੈਰਾਨੀ ਦੀ ਗੱਲ ਹੈ ਕਿ ਪਾਣੀਆਂ ਦੇ ਮੁੱਦੇ ਉਤੇ ਪੰਜਾਬ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਿਆਸਤ ਨਾ ਕਰਨ ਦੀਆਂ ਸਲਾਹਾਂ ਦੇਣ ਵਾਲੇ ਹਰਿਆਣਾ ਦੇ ਮੁੱਖ ਮੰਤਰੀ ਸੈਣੀ ਜਿਥੇ ਖ਼ੁਦ ਇਸ ਨਸ਼ਾ ਵਿਰੋਧੀ ਸਮਾਗਮ ਦੌਰਾਨ ਵੀ ਸਿਆਸੀ ਬਿਆਨਬਾਜ਼ੀ ਕਰਦੇ ਦਿਖਾਈ ਦਿੱਤੇ, ਉਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਣੀਆਂ ਦੇ ਮੁੱਦੇ ਉਤੇ ਕੋਈ ਵੀ ਟਿੱਪਣੀ ਕਰਨ ਤੋਂ ਨਾਂਹ ਕਰ ਦਿੱਤੀ।

ਉਨ੍ਹਾਂ ਕਿਹਾ ਕਿ ਇਹ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ‘ਵਡੱਪਣ’ ਹੈ ਕਿ ਉਨ੍ਹਾਂ ਚੰਡੀਗੜ੍ਹ ਵਿਚ ਇਹ ਨਸ਼ਾ ਵਿਰੋਧੀ ਸਮਾਗਮ ਕਰਵਾਇਆ, ਕਿਉਂਕਿ ਉਹ ਚੰਡੀਗੜ੍ਹ ਦੇ ਪ੍ਰਸ਼ਾਸਕ ਵੀ ਹਨ ਅਤੇ ਉਨ੍ਹਾਂ ਨੂੰ ਇਸ ਸਮਾਗਮ ਵਿਚ ਸੱਦਿਆ।

ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਛੇਤੀ ਹੀ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਨਸ਼ਾ ਮੁਕਤ ਹੋ ਜਾਣਗੇ। ਉਨ੍ਹਾਂ ਕਿਹਾ, ‘‘ਪੰਜਾਬ ਤੇ ਹਰਿਆਣਾ ਦੀ ਧਰਤੀ ਗੁਰੂਆਂ ਤੇ ਪੀਰਾਂ ਦੀ ਧਰਤੀ ਹੈ ਅਤੇ ਸਾਨੂੰ ਸਿੱਖਣ ਤੇ ਪ੍ਰੇਰਨਾ ਲੈਣ ਲਈ ਕਿਤੇ ਹੋਰ ਜਾਣ ਦੀ ਲੋੜ ਨਹੀਂ ਹੈ।’’

ਉਨ੍ਹਾਂ ਕਿਹਾ ਕਿ ਇਹ ਨਸ਼ਾ ਵਿਰੋਧੀ ਸਮਾਗਮ ਕਿਸੇ ਵਿਅਕਤੀ ਵਿਸ਼ੇਸ਼ ਦਾ ਨਹੀਂ ਹੈ, ਸਗੋਂ ਇਸ ਨੂੰ ‘ਜਨ-ਜਨ ਦਾ ਅੰਦੋਲਨ’ ਬਣਾਉਣ ਦੀ ਲੋੜ ਹੈ। ਰਾਜਪਾਲ ਕਟਾਰੀਆ ਨੇ ਵੀ ਅਜਿਹੇ ਹੀ ਵਿਚਾਰ ਪ੍ਰਗਟਾਏ। ਇਸ ਦੌਰਾਨ ਜਦੋਂ ਪੱਤਰਕਾਰਾਂ ਨੇ ਉਨ੍ਹਾਂ ਨੂੰ ਪਾਣੀਆਂ ਦੇ ਮੁੱਦੇ ਉਤੇ ਸਵਾਲ ਕਰਨਾ ਚਾਹਿਆ ਤਾਂ ਸ੍ਰੀ ਮਾਨ ‘ਉਹ ਬਾਅਦ ਵਿਚ’ ਆਖ ਕੇ ਇਸ ਮਾਮਲੇ ਉਤੇ ਕੋਈ ਵੀ ਟਿੱਪਣੀ ਕਰਨ ਤੋਂ ਨਾਂਹ ਕਰ ਦਿੱਤੀ।

### ਹਰਿਆਣਾ ਦੇ ਮੁੱਖ ਮੰਤਰੀ ਨੇ ਸਰਬ-ਪਾਰਟੀ ਮੀਟਿੰਗ ਸੱਦੀ

ਪੰਜਾਬ ਤੋਂ ਬਾਅਦ ਹੁਣ ਮੁੱਖ ਮੰਤਰੀ ਨਾਇਬ ਸੈਣੀ ਨੇ ਵੀ ਅੱਜ ਦੁਪਹਿਰ 2 ਵਜੇ ਹਰਿਆਣਾ ਨਿਵਾਸ ਵਿਖੇ ਸਰਬ-ਪਾਰਟੀ ਮੀਟਿੰਗ ਸੱਦੀ ਹੈ। ਇਸ ਬੈਠਕ ਵਿਚ ਭਾਜਪਾ ਤੋਂ ਇਲਾਵਾ ਕਾਂਗਰਸ, ਇਨੈਲੋ, ਜਜਪਾ, ਬਸਪਾ, ਆਮ ਆਦਮੀ ਪਾਰਟੀ ਸਮੇਤ ਕਈ ਰਾਜਨੀਤਕ ਪਾਰਟੀਆਂ ਦੇ ਆਗੂ ਹਿੱਸਾ ਲੈਣਗੇ। ਇਸ ਬੈਠਕ ਵਿੱਚ ਪੰਜਾਬ ਨਾਲ ਚੱਲ ਰਹੇ ਪਾਣੀ ਦੇ ਵਿਵਾਦ ਉੱਤੇ ਚਰਚਾ ਹੋਵੇਗੀ ਅਤੇ ਸਾਰੀਆਂ ਪਾਰਟੀਆਂ ਦੀ ਰਾਇ ਲਈ ਜਾਵੇਗੀ।

ਉਧਰ ਸੋਮਵਾਰ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੱਦਿਆ ਗਿਆ ਹੈ। ਹਰਿਆਣਾ ਦੇ ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਲੋੜ ਪੈਣ ’ਤੇ ਸੈਸ਼ਨ ਵੀ ਸੱਦਿਆ ਜਾਵੇਗਾ।

# ਪੰਜਾਬ ਦੀ ਮਾਨ ਸਰਕਾਰ ਨੇ ਜੀਐਸਟੀ ਪ੍ਰਾਪਤੀ ਵਿੱਚ ਕੀਤਾ ਰਿਕਾਰਡ ਕਾਇਮ

## ਅਪ੍ਰੈਲ ਵਿੱਚ 2654 ਕਰੋੜ ਰੁਪਏ ਦੀ ਇਤਿਹਾਸਕ ਪ੍ਰਾਪਤੀ: ਹਰਪਾਲ ਸਿੰਘ ਚੀਮਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਰਾਜ ਦੀ ਵਿੱਤੀ ਸਿਹਤ ਵਿੱਚ ਲਗਾਤਾਰ ਉੱਪਰ ਵੱਲ ਵਧਦੇ ਰੁਝਾਨ ‘ਤੇ ਰੋਸ਼ਨੀ ਪਾਉਂਦਿਆਂ, ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਐਲਾਨ ਕੀਤਾ ਕਿ ਸੂਬੇ ਨੇ ਇਸ ਸਾਲ ਅਪ੍ਰੈਲ ਵਿੱਚ 2653.77 ਕਰੋੜ ਰੁਪਏ ਦੀ ਵਸਤੂਆਂ ਅਤੇ ਸੇਵਾਵਾਂ ਕਰ (ਜੀਐਸਟੀ) ਪ੍ਰਾਪਤੀ ਨਾਲ ਕਿਸੇ ਮਹੀਨੇ ਵਿੱਚ ਹੁਣ ਤੱਕ ਦਾ ਸੱਭ ਤੋਂ ਵੱਧ ਜੀ.ਐਸ.ਟੀ ਮਾਲੀਆ ਇਕੱਤਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ। ਉਨ੍ਹਾਂ ਕਿਹਾ ਕਿ ਅਪ੍ਰੈਲ 2025 ਦੇ ਜੀ.ਐਸ.ਟੀ ਮਾਲੀਏ ਵਿੱਚ ਅਪ੍ਰੈਲ 2024 ਦੇ ਮੁਕਾਬਲੇ 19.77 ਫੀਸਦੀ ਅਤੇ ਅਤੇ ਮਾਰਚ 2025 ਦੇ ਮੁਕਾਬਲੇ 30.84 ਫੀਸਦੀ ਦਾ ਵਾਧਾ ਦਰਜ਼ ਕੀਤਾ ਗਿਆ ਹੈ।

ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਖੁਲਾਸਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਮਹੱਤਵਪੂਰਨ ਵਾਧਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਆਰਥਿਕ ਨੀਤੀਆਂ ਦੀ ਪ੍ਰਭਾਵਸ਼ੀਲਤਾ ਅਤੇ ਕਰਦਾਤਾਵਾਂ ਵਿੱਚ ਵੱਧ ਰਹੀ ਕਰਪਾਲਣਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਅਪ੍ਰੈਲ 2025 ਲਈ ਕੁੱਲ ਜੀਐਸਟੀ ਮਾਲੀਆ ਪ੍ਰਾਪਤੀ ਵਿੱਚ ਅਪ੍ਰੈਲ 2024 ਵਿੱਚ ਦਰਜ ਕੀਤੇ ਗਏ 2215.70 ਕਰੋੜ ਰੁਪਏ ਦੀ ਕੁੱਲ ਪ੍ਰਾਪਤੀ ਦੇ ਮੁਕਾਬਲੇ 438.07 ਕਰੋੜ ਰੁਪਏ ਦਾ ਵਾਧਾ ਹੋਇਆ, ਜਦੋਂਕਿ ਮਾਰਚ 2025 ਵਿੱਚ ਪ੍ਰਾਪਤ ਹੋਏ 2028.14 ਕਰੋੜ ਰੁਪਏ ਦੇ ਕੁੱਲ ਜੀਐਸਟੀ ਮਾਲੀਏ ਨਾਲੋਂ 625.63 ਕਰੋੜ ਰੁਪਏ ਦਾ ਵੱਡਾ ਵਾਧਾ ਦਰਜ਼ ਕੀਤਾ ਗਿਆ।

ਇਸ ਮਹੱਤਵਪੂਰਨ ਪ੍ਰਾਪਤੀ ‘ਤੇ ਆਪਣੀ ਤਸੱਲੀ ਪ੍ਰਗਟ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜੀਐਸਟੀ ਮਾਲੀਏ ਵਿੱਚ ਇਹ ਸ਼ਾਨਦਾਰ ਵਾਧਾ ਕਰ ਪ੍ਰਸ਼ਾਸਨ ਨੂੰ ਸੁਚਾਰੂ ਬਣਾਉਣ, ਪਾਲਣਾ ਵਧਾਉਣ ਅਤੇ ਇੱਕ ਅਨੁਕੂਲ ਵਪਾਰਕ ਮਾਹੌਲ ਨੂੰ ਉਤਸ਼ਾਹਿਤ ਕਰਨ ਲਈ ਸੂਬਾ ਸਰਕਾਰ ਦੀਆਂ ਸਰਗਰਮ



ਕੋਸ਼ਿਸ਼ਾਂ ਦੇ ਸਕਾਰਾਤਮਕ ਪ੍ਰਭਾਵ ਨੂੰ ਦਰਸਾਉਂਦਾ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮਾਲੀਏ ਵਿੱਚ ਇਹ ਮਹੱਤਵਪੂਰਨ ਵਾਧਾ ਸੂਬੇ ਦੇ ਖਜ਼ਾਨੇ ਨੂੰ ਲੋੜੀਂਦਾ ਹੁਲਾਰਾ ਪ੍ਰਦਾਨ ਕਰੇਗਾ, ਜਿਸ ਨਾਲ ਸੂਬਾ ਸਰਕਾਰ ਬੁਨਿਆਦੀ ਢਾਂਚੇ ਦੇ ਵਿਕਾਸ, ਸਿੱਖਿਆ, ਸਿਹਤ ਸੰਭਾਲ ਅਤੇ ਸਮਾਜ ਭਲਾਈ ਪ੍ਰੋਗਰਾਮਾਂ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਹੋਰ ਨਿਵੇਸ਼ ਕਰ ਸਕੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਵਧੀ ਹੋਈ ਵਿੱਤੀ ਸਮਰੱਥਾ ਰਾਜ ਨੂੰ ਆਪਣੇ ਨਾਗਰਿਕਾਂ ਦੀ ਬਿਹਤਰ ਸੇਵਾ ਕਰਨ ਅਤੇ ਇਸਦੀ ਸਮੁੱਚੀ ਤਰੱਕੀ ਨੂੰ ਤੇਜ਼ ਕਰਨ ਲਈ ਸਸ਼ਕਤ ਬਣਾਏਗੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਮੀਲ ਪੱਥਰ ਨੂੰ ਪ੍ਰਾਪਤ ਕਰਨ ਵਿੱਚ ਕਰ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਮਿਹਨਤੀ ਯਤਨਾਂ ਅਤੇ ਕਰਦਾਤਾਵਾਂ ਦੁਆਰਾ ਦਿੱਤੇ ਗਏ ਸਹਿਯੋਗ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ‘ਆਪ’ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਇੱਕ ਪਾਰਦਰਸ਼ੀ ਅਤੇ ਕੁਸ਼ਲ ਕਰ ਪ੍ਰਣਾਲੀ ਯਕੀਨੀ ਬਣਾਈ ਰੱਖਣ ਦੀ ਵਚਨਬੱਧਤਾ ਨੂੰ ਦੁਹਰਾਇਆ ਜਿਸ ਤਹਿਤ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਸਾਰੇ ਭਾਈਵਾਲਾਂ ਦੇ ਯੋਗਦਾਨ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

# ਪਾਕਿਸਤਾਨੀ ਔਰਤ ਨਾਲ ਵਿਆਹ ਕਰਾਉਣ ਵਾਲੇ CRPF ਜਵਾਨ ਨੂੰ ਨੌਕਰੀ ਤੋਂ ਕੱਢਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ ਉਤੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਤੇ ਪਾਕਿਸਤਾਨ ਵਿੱਚ ਤਣਾਅ ਜਾਰੀ ਹੈ। ਪਾਕਿਸਤਾਨੀ ਔਰਤ ਨਾਲ ਵਿਆਹ ਕਰਵਾਉਣ ਵਾਲੇ ਸੀਆਰਪੀਐਫ ਦੇ ਜਵਾਨ ਨੂੰ ਨੌਕਰੀ ਤੋਂ ਕੱਢ ਦਿੱਤਾ ਗਿਆ ਹੈ। ਕੇਂਦਰੀ ਰਜਿਰਵ ਪੁਲਿਸ ਬਲ (ਸੀਆਰਪੀਐਫ) ਨੇ ਆਪਣੇ ਜਵਾਨ ਮੁਨੀਰ ਅਹਿਮਦ ਨੂੰ ਪਾਕਿਸਤਾਨੀ ਔਰਤ ਨਾਲ ਵਿਆਹ ਦੀ ਗੱਲ ਲੁਕਾਉਣ ਦੇ ਦੋਸ਼ ਵਿੱਚ ਨੌਕਰੀ ਤੋਂ ਬਰਖਾਸਤ ਕੀਤਾ ਗਿਆ ਹੈ। ਜਵਾਨ ਦੀ ਆਖਿਰੀ ਤੈਨਾਤੀ ਦੇਸ਼ ਦੇ ਪ੍ਰਮੁੱਖ ਅੰਦਰੂਨੀ ਸੁਰੱਖਿਆ ਬਲ ਸੀਆਰਪੀਐਫ ਵਿੱਚ ਸੀ।

ਮੀਡੀਆ ਵਿੱਚ ਆਈਆਂ ਖਬਰਾਂ ਮੁਤਾਬਕ ਉਸ ਨੂੰ ਉਨ੍ਹਾਂ ਨਿਯਮਾਂ ਦੇ ਤਹਿਤ ਸੇਵਾ ਤੋਂ ਬਰਖਾਸਤ ਕੀਤਾ ਗਿਆ ਹੈ, ਜਿਸ ਦੇ ਤਹਿਤ ਜਾਂਚ ਦੀ ਲੋੜ ਨਹੀਂ ਹੁੰਦੀ। ਸੀਆਰਪੀਐਫ ਦੇ ਬੁਲਾਰੇ ਡਾਇਰੈਕਟਰ (ਡੀਆਈਜੀ) ਨੇ ਕਿਹਾ, ‘ਮੁਨੀਰ ਅਹਿਮਦ ਨੂੰ ਪਾਕਿਸਤਾਨੀ ਨਾਗਰਿਕ ਨਾਲ ਆਪਣੇ ਵਿਆਹ ਨੂੰ ਲੁਕਾਉਣ ਅਤੇ ਜਾਣਬੁੱਝ ਕੇ ਉਸਦੇ



ਵੀਜੇ ਦੀ ਵੈਧਤਾ ਤੋਂ ਪਰੇ ਉਸ ਨੂੰ ਸ਼ਰਣ ਦੇਣ ਕਾਰਨ ਤੁਰੰਤ ਪ੍ਰਭਾਵ ਨਾਲ ਬਰਖਾਸਤ ਕੀਤਾ ਗਿਆ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਇੱਕ ਸਮੇਂ ਪੂਰਾ ਅਫਗਾਨਿਸਤਾਨ ਬੋਧੀ ਸੀ।

23 ਜੂਨ 1956 ਨੂੰ ਬੁੱਧ ਜਯੰਤੀ ਦੇ ਮੌਕੇ 'ਤੇ ਦਿੱਲੀ ਵਿਖੇ ਡਾ. ਬਾਬਾ ਸਾਹਿਬ ਅੰਬੇਡਕਰ ਦੇ ਨਿਵਾਸ ਸਥਾਨ 'ਤੇ 'ਬੋਧੀ ਮਹਾਂਸਭਾ' (ਆਲ ਇੰਡੀਆ ਬੋਧੀ ਐਸੋਸੀਏਸ਼ਨ ਦੀ ਦਿੱਲੀ ਸ਼ਾਖਾ) ਦੁਆਰਾ ਆਯੋਜਿਤ ਕੀਤਾ ਗਿਆ ਸੀ। ਇਸ ਮੀਟਿੰਗ ਵਿੱਚ ਦਿੱਲੀ ਅਤੇ ਆਸ ਪਾਸ ਦੇ ਇਲਾਕਿਆਂ ਦੇ ਚੋਣਵੇਂ ਅਛੂਤ ਅਤੇ ਬੋਧੀ ਮੌਜੂਦ ਸਨ।



ਵਿਸ਼ਾਲ ਜਲੂਸ

ਮੀਟਿੰਗ ਤੋਂ ਪਹਿਲਾਂ, ਦਿੱਲੀ ਵਿੱਚ ਬੁੱਧ ਦੀ ਮੂਰਤੀ ਅਤੇ ਛੋਟੇ ਬੱਚਿਆਂ ਦੁਆਰਾ ਬਣਾਏ ਗਏ ਬੁੱਧ ਦੇ ਜੀਵਨ ਦੇ ਲਾਈਵ ਦ੍ਰਿਸ਼ਾਂ ਦੇ ਨਾਲ ਇੱਕ ਵਿਸ਼ਾਲ ਜਲੂਸ ਕੱਢਿਆ ਗਿਆ।

ਜਲੂਸ ਵਿੱਚ ਹਿੱਸਾ ਲੈਣ ਵਾਲੇ ਅਤੇ ਇਸਨੂੰ ਸਫਲ ਬਣਾਉਣ ਵਿੱਚ ਮਦਦ ਕਰਨ ਵਾਲੇ ਮਜ਼ਦੂਰਾਂ ਅਤੇ ਬਾਲ ਕਲਾਕਾਰਾਂ ਨੂੰ ਡਾ. ਬਾਬਾ ਸਾਹਿਬ ਦੁਆਰਾ ਚਾਂਦੀ ਦੇ ਤਗਮੇ ਅਤੇ ਭਗਵਾਨ ਬੁੱਧ ਦੀਆਂ ਮੂਰਤੀਆਂ ਭੇਟ ਕੀਤੀਆਂ ਗਈਆਂ।

ਇਸ ਸਮਾਗਮ ਵਿੱਚ, ਬਾਬਾ ਸਾਹਿਬ ਅੰਬੇਡਕਰ ਨੇ ਸੰਬੋਧਨ ਕੀਤਾ ਅਤੇ ਕਿਹਾ-

ਭੈਣੋਂ ਅਤੇ ਭਰਾਵੋ

ਬੁੱਧ ਧਰਮ ਇੱਕ ਯਥਾਰਥਵਾਦੀ ਧਰਮ ਹੈ। ਬੁੱਧ ਨੇ ਆਪਣੇ ਧਰਮ ਦੀ ਉਸਾਰੀ ਸਿਰਫ਼ ਕਾਲਪਨਿਕ ਚੀਜ਼ਾਂ 'ਤੇ ਨਹੀਂ ਕੀਤੀ। ਇਸੇ ਲਈ ਬੁੱਧ ਪਰਮਾਤਮਾ, ਆਤਮਾ ਜਾਂ ਅਜਿਹੀਆਂ ਅਜੀਬ ਚੀਜ਼ਾਂ ਵਿੱਚ ਵਿਸ਼ਵਾਸ ਨਹੀਂ ਕਰਦੇ ਸਨ। ਬੁੱਧ ਆਪਣੇ ਧਰਮ ਨੂੰ ਧੰਮ ਕਹਿੰਦੇ ਹਨ। ਧੰਮ ਦਾ ਅਰਥ ਹੈ ਚੰਗਾ ਆਚਰਣ, ਚੰਗੇ ਵਿਚਾਰਾਂ ਅਤੇ ਸ਼ੁੱਧ ਆਚਰਣ । ਬੁੱਧ ਅਜਿਹੀ ਕਿਸੇ ਵੀ ਚੀਜ਼ ਵਿੱਚ ਵਿਸ਼ਵਾਸ ਨਹੀਂ ਕਰਦੇ ਸਨ ਜਿਸਦਾ ਮਨੁੱਖ ਅਨੁਭਵ ਨਹੀਂ ਕਰ ਸਕਦਾ ਜਾਂ ਜਿਸਦੀ ਹੋਂਦ ਸਾਬਤ ਨਹੀਂ ਕੀਤੀ ਜਾ ਸਕਦੀ।

ਹਰ ਧਰਮ ਦੇ ਦੋ ਪਹਿਲੂ ਹੁੰਦੇ ਹਨ। ਇੱਕ ਸਿਧਾਂਤਾਂ 'ਤੇ ਅਧਾਰਤ ਹੈ ਅਤੇ ਦੂਜਾ ਨੀਤੀਆਂ ਅਤੇ ਨਿਯਮਾਂ ਨਾਲ ਸਬੰਧਤ ਹੈ। ਇਹਨਾਂ ਵਿੱਚੋਂ ਕਿਸੇ ਇੱਕ ਨੂੰ ਦੂਜੇ ਨਾਲੋਂ ਵੱਧ ਮਹੱਤਵਪੂਰਨ ਨਹੀਂ ਕਿਹਾ ਜਾ ਸਕਦਾ। ਜੇ ਅਸੀਂ ਬ੍ਰਾਹਮਣ ਧਰਮ ਦੇ ਇਨ੍ਹਾਂ ਦੋ ਪਹਿਲੂਆਂ 'ਤੇ ਨਜ਼ਰ ਮਾਰੀਏ, ਤਾਂ ਸਾਨੂੰ ਅਹਿਸਾਸ ਹੋਵੇਗਾ ਕਿ ਇਹ ਧਰਮ ਦਾ ਵਿਨਾਸ਼ਕਾਰੀ ਹੈ। ਕਿਉਂਕਿ, ਹਿੰਦੂ ਧਰਮ ਦੀ ਵਿਚਾਰਧਾਰਕ ਬਣਤਰ ਮਨੁੱਖਾਂ ਵਿੱਚ ਅਸਮਾਨਤਾ 'ਤੇ ਅਧਾਰਤ ਹੈ। ਬ੍ਰਾਹਮਣ ਭ੍ਰਿਸ਼ਟ ਹੋਵੇ ਜਾਂ ਸਭ ਤੋਂ ਵਧੀਆ, ਉਹ ਸਭ ਤੋਂ ਉੱਤਮ ਹੀ ਬਣਿਆ ਰਹੇਗਾ, ਇਹ ਉਨ੍ਹਾਂ ਦੀ ਸਿੱਖਿਆ ਹੈ। ਕਸ਼ੱਤਰੀ ਬ੍ਰਾਹਮਣਾਂ ਤੋਂ ਛੋਟਾ ਹਨ, ਵੈਸ਼ਯ ਕਸ਼ੱਤਰੀ ਤੋਂ ਛੋਟਾ ਹਨ ਅਤੇ ਸ਼ੂਦਰ ਵੈਸ਼ੀਆਂ ਤੋਂ ਜੂਨੀਅਰ ਹਨ। ਆਖਰੀ ਤਿੰਨ ਅੱਖਰ ਪੜ੍ਹਨ ਦਾ ਕੋਈ ਹੱਕ ਨਹੀਂ। ਕਿਉਂਕਿ ਬ੍ਰਾਹਮਣਾਂ ਨੂੰ ਪੜ੍ਹਾਈ ਕਰਨ ਦਾ ਅਧਿਕਾਰ ਸੀ, ਇਹ ਸਪੱਸ਼ਟ ਹੈ ਕਿ ਬ੍ਰਾਹਮਣਾਂ ਨੂੰ ਸਾਰੇ ਵਰਗਾਂ ਲਈ ਸੋਚਣ ਦਾ ਅਧਿਕਾਰ ਸੀ। ਦੇਸ਼ ਦੀ ਰੱਖਿਆ ਦੀ ਜ਼ਿੰਮੇਵਾਰੀ ਸਿਰਫ਼ ਕਸ਼ੱਤਰੀਆਂ 'ਤੇ ਸੀ। ਇਹ ਕਿੰਨਾ ਆਤਮਘਾਤੀ ਪ੍ਰਬੰਧ ਸੀ! ਇੱਕ ਵਰਗ ਨੂੰ ਤਲਵਾਰ ਦੇ ਕੇ, ਬਾਕੀ ਸਾਰੀਆਂ ਜਮਾਤਾਂ ਨੂੰ ਇਸ 'ਤੇ ਨਿਰਭਰ ਰਹਿਣ ਲਈ ਕਿਹਾ ਗਿਆ। ਨਤੀਜੇ ਵਜੋਂ, ਜਦੋਂ ਵੀ ਕਸ਼ੱਤਰੀ ਹਾਰਦੇ ਸਨ, ਦੁਸ਼ਮਣ ਨੇ ਪੂਰੇ ਦੇਸ਼ 'ਤੇ ਕਬਜ਼ਾ ਕਰ ਲੈਂਦਾ ਸੀ।

ਇਤਿਹਾਸ ਮੇਰੇ ਇਸ ਕਥਨ ਦਾ ਗਵਾਹ ਹੈ। 1939 ਤੋਂ 1945 ਤੱਕ ਦੂਜੇ ਵਿਸ਼ਵ ਯੁੱਧ ਦੌਰਾਨ, ਯੂਰਪ ਵਿੱਚ ਲਗਭਗ 100 ਲੜਾਈਆਂ ਲੜੀਆਂ ਗਈਆਂ। ਉਨ੍ਹਾਂ ਵਿੱਚੋਂ ਕੁਝ ਵਿੱਚ ਯੂਰਪ ਹਾਰ ਗਿਆ ਅਤੇ ਕੁਝ ਵਿੱਚ ਇਹ ਜਿੱਤ ਗਿਆ। ਪਰ ਹਿਟਲਰ ਕਦੇ ਵੀ ਪੂਰੇ ਯੂਰਪ ਉੱਤੇ ਆਪਣਾ ਦਬਦਬਾ ਕਾਇਮ ਨਹੀਂ ਕਰ ਸਕਿਆ। ਅੰਤ ਵਿੱਚ ਹਿਟਲਰ ਹਾਰ ਗਿਆ ਅਤੇ ਯੂਰਪ ਬਚ ਗਿਆ। ਕਿਉਂਕਿ ਭਾਰਤ ਦੇ ਉਲਟ, ਉੱਥੇ ਸੁਰੱਖਿਆ ਦੀ ਜ਼ਿੰਮੇਵਾਰੀ ਕਿਸੇ ਇੱਕ ਸਮੂਹ ਨੂੰ ਨਹੀਂ ਸੌਂਪੀ ਗਈ ਸੀ। ਜਦੋਂ ਵੀ ਮੁਸਲਮਾਨਾਂ ਨੇ ਭਾਰਤ 'ਤੇ ਹਮਲਾ ਕੀਤਾ ਅਤੇ ਰਾਜਪੂਤਾਂ ਦਾ ਕਤਲੇਆਮ ਕੀਤਾ, ਤਾਂ ਇੰਝ ਲੱਗਦਾ ਸੀ ਜਿਵੇਂ ਸਾਰਾ ਦੇਸ਼ ਬੇਵੱਸ ਅਤੇ ਨਿਸ਼ਕਿਰਿਆ ਹੋ ਗਿਆ ਹੋਵੇ।

ਦੇਸ਼ ਵਿੱਚ ਇੱਕ ਅਜਿਹਾ ਵਰਗ ਹੈ ਜੋ ਸਿਰਫ਼ ਮੁਨਾਫ਼ਾ ਕਮਾਉਣਾ ਅਤੇ ਦੌਲਤ ਇਕੱਠੀ ਕਰਨਾ ਚਾਹੁੰਦਾ ਹੈ। ਅਸੀਂ ਉਨ੍ਹਾਂ ਨੂੰ ਬਾਣੀਆ, ਵਾਣੀ ਜਾਂ ਉੱਤਰ ਵਿੱਚ ਲਾਲਾ ਦੇ ਨਾਮ ਨਾਲ ਜਾਣਦੇ ਹਾਂ। ਉਹ ਕਦੇ ਵੀ ਦੇਸ਼ ਦੀ ਭਲਾਈ ਜਾਂ ਕਿਸੇ ਦੀ ਭਲਾਈ ਦੀ ਚਿੰਤਾ ਨਹੀਂ ਕਰਦੇ। ਦੌਲਤ ਇਕੱਠੀ ਕਰਨ ਵਿੱਚ ਉਸ ਜਿੰਨਾ ਲਾਲਚੀ ਕੋਈ ਨਹੀਂ ਹੋਵੇਗਾ। ਜੇਕਰ ਦੇਸ਼ ਜੰਗ ਹਾਰ ਜਾਂਦਾ ਹੈ, ਤਾਂ ਕੋਈ ਫ਼ਰਕ ਨਹੀਂ ਪੈਂਦਾ ਪਰ ਉਹ ਜੰਗੀ ਸਮੱਗਰੀ ਵਿੱਚ ਵੀ ਮੁਨਾਫ਼ਾ ਕਮਾਏਗਾ।

ਬੋਧੀ ਪੀਪਲਜ਼ ਕਮੇਟੀ ਚਾਹੁੰਦੀ ਹੈ ਕਿ ਅਜਿਹੇ ਪ੍ਰੋਗਰਾਮ ਹਰ ਪੂਰਨਮਾਸ਼ੀ ਵਾਲੇ ਦਿਨ ਆਯੋਜਿਤ ਕੀਤੇ ਜਾਣ। ਪੂਰਨਮਾਸ਼ੀ ਦੇ ਸ਼ਾਂਤ ਮਾਹੌਲ ਵਿੱਚ, ਪੂਰਨਮਾਸ਼ੀ ਦੀ ਠੰਢਕ ਵਿੱਚ, ਇੱਕ ਵਿਅਕਤੀ ਨੂੰ ਸ਼ਾਂਤੀ ਅਤੇ ਗੰਭੀਰਤਾ ਨਾਲ ਆਪਣੇ ਕੰਮ 'ਤੇ ਆਤਮ-ਨਿਰੀਖਣ ਕਰਨ ਦਾ ਮੌਕਾ ਮਿਲਦਾ ਹੈ, ਇਹ ਪੂਰਨਮਾਸ਼ੀ ਦੀ ਵਿਸ਼ੇਸ਼ਤਾ ਹੈ।

ਪੁਰਾਣੇ ਸਮਿਆਂ ਵਿੱਚ ਕੋਈ ਡਾਇਰੀਆਂ ਜਾਂ ਕੈਲੰਡਰ ਨਹੀਂ ਹੁੰਦੇ ਸਨ। ਫਿਰ, ਸਮੇਂ ਦਾ ਧਿਆਨ ਰੱਖਣ ਲਈ, ਲੋਕ ਪੂਰਨਮਾਸ਼ੀ ਵਾਲੇ ਦਿਨ ਵਰਤ ਰੱਖਦੇ ਸਨ। ਦੂਜੇ ਧਰਮਾਂ ਵਾਂਗ, ਬੁੱਧ ਧਰਮ ਇਹ ਨਹੀਂ ਸਿਖਾਉਂਦਾ ਕਿ ਵਰਤ ਰੱਖਣ ਨਾਲ ਤੁਹਾਡੇ ਸਾਰੇ ਪਾਪ ਧੋਤੇ ਜਾਣਗੇ ਅਤੇ ਤੁਸੀਂ ਸਵਰਗ ਪ੍ਰਾਪਤ ਕਰੋਗੇ। ਬੁੱਧ ਧਰਮ ਵਿੱਚ ਅਣਜਾਣ ਚੀਜ਼ਾਂ ਜਾਂ ਵਰਦਾਨ ਦੇ ਦੇਣਾ ਜਾ ਅਸਰਾਫ ਦੇ ਦੇਣ ਲਈ ਕੋਈ ਥਾਂ ਨਹੀਂ ਹੈ। ਬੁੱਧ ਨੇ ਅਜਿਹੀਆਂ ਚੀਜ਼ਾਂ ਜਾਂ ਮਾਮਲਿਆਂ ਬਾਰੇ ਉਪਦੇਸ਼ ਦਿੱਤਾ ਜਿਨ੍ਹਾਂ ਨੂੰ ਮਨੁੱਖ ਅਨੁਭਵ ਕਰ ਸਕਦਾ ਹੈ, ਛੂਹ ਸਕਦਾ ਹੈ, ਬੋਲ ਸਕਦਾ ਹੈ ਅਤੇ ਨਸ਼ਟ ਕੀਤਾ ਜਾ ਸਕਦਾ ਹੈ।

ਹਰ ਕਿਸੇ ਨੂੰ ਧਰਮ ਦੀ ਜਾਂਚ ਅਤੇ ਪਰਖ ਕਰਨੀ ਜਾਣਨੀ ਚਾਹੀਦੀ ਹੈ। ਬਾਜ਼ਾਰ ਵਿੱਚ, ਅਸੀਂ ਸੋਨੇ ਦੇ ਗਹਿਣੇ ਖਰੀਦਣ ਲਈ ਸੁਨਿਆਰੇ ਦੀ ਦੁਕਾਨ 'ਤੇ ਜਾਂਦੇ ਹਾਂ। ਫਿਰ ਤੁਸੀਂ ਕੀ ਕਰਦੇ ਹੋ? ਇਹ ਤੁਸੀਂ ਕੀ ਦੇਖ ਰਹੇ ਹੋ, ਸੋਨਾ ਅਸਲੀ ਹੈ ਜਾਂ ਨਕਲੀ? ਇਸਦੀ ਪਛਾਣ ਕਰਨ ਲਈ, ਸੋਨਾ ਇੱਕ ਕਸਵੱਟੀ 'ਤੇ ਲਗਾਇਆ ਜਾਂਦਾ ਹੈ। ਇਸੇ ਤਰ੍ਹਾਂ, ਧਰਮ ਨੂੰ ਵੀ ਪਰਖਿਆ ਜਾਣਾ ਚਾਹੀਦਾ ਹੈ। ਧਰਮ ਦੇ ਸਿਧਾਂਤਾਂ ਦੀ ਜਾਂਚ ਕਰਕੇ, ਇਸਦੇ ਸਿਧਾਂਤਾਂ ਅਤੇ ਨੀਂਹਾਂ ਦੀ ਜਾਂਚ ਕਰਕੇ ਅਸੀਂ ਦੇਖਾਂਗੇ ਕਿ ਕਿਹੜਾ ਧਰਮ ਮਨੁੱਖ ਨੂੰ ਖੁਸ਼ੀ ਅਤੇ ਸੰਤੁਸ਼ਟੀ ਦੇ ਸਕਦਾ ਹੈ।

ਜੇਕਰ ਇਸ ਦ੍ਰਿਸ਼ਟੀਕੋਣ ਤੋਂ ਦੇਖਿਆ ਜਾਵੇ ਤਾਂ ਬ੍ਰਾਹਮਣ ਧਰਮ ਨਾ ਸਿਰਫ਼ ਮਨੁੱਖੀ ਸਮਾਜ ਦੇ ਵਜੂਦ ਲਈ ਵਿਨਾਸ਼ਕਾਰੀ ਹੈ, ਸਗੋਂ ਬਹੁਤ ਜ਼ਹਿਰੀਲਾ ਵੀ ਹੈ। ਮਹਾਰਾਸ਼ਟਰ ਵਿੱਚ ਦੇਵਗਿਰੀ ਦੇ ਰਾਮਰਾਓ ਯਾਦਵਾਂ ਦਾ ਪ੍ਰਧਾਨ ਮੰਤਰੀ ਹੇਮਾਦਪੰਤ ਨਾਂ ਦਾ ਇੱਕ ਬ੍ਰਾਹਮਣ ਸੀ। ਉਸਨੇ ਆਪਣੀ ਕਿਤਾਬ ਵਿੱਚ ਰਸਮਾਂ ਅਤੇ ਰਿਵਾਜਾਂ ਦੇ ਸੱਤ ਸੌ ਤਰੀਕੇ ਲਿਖੇ ਹਨ। ਸਾਲ ਵਿੱਚ ਸਿਰਫ਼ 365 ਦਿਨ ਹੁੰਦੇ ਹਨ। ਫਿਰ ਇਹ 700 ਤਰੀਕੇ ਕਿਸ ਲਈ ਹਨ? ਹੇਮਾਂਦਪੰਤ ਇੱਕ ਬ੍ਰਾਹਮਣ ਸੀ ਅਤੇ ਇਸ ਲਈ ਉਸਨੇ ਇਹਨਾਂ ਸੱਤ ਸੌ ਆਚਾਰ ਨਿਯਮਾਂ ਨੂੰ ਲਿਖ ਕੇ ਬ੍ਰਾਹਮਣਾਂ ਨੂੰ ਭੋਜਨ ਦੇਣ ਦਾ ਪ੍ਰਬੰਧ ਕੀਤਾ ਹੈ।

ਸਤਿਆਨਾਰਾਇਣ ਕਥਾ ਬਾਰੇ ਵੀ ਇਸੇ ਤਰ੍ਹਾਂ ਦੀ ਇਕ ਹੋਰ ਗੱਲ ਹੈ। ਸੱਤਿਆਨਾਰਾਇਣ ਦੀ ਇਹ ਕਹਾਣੀ ਕੁਝ ਵੀ ਨਹੀਂ, ਸਗੋਂ ਇੱਕ ਬ੍ਰਾਹਮਣ ਦੇ ਉਪਜਾਊ ਮਨ ਤੋਂ ਬ੍ਰਾਹਮਣਾਂ ਲਈ ਭੋਜਨ ਦਾ ਪ੍ਰਬੰਧ ਕਰਨ ਦੀ ਖੋਜ ਹੈ। ਜੇਕਰ ਤੁਸੀਂ ਸੱਤਿਆਨਾਰਾਇਣ ਪੂਜਾ ਸਮਾਰੋਹ ਨੂੰ ਦੇਖਦੇ ਹੋ, ਤਾਂ ਤੁਸੀਂ ਦੇਖੋਗੇ ਕਿ ਸੱਤਿਆਨਾਰਾਇਣ ਨੂੰ ਚੜ੍ਹਾਏ ਜਾਣ ਵਾਲੇ ਸੁੱਕੇ ਮੇਵੇ, ਮਠਿਆਈਆਂ ਅਤੇ ਫਲ ਸਿਰਫ਼ ਬ੍ਰਾਹਮਣਾਂ ਦੁਆਰਾ ਖਾਣ ਲਈ ਹੁੰਦੇ ਹਨ। ਬ੍ਰਾਹਮਣਾਂ ਨੂੰ ਇਹ ਵੀ ਫੈਸਲਾ ਕਰਨ ਦਾ ਅਧਿਕਾਰ ਹੈ ਕਿ ਜਨਤਕ ਭੋਜਨ ਸਮਾਗਮ ਵਿੱਚਕਿਸੇ ਵਿਅਕਤੀ ਨੂੰ ਕਿਸੇ ਹੋਰ ਜਾਤੀ ਨਾਲ ਬੈਠ ਕੇ ਖਾਣਾ

"ਇਕੁਐਲਿਟੀ ਐਂਡ ਜਸਟਿਸ" Rs- 100/month
"Equality and Justice" स्वतंत्रता, समानता, भाईचारा

ਚਾਹੀਦਾ ਹੈ ਜਾਂ ਨਹੀਂ, ।

ਜੇਕਰ ਕੋਈ ਬ੍ਰਾਹਮਣ ਕਿਸੇ ਵੀ ਜਾਤੀ ਦੁਆਰਾ ਤਿਆਰ ਕੀਤਾ ਭੋਜਨ ਆਪਣੇ ਤੋਂ ਘਟੀਆ ਸਮਝ ਕੇ ਖਾਣ ਤੋਂ ਇਨਕਾਰ ਕਰਦਾ ਹੈ, ਤਾਂ ਉਸ ਭੋਜਨ ਦੇ ਬਦਲੇ ਉਸਨੂੰ ਲਗਭਗ 20 ਰੁਪਏ ਅਤੇ ਕੁਝ ਫਲ ਮਿਲ ਸਕਦੇ ਹਨ। ਭੋਜਨ ਦੇ ਬਦਲੇ, ਬ੍ਰਾਹਮਣ ਉਹ ਚੀਜ਼ਾਂ ਮੰਗਦਾ ਹੈ ਪਰ ਸ਼ੂਦਰ ਦੁਆਰਾ ਤਿਆਰ ਕੀਤਾ ਭੋਜਨ ਨਹੀਂ ਖਾਂਦਾ। ਬਦਲੇ ਵਿੱਚ, ਬ੍ਰਾਹਮਣ ਸ਼ੂਦਰ ਦੇ ਘਰੋਂ ਉਹ ਸਾਰਾ ਸਮਾਨ ਲੈ ਲੈਂਦਾ ਹੈ ਜੋ ਉਸਦੇ ਆਪਣੇ ਘਰ ਵਿੱਚ ਪਕਾਇਆ ਅਤੇ ਖਾਧਾ ਜਾ ਸਕਦਾ ਹੈ। ਸ਼ੂਦਰ ਭਾਵੇਂ ਉਹੀ ਚੀਜ਼ਾਂ ਵਰਤ ਕੇ ਕਿੰਨਾ ਵੀ ਸਾਫ਼-ਸੁਥਰਾ ਭੋਜਨ ਕਿਉਂ ਨਾ ਬਣਾ ਲਵੇ, ਇਹ ਕੰਮ ਨਹੀਂ ਕਰਦਾ। ਕਿਉਂਕਿ ਉਹ ਜੋ ਸਮਾਨ ਆਪਣੇ ਨਾਲ ਲੈ ਜਾਂਦਾ ਹੈ ਉਹ ਪੰਜ ਤੋਂ ਦਸ ਦਿਨਾਂ ਤੱਕ ਚੱਲ ਸਕਦਾ ਹੈ।

ਜੇਕਰ 'ਨਾਰਾਇਣ' ਖੁਦ ਸੱਚ ਹੈ, ਤਾਂ 'ਸੱਤਿਆ' ਸ਼ਬਦ ਕਿਉਂ ਜੋੜਿਆ ਗਿਆ ਹੈ? ਉਨ੍ਹਾਂ ਦਾ ਇਹ 'ਨਾਰਾਇਣ' ਉੱਥੇ ਨਹੀਂ ਹੈ। ਬ੍ਰਾਹਮਣ ਪੰਡਤਾਂ ਵਾਂਗ, ਉਹ ਲੁਟੇਰਿਆਂ ਦਾ ਰਖਵਾਲਾ ਹੈ, ਬੱਸ ਇੰਨਾ ਹੀ। ਉਨ੍ਹਾਂ ਦੁਆਰਾ ਨਿਰਧਾਰਤ ਸਾਰੇ ਆਚਰਣ ਨਿਯਮ ਅਰਥਹੀਣ ਹਨ। ਇਹ ਮੌਖਿਕ ਗੱਲਾਂ ਅਤੇ ਬਿਆਨਬਾਜ਼ੀ ਹਜ਼ਾਰਾਂ ਸਾਲਾਂ ਤੋਂ ਪੰਡਿਤਾਂ ਦੁਆਰਾ ਕੀਤੀ ਜਾਂਦੀ ਰਹੀ ਹੈ।

ਕੁਝ ਲੋਕ ਗੰਗਾ ਵਿੱਚ ਇਸ਼ਨਾਨ ਕਰਨ ਜਾਂਦੇ ਹਨ। ਬ੍ਰਾਹਮਣ ਹਮੇਸ਼ਾ ਗੰਗਾ ਦੇ ਕੰਢੇ ਬੈਠੇ ਰਹਿੰਦੇ ਹਨ! ਉਹ ਨਹਾਉਣ ਜਾਣ ਵਾਲੇ ਹਰ ਵਿਅਕਤੀ ਤੋਂ ਦਕਸ਼ਿਣਾ (ਪੈਸੇ) ਲੈਣ ਲਈ ਤਿਆਰ ਬੈਠਦੇ ਹਨ। ਗੰਗਾ ਨਦੀ ਸਦੀਆਂ ਤੋਂ ਵਗਦੀ ਆ ਰਹੀ ਹੈ। ਉਹ ਨਹਾਉਣ ਲਈ ਪੈਸੇ ਨਹੀਂ ਮੰਗਦੀ। ਨਾ ਹੀ ਉਹ ਕਿਸੇ ਨੂੰ ਇਹ ਲੈਣ ਲਈ ਕਹਿੰਦੀ ਹੈ। ਬ੍ਰਾਹਮਣ ਨੂੰ ਇੱਕ ਆਨਾ ਦੇਣ ਤੋਂ ਬਾਅਦ, ਉਹ ਕੁਝ ਮੰਤਰਾਂ ਦਾ ਜਾਪ ਕਰੇਗਾ ਅਤੇ ਫਿਰ ਤੁਹਾਨੂੰ ਗੰਗਾ ਵਿੱਚ ਇਸ਼ਨਾਨ ਕਰਨ ਦੀ ਆਗਿਆ ਮਿਲ ਜਾਵੇਗੀ। ਕੀ ਇਸਦੀ ਕੋਈ ਲੋੜ ਹੈ? ਮਾਸੂਮ ਲੋਕ ਮੰਨਦੇ ਹਨ ਕਿ ਬ੍ਰਾਹਮਣਾਂ ਨੂੰ ਦਕਸ਼ਿਣਾ ਦੇਣ ਅਤੇ ਗੰਗਾ ਨਦੀ ਵਿੱਚ ਇਸ਼ਨਾਨ ਕਰਨ ਨਾਲ ਸਾਰੇ ਪਾਪ ਧੋਤੇ ਜਾਂਦੇ ਹਨ। ਉਹ ਸਾਰੇ ਕਿੰਨੇ ਮੂਰਖ ਹਨ! ਬ੍ਰਾਹਮਣਾਂ ਨੂੰ ਗੰਗਾ ਨਦੀ ਅਤੇ ਲੋਕਾਂ ਵਿਚਕਾਰ ਵਿਚੋਲਾ ਮੰਨਿਆ ਜਾਂਦਾ ਹੈ। ਇਹ ਇੱਕ ਵੱਡੀ ਹੈਰਾਨੀ ਵਾਲੀ ਗੱਲ ਹੈ।

**ਲੇਖ ਦਾ ਬਾਕੀ ਭਾਗ ਕਲ੍ਹ**

# ਪੰਜਾਬ ਵੱਲੋਂ ਹਰਿਆਣਾ ਨੂੰ ਪਾਣੀ ਦੀ ਵੰਡ ਬਾਰੇ ਬੀ.ਬੀ.ਐਮ.ਬੀ. ਦੀ ਮੀਟਿੰਗ ਦਾ ਬਾਈਕਾਟ, ਮੀਟਿੰਗ ਗ਼ੈਰ-ਸੰਵਿਧਾਨਕ ਅਤੇ ਗ਼ੈਰ-ਕਾਨੂੰਨੀ ਕਰਾਰ

- **ਮੀਟਿੰਗ ਵਿੱਚ ਉਦੋਂ ਤੱਕ ਹਿੱਸਾ ਨਹੀਂ ਲਵਾਂਗੇ ਜਦੋਂ ਤੱਕ ਬੀ.ਬੀ.ਐਮ.ਬੀ. ਢੁਕਵੀਂ ਪ੍ਰਕਿਰਿਆ ਦੀ ਪਾਲਣਾ ਨਹੀਂ ਕਰਦਾ: ਬਰਿੰਦਰ ਕੁਮਾਰ ਗੋਇਲ**
- **ਬੀ.ਬੀ.ਐਮ.ਬੀ. ਦੀ ਮੀਟਿੰਗ ਰੱਖਣ ਤੋਂ ਪਹਿਲਾਂ 1976 ਦੇ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ-3 ਤਹਿਤ ਸੱਤ ਦਿਨ ਦਾ ਨੋਟਿਸ ਦੇਣਾ ਲਾਜ਼ਮੀ**
- **ਮੀਟਿੰਗ ਤੋਂ ਪਹਿਲਾਂ ਪੰਜਾਬ ਨੇ ਬੀ.ਬੀ.ਐਮ.ਬੀ. ਨੂੰ ਲਿਖਿਆ ਪੱਤਰ**

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਦੇ ਜਲ ਸਰੋਤ ਅਤੇ ਭੂਮੀ ਅਤੇ ਜਲ ਸੰਭਾਲ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ.ਬੀ.ਐਮ.ਬੀ.) ਵੱਲੋਂ ਅੱਜ 3 ਮਈ ਨੂੰ ਰੱਖੀ ਗਈ ਮੀਟਿੰਗ ਦਾ ਬਾਈਕਾਟ ਕੀਤਾ ਹੈ।

ਮੀਟਿੰਗ ਨੂੰ ਪੂਰੀ ਤਰ੍ਹਾਂ ਗ਼ੈਰ-ਸੰਵਿਧਾਨਕ ਅਤੇ ਗ਼ੈਰ-ਕਾਨੂੰਨੀ ਕਰਾਰ ਦਿੰਦਿਆਂ ਸ੍ਰੀ ਗੋਇਲ ਨੇ ਦੱਸਿਆ ਕਿ 255ਵੀਂ ਵਿਸ਼ੇਸ਼ ਮੀਟਿੰਗ ਸੱਦਣ ਲਈ ਢੁਕਵੇਂ ਪ੍ਰੋਟੋਕੋਲ ਦੀ ਉਲੰਘਣਾ ਕੀਤੀ ਗਈ ਹੈ। ਉਨ੍ਹਾਂ ਕਿਹਾ, "1976 ਦੇ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ-3 ਤਹਿਤ ਬੀ.ਬੀ.



ਐਮ.ਬੀ. ਨੂੰ ਮੀਟਿੰਗ ਰੱਖਣ ਤੋਂ ਪਹਿਲਾਂ ਸੱਤ ਦਿਨਾਂ ਦਾ ਨੋਟਿਸ ਦੇਣਾ ਲਾਜ਼ਮੀ ਹੈ।'' ਉਨ੍ਹਾਂ ਕਿਹਾ ,''ਅਸੀਂ ਮੀਟਿੰਗ ਵਿੱਚ ਉਦੋਂ ਤੱਕ ਹਿੱਸਾ ਨਹੀਂ ਲਵਾਂਗੇ, ਜਦੋਂ ਤੱਕ ਬੀ.ਬੀ.ਐਮ.ਬੀ. ਢੁਕਵੀਆਂ ਪ੍ਰਕਿਰਿਆਵਾਂ ਦੀ ਪਾਲਣਾ ਨਹੀਂ ਕਰਦਾ।''

ਬੀ.ਬੀ.ਐਮ.ਬੀ. ਦੇ ਚੇਅਰਮੈਨ ਨੂੰ ਸਖ਼ਤ ਸ਼ਬਦਾਂ ਵਿੱਚ ਲਿਖੇ ਪੱਤਰ ਵਿੱਚ ਪੰਜਾਬ ਸਰਕਾਰ ਨੇ ਮੀਟਿੰਗ ਤੋਂ ਪਹਿਲਾਂ ਬੀ.ਬੀ.ਐਮ.ਬੀ. ਨੂੰ ਆਪਣਾ ਪੱਖ ਸਪੱਸ਼ਟ ਕਰ ਦਿੱਤਾ ਸੀ। ਸੂਬਾ ਸਰਕਾਰ ਨੇ ਲਿਖਿਆ ਕਿ ਇਹ ਮੀਟਿੰਗ ਗ਼ੈਰ-ਵਾਜਬ ਤਰੀਕੇ ਅਤੇ ਸਥਾਪਿਤ ਨਿਯਮਾਂ ਦੀ ਉਲੰਘਣਾ ਕਰਕੇ ਸੱਦੀ ਗਈ ਹੈ।

ਪੱਤਰ ਵਿੱਚ ਸਪੱਸ਼ਟ ਤੌਰ 'ਤੇ ਪੰਜਾਬ ਪੁਨਰਗਠਨ ਐਕਟ 1966 ਤਹਿਤ ਜਾਰੀ ਕੀਤੇ ਗਏ ਬੀ.ਬੀ.ਐਮ.ਬੀ. ਦੇ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ-3 ਦਾ ਹਵਾਲਾ ਦਿੰਦਿਆਂ ਲਿਖਿਆ ਗਿਆ ਹੈ ਕਿ ਕਿਸੇ ਵੀ ਜ਼ਰੂਰੀ ਮਸਲੇ ਲਈ ਸੱਦੀਆਂ ਜਾਣ ਵਾਲੀਆਂ ਵਿਸ਼ੇਸ਼ ਮੀਟਿੰਗਾਂ ਲਈ ਸਾਰੇ ਮੈਂਬਰਾਂ ਨੂੰ ਘੱਟੋ-ਘੱਟ ਸੱਤ ਦਿਨਾਂ ਦਾ ਨੋਟਿਸ ਦੇਣਾ ਜ਼ਰੂਰੀ ਹੈ।

ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ 28 ਅਪ੍ਰੈਲ ਅਤੇ 30 ਅਪ੍ਰੈਲ, 2025 ਨੂੰ ਹੋਈਆਂ ਬੀ.ਬੀ.ਐਮ.ਬੀ. ਦੀਆਂ ਹਾਲੀਆ ਮੀਟਿੰਗਾਂ ਵੀ ਲਾਜ਼ਮੀ ਨੋਟਿਸ ਪੀਰੀਅਡ ਦੀ ਪਾਲਣਾ ਕੀਤੇ ਬਿਨਾਂ ਬੁਲਾਈਆਂ ਗਈਆਂ ਸਨ। ਇਨ੍ਹਾਂ ਮੀਟਿੰਗਾਂ ਲਈ ਨੋਟਿਸ ਕ੍ਰਮਵਾਰ 27 ਅਪ੍ਰੈਲ ਅਤੇ 29 ਅਪ੍ਰੈਲ ਨੂੰ ਨਿਰਧਾਰਤ ਮਿਤੀਆਂ ਤੋਂ ਸਿਰਫ਼ ਇੱਕ ਦਿਨ ਪਹਿਲਾਂ ਜਾਰੀ ਕੀਤੇ ਗਏ ਜਿਸ ਨਾਲ ਇਨ੍ਹਾਂ ਮੀਟਿੰਗਾਂ ਦੌਰਾਨ ਲਏ ਗਏ ਕੋਈ ਵੀ ਫ਼ੈਸਲੇ ਕਾਨੂੰਨੀ ਤੌਰ 'ਤੇ ਸ਼ੱਕੀ ਹੋ ਗਏ ਹਨ।

ਜਲ ਸਰੋਤ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ, ''ਰੈਗੂਲੇਸ਼ਨ-3 ਸਪੱਸ਼ਟ ਤੌਰ 'ਤੇ ਵਿਸ਼ੇਸ਼ ਮੀਟਿੰਗਾਂ ਲਈ ਘੱਟੋ-ਘੱਟ ਸੱਤ ਦਿਨਾਂ ਦਾ ਨੋਟਿਸ ਲਾਜ਼ਮੀ ਕਰਦਾ ਹੈ। ਸਥਾਪਿਤ ਪ੍ਰਕਿਰਿਆਵਾਂ ਪ੍ਰਤੀ ਬੀ.ਬੀ. ਐਮ.ਬੀ. ਦੀ ਲਗਾਤਾਰ ਅਣਦੇਖੀ ਉਸ ਸੰਵਿਧਾਨਕ ਢਾਂਚੇ ਨੂੰ ਕਮਜ਼ੋਰ ਕਰਦੀ ਹੈ, ਜਿਸ ਅਧੀਨ ਬੀ.ਬੀ.ਐਮ.ਬੀ. ਕੰਮ ਕਰਦਾ ਹੈ।"

ਉਨ੍ਹਾਂ ਇਹ ਵੀ ਕਿਹਾ ਕਿ ਕਿਉਂ ਜੋ ਪਾਣੀ ਦੀ ਵੰਡ ਦੇ ਮੁੱਦੇ 'ਤੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੋਮਵਾਰ 5 ਮਈ, 2025 ਨੂੰ ਰੱਖਿਆ ਗਿਆ ਹੈ। ਇਸ ਲਈ ਇਸ ਅਹਿਮ ਵਿਧਾਨਕ ਸੈਸ਼ਨ ਲਈ ਤਿਆਰੀਆਂ ਹਿੱਤ ਬੀ.ਬੀ.ਐਮ.ਬੀ. ਵੱਲੋਂ ਰੱਖੀ ਮੀਟਿੰਗ ਨੂੰ ਮੁਲਤਵੀ ਕਰਨ ਦੀ ਲੋੜ ਸੀ।

ਪੰਜਾਬ ਸਰਕਾਰ ਨੇ ਕਿਹਾ ਹੈ ਕਿ ਬੀ.ਬੀ.ਐਮ.ਬੀ. ਨੂੰ ਉਚਿਤ ਪ੍ਰਕਿਰਿਆਤਮਕ ਜ਼ਰੂਰਤਾਂ ਦੇ ਅਨੁਸਾਰ ਮੀਟਿੰਗ ਨੂੰ ਮੁੜ ਬੁਲਾਉਣਾ ਚਾਹੀਦਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੇ ਭਾਈਵਾਲ ਰਾਜ ਫ਼ੈਸਲਾ ਲੈਣ ਦੀ ਅਸਲ ਸਥਿਤੀ ਵਿੱਚ ਹੋਣ।.

# ਨਾਟਕਾਂ ਅਤੇ ਗੀਤਾਂ ਭਰੀ ਰਾਤ ਪੰਜਾਬੀ ਭਵਨ ਲੁਧਿਆਣਾ ਚੜ੍ਹਿਆ ਲੋਕ- ਪੱਖੀ ਸਭਿਆਚਾਰ ਦਾ ਸੂਹਾ ਸੂਰਜ

## * ਡਾ. ਸੁਰਿੰਦਰ ਧੰਜਲ, ਬੂਟਾ ਸਿੰਘ ਮਹਿਮੂਦਪੁਰ ਅਤੇ ਸੁਮਨ ਲਤਾ ਨੂੰ ਭੇਂਟ ਕੀਤਾ ਗੁਰਸ਼ਰਨ ਕਲਾ ਸਨਮਾਨ, * ਪ੍ਰੋ. ਵਰਿਆਮ ਸਿੰਘ ਸੰਧੂ ਨੇ ਭੇਜਿਆ ਕਲਾਕਾਰਾਂ ਲਈ ਸਨਮਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ INTERNATIONAL PAPER, 9463601616 hardipchumber57@gmail.com

ਪੰਜਾਬ ਲੋਕ ਸਭਿਆਚਾਰਕ ਮੰਚ ਵੱਲੋਂ ਪੰਜਾਬੀ ਭਵਨ ਲੁਧਿਆਣਾ ਵਿਖੇ ਪਹਿਲੀ ਮਈ ਕੌਮਾਂਤਰੀ ਮਜ਼ਦੂਰ ਦਿਹਾੜੇ ਦੇ ਅਮਰ ਸ਼ਹੀਦਾਂ ਅਤੇ ਸੰਗਰਾਮੀਆਂ ਨੂੰ ਸਮਰਪਿਤ ਪਿਛਲੇ 43 ਸਾਲ ਤੋਂ ਮਨਾਈ ਜਾਂਦੀ ਨਾਟਕਾਂ ਅਤੇ ਗੀਤਾਂ ਭਰੀ ਰਾਤ ਇਸ ਵਾਰ ਵੀ ਬਦਲਵੇਂ ਇਨਕਲਾਬੀ ਸਭਿਆਚਾਰ ਦੇ ਸੂਹੇ ਸੂਰਜ ਦੀਆਂ ਰਿਸ਼ਮਾਂ ਨਾਲ ਲੋਕ ਮਨਾਂ ਨੂੰ ਰੁਸ਼ਨਾਉਣ ਵਿਚ ਸਫ਼ਲ ਹੋ ਨਿਬੜੀ।

ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਅਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਮਨਾਈ ਲੋਕਾਂ ਦਾ ਇਨਕਲਾਬੀ ਸਭਿਆਚਾਰਕ ਉਤਸਵ ਬਣੀਂ ਇਹ ਰਾਤ , ਸਾਹਿਤ ਅਤੇ ਕਲਾ ਦਾ ਮਿਹਨਤਕਸ਼ ਲੋਕਾਂ ਦਰਮਿਆਨ ਖ਼ੂਬਸੂਰਤ ਪੁਲ ਸਿਰਜਣ ਵਿਚ ਸਫ਼ਲ ਰਹੀ।

ਇਸ ਰਾਤ ਮਈ ਦੇ ਸ਼ਹੀਦਾਂ ਅਤੇ ਗੁਲਾਬ ਬੀਬੀ ਗੁਲਾਬ ਕੌਰ ਦੇ ਵਿਛੋੜੇ ਦੀ ਸ਼ਤਾਬਦੀ (1925-2025) ਨੂੰ ਸਿਜਦਾ ਕੀਤਾ ਗਿਆ।

ਇਸ ਰਾਤ ਸਾਹਿਤ, ਕਲਾ ਅਤੇ ਜਮਹੂਰੀ ਲੋਕ ਆਵਾਜ਼ ਦੀਆਂ ਬੁਲੰਦ ਸ਼ਖ਼ਸ਼ੀਅਤਾਂ ਡਾ.ਸੁਰਿੰਦਰ ਧੰਜਲ, ਬੂਟਾ ਸਿੰਘ ਮਹਿਮੂਦਪੁਰ ਅਤੇ ਰੰਗ ਕਰਮੀ ਸੁਮਨ ਲਤਾ ਨੂੰ ਪਲਸ ਮੰਚ ਵੱਲੋਂ ਗੁਰਸ਼ਰਨ ਕਲਾ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਪ੍ਰੋ. ਵਰਿਆਮ ਸਿੰਘ ਸੰਧੂ ਦਾ ਵੀ ਇਸ ਰਾਤ ਮਾਣਮੱਤੇ ਅੰਦਾਜ਼ ਵਿਚ ਸਨਮਾਨ ਕੀਤਾ ਜਾਣਾ ਸੀ ਉਹਨਾਂ ਨੂੰ ਮੈਡੀਕਲ ਚੈੱਕਅਪ ਦੇ ਨਾ ਟਾਲੇ ਜਾ ਸਕਣ ਵਾਲੇ ਰੁਝੇਵੇਂ ਕਾਰਨ ਕਨੇਡਾ ਜਾਣਾ ਪਿਆ ਉਹਨਾਂ ਨੂੰ ਕਿਸੇ ਹੋਰ ਢੁਕਵੇਂ ਮੌਕੇ ਤੇ ਸਨਮਾਨਿਤ ਕਰਨ ਦੀ ਪਲਸ ਮੰਚ ਖੁਸ਼ੀ ਲਵੇਗਾ।

* ਡਾ. ਸੁਰਿੰਦਰ ਧੰਜਲ ਨੇ ਜਾਣਕਾਰੀ ਦਿੱਤੀ ਕਿ ਅੱਜ ਪੇਸ਼ਕਾਰੀਆਂ ਕਰਨ ਵਾਲੀਆਂ ਸਮੂਹ ਨਾਟ ਅਤੇ ਸੰਗੀਤ ਮੰਡਲੀਆਂ ਦਾ ਸਨਮਾਨ ਕਰਨ ਲਈ ਆਹਲਾ ਦਰਜੇ ਦੀਆਂ ਕਿਤਾਬਾਂ ਦੇ ਸਾਰੇ ਸੈੱਟ ਜਾਣ ਤੋਂ ਪਹਿਲਾਂ ਪ੍ਰੋ ਵਰਿਆਮ ਸਿੰਘ ਸੰਧੂ ਨੇ ਪਲਸ ਮੰਚ ਲਈ ਦਿੱਤੀਆਂ ਜ਼ੋ ਅੱਜ ਕਲਾਕਾਰਾਂ ਨੂੰ ਪਲਸ ਮੰਚ ਨੇ ਭੇਂਟ ਕੀਤੀਆਂ।

ਇਹਨਾਂ ਸ਼ਖ਼ਸੀਅਤਾਂ ਦੇ ਸਨਮਾਨ ਮੌਕੇ ਪਲਸ ਮੰਚ ਦੇ ਅਹੁਦੇਦਾਰ ਅਮੋਲਕ ਸਿੰਘ ਪ੍ਰਧਾਨ, ਕੰਵਲਜੀਤ ਖੰਨਾ ਜਨਰਲ ਸਕੱਤਰ,ਕਸਤੂਰੀ ਲਾਲ ਵਿੱਤ ਸਕੱਤਰ, ਹਰਕੇਸ਼ ਚੌਧਰੀ ਸਹਾਇਕ ਸਕੱਤਰ ਸੂਬਾ ਕਮੇਟੀ ਮੈਂਬਰ ਜਸਵਿੰਦਰ ਪੱਪੀ, ਹਰਵਿੰਦਰ ਦੀਵਾਨਾ ਤੋਂ ਇਲਾਵਾ ਪ੍ਰੋ. ਜਗਮੋਹਣ ਸਿੰਘ, ਡਾ. ਅਰੀਤ , ਰੰਗ ਕਰਮੀ ਮਨਜੀਤ ਕੌਰ ਔਲਖ , ਅਤੇ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਪੰਧੇਰ ਨੇ ਸਨਮਾਨਿਤ ਸ਼ਖ਼ਸੀਅਤਾਂ ਨੂੰ ਮੁਬਾਰਕਵਾਦ ਦਿੱਤੀ।

ਇਸ ਉਪਰੰਤ ਜਗਮੋਹਣ ਜੋਸ਼ੀ ਦੀ ਰਚਨਾ 'ਐ ਲਾਲ ਫਰੇਰੇ









ਤੇਰੀ ਕਸਮ' ਐਕਸ਼ਨ ਗੀਤ ਨਾਲ ਆਵਾਮੀ ਰੰਗ ਮੰਚ ਸਿਹੌੜਾ ( ਨਿਰਦੇਸ਼ਕ: ਸ਼ੈਰੀ ਸਿਹੌੜਾ ਅਤੇ ਪਾਵੇਲ ਸਿਹੌੜਾ) ਨੇ ਪਹਿਲੀ ਮਈ ਦੇ ਸ਼ਹੀਦਾਂ ਅਤੇ ਬਸਤਰ ਜੰਗਲ ਖੇਤਰ ਵਿਚ ਮਾਰੇ ਜਾ ਰਹੇ ਆਦਿਵਾਸੀਆਂ ਅਤੇ ਕਮਿਊਨਿਸਟ ਇਨਕਲਾਬੀਆਂ ਦੀ ਵੰਗਾਰਮਈ ਕਹਾਣੀ ਇਉਂ ਪੇਸ਼ ਕੀਤੀ ਜਿਸਦਾ ਖਚਾ ਖਚ ਭਰੇ ਪੰਡਾਲ ਨੇ ਖੜ੍ਹੇ ਹੋ ਕੇ ਤਾੜੀਆਂ ਦੀ ਗੂੰਜ ਨਾਲ ਸਵਾਗਤ ਕੀਤਾ

ਗ਼ਦਰੀ ਗੁਲਾਬ ਕੌਰ ਦੇ ਜੀਵਨ ਸੰਗਰਾਮ ਦੀ ਗਾਥਾ 'ਤੂੰ ਚਰਖ਼ਾ ਘੁਕਦਾ ਰੱਖ ਜਿੰਦੇ' ਨਾਟਕ ਨਾਲ ਪਹਿਲੇ ਨਾਟਕ ਦਾ ਪਰਦਾ ਉੱਠਿਆ।ਪ੍ਰੋ.ਅਜਮੇਰ ਔਲਖ ਦੀ ਰਚਨਾ ਅਤੇ ਉਹਨਾਂ ਦੀ ਧੀ ਅਜਮੀਤ ਦੀ ਨਿਰਦੇਸ਼ਨਾ 'ਚ ਲੋਕ ਕਲਾ ਮੰਚ ਮਾਨਸਾ ਦੀ ਟੀਮ ਨੇ ਗ਼ਦਰੀ ਗੁਲਾਬ ਕੌਰ ਵੱਲੋਂ ਨਿਭਾਈ ਇਤਿਹਾਸਕ ਭੂਮਿਕਾ ਦੇ ਮੰਚਣ ਰਾਹੀਂ ਦਰਸਾਇਆ ਕਿ ਵਿਅਕਤੀਗਤ,ਪਰਿਵਾਰਕ ਅਤੇ ਰਾਜਨੀਤਕ ਪਿੜ ਅੰਦਰ ਔਰਤ ਨੂੰ ਪੂਰੇ ਧੜੱਲੇ ਨਾਲ ਆਪਣੀ ਆਜ਼ਾਦ ਹਸਤੀ ਦਾ ਪਰਚਮ ਲਹਿਰਾਉਣ ਲਈ ਅੱਗੇ ਆਉਣ ਦੀ ਲੋੜ ਹੈ।

ਗੁਰਦਿਆਲ ਸਿੰਘ ਫੁੱਲ ਦੇ ਨਾਟਕ ਦਾ ਗੁਰਸ਼ਰਨ ਭਾਅ ਜੀ ਵੱਲੋਂ ਤਿਆਰ ਸੰਖੇਪ ਰੂਪ, ਕੇਵਲ ਧਾਲੀਵਾਲ ਦੀ ਨਿਰਦੇਸ਼ਨਾ 'ਚ ਨਾਟਕ 'ਜਿਨ ਸੱਚ ਪੱਲੇ ਹੋਇ' ਮੰਚ ਰੰਗ ਮੰਚ ਅੰਮ੍ਰਿਤਸਰ ਵੱਲੋਂ ਖੇਡਿਆ ਗਿਆ। ਜਿਸਨੇ ਅੰਧ-ਵਿਸ਼ਵਾਸ, ਪਾਖੰਡਵਾਦ ਦੇ ਬਖੀਏ ਉਧੇੜ ਦਿੱਤੇ। ਕਿਰਤ, ਸੂਝ ਬੂਝ ਅਤੇ ਸੰਘਰਸ਼ ਦੀ ਕੂੜ ਉਪਰ ਫਤਿਹ ਦਰਸਾਈ।ਅਮੋਲਕ ਸਿੰਘ ਦੀ ਰਚਨਾ ਓਪੇਰਾ 'ਵਕ਼ਤ ਦੀ ਆਵਾਜ਼' ਸਤਪਾਲ ਬੰਗਾ ਦੀ ਨਿਰਦੇਸ਼ਨਾ 'ਚ ਪੀਪਲਜ਼ ਆਰਟ ਪਟਿਆਲਾ ਵੱਲੋਂ ਖੇਡਿਆ ਗਿਆ ਜਿਸਨੇ ਕਸ਼ਮੀਰ, ਆਦਿਵਾਸੀ, ਜੰਗਲ,ਜਲ ਜ਼ਮੀਨ, ਲੋਕਾਂ ਦੇ ਜਮਹੂਰੀ ਹੱਕਾਂ ਉਪਰ ਛਾਪਾ, ਅੰਧ ਰਾਸ਼ਟਰਵਾਦ ਦੇ ਹੱਲੇ,

ਨਿਹੱਕੀ ਜੰਗ ,ਗ਼ਦਰੀ ਗੁਲਾਬ ਕੌਰ ਦੇ ਵਾਰਸ ਬਣਨ ਵਰਗੇ ਵਿਸ਼ੇ ਆਪਣੇ ਕਲਾਵੇ ਵਿਚ ਲਏ। ਓਪੇਰੇ ਨੇ ਦਰਸਾਇਆ ਕਿ ਰਾਜ ਅਤੇ ਸਮਾਜ ਦੀ ਬਦਲੀ ਹੀ ਇੱਕੋ ਇੱਕ ਸੁਵਲੜਾ ਰਾਹ ਹੈ।

ਨਾਟਕ 'ਕਾਲਖ਼ ਹਨੇਰੇ' ( ਪ੍ਰੋ. ਅਜਮੇਰ ਸਿੰਘ ਔਲਖ ਦੀ ਰਚਨਾ ਹਰਵਿੰਦਰ ਦੀਵਾਨਾ ਦੀ ਨਿਰਦੇਸ਼ਨਾ ਹੇਠ ਚੇਤਨਾ ਕਲਾ ਕੇਂਦਰ ਬਰਨਾਲਾ ਵੱਲੋਂ ਖੇਡਿਆ ਗਿਆ ਜੋ ਕੁੱਖ ਵਿਚ ਕਤਲ ਕੀਤੀਆਂ ਜਾ ਰਹੀਆਂ ਧੀਆਂ ਦਾ ਦਰਦ ਬਿਆਨਣ ਅਤੇ ਧੀਆਂ ਦਾ ਸਨਮਾਨ ਕਰਨ ਦਾ ਮੂੰਹ ਬੋਲਦਾ ਸਬੂਤ ਹੋ ਨਿਬੜਿਆ।

ਨਾਟਕ 'ਮੈਂ ਕਿਤੇ ਨਹੀਂ ਗਿਆ' ਰਚਨਾ:ਕੁਲਵਿੰਦਰ ਖਹਿਰਾ ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾ 'ਚ ਲੋਕ ਕਲਾ ਮੰਚ ਮੰਡੀ ਮੁਲਾਂਪੁਰ ਵੱਲੋਂ ਖੇਡਿਆ ਗਿਆ ਜੋ ਸੁਨੇਹਾ ਦੇ ਗਿਆ ਕਿ ਕਿਸੇ ਵੀ ਵਿਅਕਤੀ ਨੂੰ ਕਤਲ ਤਾਂ ਕੀਤਾ ਜਾ ਸਕਦਾ ਹੈ ਪਰ ਉਸਦੀ ਸੋਚ ਨੂੰ ਨਹੀਂ।

ਲੋਕ ਸੰਗੀਤ ਮੰਡਲੀ ਭਦੌੜ ( ਨਿਰਦੇਸ਼ਕ ਮਾਸਟਰ ਰਾਮ ਕੁਮਾਰ), ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ ( ਸਵਰਨ ਧਾਲੀਵਾਲ ), ਇਨਕਲਾਬੀ ਸਭਿਆਚਾਰਕ ਮੰਚ 'ਦਸਤਕ' ਦੇ ਕਲਾਕਾਰ ਗਾਇਕ ਸਾਰ੍ਹ, ਮੌਸਮ ਅਤੇ ਦਿਸ਼ਾ ਨੇ ਸਮਾਂ ਬੰਨ੍ਹ ਦਿੱਤਾ।

ਜਸਬੀਰ ਜੱਸੀ, ਹਰਬੰਸ ਘਣੀਆਂ, ਅਜਮੇਰ ਅਕਲੀਆ ਕਮਲਦੀਪ ਜਲੂਰ, ਨਿਸ਼ਾ ਫਗਵਾੜਾ ਨੇ ਵੀ ਗੀਤ ਸੰਗੀਤ ਦਾ ਰੰਗ ਭਰਿਆ।

ਰੰਗ ਮੰਚ ਅਤੇ ਲੋਕਾਂ ਦੀ ਗਲਵੱਕੜੀ ਦੇ ਮਹੱਤਵ, ਰੰਗ ਮੰਚ ਨੂੰ ਦਰਪੇਸ਼ ਚੁਣੌਤੀਆਂ ਅਤੇ ਰੰਗ ਮੰਚ ਦੀ ਮਜ਼ਬੂਤੀ ਲਈ ਕੀ ਕਰਨਾ ਲੋੜੀਏ ਵਿਸ਼ੇ 'ਤੇ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਅਤੇ ਰੰਗ ਕਰਮੀ ਡਾ.ਅਰੀਤ ਨੇ ਵਿਚਾਰ ਸਾਂਝੇ ਕੀਤੇ।

ਉਹਨਾਂ ਜੋਰ ਦੇ ਕੇ ਕਿਹਾ ਕਿ ਸਮੂਹ ਮਿਹਨਤਕਸ਼ ਤਬਕਿਆਂ ਉਹਨਾਂ ਦੀਆਂ ਜੱਥੇਬੰਦੀਆਂ ਅਤੇ ਪਲਸ ਮੰਚ ਵਰਗੀਆਂ ਸੰਸਥਾਵਾਂ ਨੂੰ ਆਪਣੀ ਆਪਣੀ ਵਿਸ਼ੇਸ਼ ਭੂਮਿਕਾ ਅਦਾ ਕਰਦਿਆਂ ਪ੍ਰਸਪਰ ਸਹਿਯੋਗ ਹੋਰ ਵਧਾਉਣ ਦੀ ਲੋੜ ਹੈ।

ਸਮਾਗਮ ਵੱਲੋਂ ਹੱਥ ਖੜ੍ਹੇ ਕਰਕੇ ਪਾਸ ਕੀਤੇ ਮਤਿਆਂ 'ਚ ਪਹਿਲਗਾਮ 'ਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ।

* ਇਹ ਵੀ ਮਤਾ ਪਾਸ ਕੀਤਾ ਕਿ ਅੰਧ ਰਾਸ਼ਟਰਵਾਦ ਦਾ ਓਟ ਆਸਰਾ ਲੈਕੇ ਭਰਾ ਮਾਰ ਜੰਗ ਛੇੜਨ ਦੇ ਕੋਝੇ ਯਤਨ ਬੰਦ ਕੀਤੇ ਜਾਣ।

* ਜੰਗਲ, ਜਲ, ਜ਼ਮੀਨ, ਅਤੇ ਕੁਦਰਤੀ ਸਾਧਨਾਂ ਉਪਰ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਾਉਣ ਲਈ ਬਸਤਰ, ਛਤੀਸਗੜ੍ਹ ਅਤੇ ਆਦਿਵਾਸੀਆਂ ਅਤੇ ਕਮਿਊਨਿਸਟ ਇਨਕਲਾਬੀਆਂ ਦਾ ਘਿਰਾਓ, ਉਜਾੜਾ ਅਤੇ ਕਤਲੇਆਮ ਬੰਦ ਕੀਤਾ ਜਾਏ।

* ਪੰਜਾਬ ਪੁਲਸ ਰਾਜ ਬਣਾ ਧਰਨ, ਜਬਰੀ ਜ਼ਮੀਨਾਂ ਖੋਹਣ ਅਤੇ ਬਾਇਓ ਗੈਸ ਪਲਾਂਟ ਲਾਉਣ ਖ਼ਿਲਾਫ਼ ਹੱਕੀ ਆਵਾਜ਼ ਬੁਲੰਦ ਕਰਦੇ ਲੋਕਾਂ ਉਪਰ ਕਹਿਰ ਦੇ ਝੱਖੜ ਝੁਲਾਉਣਾ ਬੰਦ ਕੀਤਾ ਜਾਏ।

* ਫ਼ਲਸਤੀਨੀ ਲੋਕਾਂ ਦਾ ਨਸਲਘਾਤ ਬੰਦ ਕਰਨ ਦੀ ਮੰਗ ਕੀਤੀ ਗਈ

* ਜਿਉਂਦ, ਚਾਉਕੇ, ਅਖਾੜਾ, ਗੁਰਦਾਸਪੁਰ, ਚਮਕੌਰ ਸਾਹਿਬ ਆਦਿ ਵਰਗੇ ਅਨੇਕਾਂ ਥਾਵਾਂ ਤੇ ਜੂਝਦੇ ਲੋਕਾਂ ਦੀਆਂ ਮੰਗਾਂ ਪ੍ਰਵਾਨ ਕੀਤੀਆਂ ਜਾਣ।

* ਜੇਲ੍ਹਾਂ ਵਿੱਚ ਬੰਦ ਬੁੱਧੀਜੀਵੀਆਂ, ਸਾਹਿਤਕਾਰਾਂ, ਲੇਖਕਾਂ, ਰੰਗ ਕਰਮੀਆਂ ਪੱਤਰਕਾਰਾਂ ਅਤੇ ਜਮਹੂਰੀ ਹੱਕਾਂ ਦੇ ਝੰਡਾਬਰਦਾਰਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਏ।

* ਲੋਕਾਂ ਦੇ ਮੌਲਿਕ ਹੱਕਾਂ ਦਾ ਗਲਾ ਦਬਾਉਣ ਮੁਸਲਮਾਨ ਭਾਈਚਾਰੇ ਨੂੰ ਚੋਣਵਾਂ ਨਿਸ਼ਾਨਾ ਬਣਾਉਣ ਦੇ ਕੋਝੇ ਕਦਮ ਵਾਪਸ ਲਏ ਜਾਣ।

* ਅੱਗ ਲੱਗਣ ਅਤੇ ਕੁਦਰਤੀ ਆਫ਼ਤਾਂ ਦੀ ਮਾਰ ਪੈਣ ਕਾਰਨ ਪੀੜਤ ਪਰਿਵਾਰਾਂ ਦੀ ਸਰਕਾਰ ਵੱਲੋਂ ਮੱਦਦ ਕਰਨ ਦੀ ਮੰਗ ਕਰਦਾ ਮਤਾ ਪਾਸ ਕੀਤਾ ਗਿਆ। ਭਰੇ ਪੰਡਾਲ ਨੇ ਹੱਥ ਖੜ੍ਹੇ ਕਰ ਕੇ ਇਹਨਾਂ ਮਤਿਆਂ ਨੂੰ ਪ੍ਰਵਾਨਗੀ ਦਿੱਤੀ।

ਇਸ ਰਾਤ ਦੇ ਸਮਾਗਮ ਦਾ ਮੰਚ ਸੰਚਾਲਨ ਪਲਸ ਮੰਚ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕੀਤਾ। (ਰਿਪੋਰਟ: ਅਮੋਲਕ ਸਿੰਘ, ਪ੍ਰਧਾਨ ਪਲਸ ਮੰਚ)

# ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦੌਰਾਨ ਚਮਕੌਰ ਸਾਹਿਬ ਪੁਲਿਸ ਨੇ ਨਸ਼ੀਲੇ ਪਾਊਡਰ ਸਮੇਤ ਵਿਅਕਤੀ ਕੀਤਾ ਕਾਬੂ ਪਰਚਾ ਦਰਜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ INTERNATIONAL PAPER, 9463601616 hardipchumber57@gmail.com

ਸ੍ਰੀ ਚਮਕੌਰ ਸਾਹਿਬ 03 ਮਈ (ਹਰਦਿਆਲ ਸਿੰਘ ਸੰਧੂ) ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦੌਰਾਨ ਸ੍ਰੀ ਚਮਕੌਰ ਸਾਹਿਬ ਪੁਲਿਸ ਨੂੰ ਇੱਕ ਹੋਰ ਵੱਡੀ ਕਾਮਯਾਬੀ ਮਿਲੀ ਹੈ। ਜਿਸ ਦੇ ਸਬੰਧ 'ਚ ਐਸ.ਐਚ.ਓ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਣਯੋਗ ਪੰਜਾਬ ਸਰਕਾਰ ਅਤੇ ਮਾਣਯੋਗ ਡੀਜੀਪੀ ਪੰਜਾਬ ਵੱਲੋਂ ਨਸ਼ਿਆਂ ਖਿਲਾਫ ਚਲਾਈ ਗਈ ਮੁਹਿੰਮ ਦੇ ਤਹਿਤ ਅੱਜ ਐਸਐਸਪੀ ਰੂਪਨਗਰ ਸ਼ੁਭਮ ਅਗਰਵਾਲ ਆਈਪੀਐਸ ਅਤੇ ਡੀਐਸਪੀ ਮਨਜੀਤ ਸਿੰਘ ਔਲਖ






ਦੇ ਦਿਸ਼ਾ ਨਿਰਦੇਸ਼ਾਂ ਹੇਠ ਕਾਰਵਾਈ ਕਰਦੇ ਹੋਏ ਥਾਣਾ ਸ੍ਰੀ ਚਮਕੌਰ ਸਾਹਿਬ ਅਧੀਨ ਪੈਂਦੇ ਪਿੰਡ ਡਹਿਰ ਦੇ ਸੁਦਾਗਰ ਸਿੰਘ ਉਰਫ ਕਾਲੀ ਨੂੰ 35 ਗ੍ਰਾਮ ਨਸ਼ੀਲੇ ਪਾਊਡਰ ਅਤੇ 10,125 ਰੁਪਏ ਡਰੱਗ ਮਨੀ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ।ਉਹਨਾਂ ਦੱਸਿਆ ਕਿ ਸੁਦਾਗਰ ਸਿੰਘ ਉਰਫ ਕਾਲੀ ਪਾਸੋਂ ਪਹਿਲਾਂ ਵੀ 30 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕੀਤਾ ਗਿਆ ਸੀ ਅਤੇ 14 ਮਾਰਚ 2025 ਨੂੰ ਸ੍ਰੀ ਚਮਕੌਰ ਸਾਹਿਬ ਪੁਲਿਸ ਵੱਲੋਂ ਐਨਡੀਪੀ ਐਸ ਐਕਟ ਦੇ ਅਧੀਨ ਮੁਕਦਮਾ ਨੰਬਰ 57 ਦਰਜ ਕੀਤਾ ਗਿਆ ਸੀ। ਉਹਨਾਂ ਵੱਲੋਂ ਜਾਣਕਾਰੀ ਚ ਵਾਧਾ ਕਰਦੇ ਹੋਏ ਦੱਸਿਆ ਕਿ ਕੁਝ ਦਿਨ ਪਹਿਲਾਂ ਵੀ ਇਸੇ ਪਿੰਡ ਦੇ ਇੱਕ ਵਿਅਕਤੀ ਨੂੰ 16 ਪਾਬੰਦੀਸ਼ੁਦਾ ਨਸ਼ੀਲੇ ਟੀਕਿਆਂ ਸਮੇਤ ਗ੍ਰਿਫਤਾਰ ਕੀਤਾ ਗਿਆ ਸੀ । ਜਿਸ ਨੂੰ ਕਿ ਅੱਜ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਦੋਸ਼ੀ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਦੋਸ਼ੀ ਦੇ ਅਗਲੇ ਪਿਛਲੇ ਲਿੰਕਾਂ ਬਾਰੇ ਪਤਾ ਲਗਾਇਆ ਜਾਵੇਗਾ ਜਿਸ ਤੋਂ ਹੋਰ ਵੀ ਵੱਡੇ ਖੁਲਾਸੇ ਹੋਣ ਦੀ ਉਮੀਦ ਹੈ। ਉਹਨਾਂ ਇਹ ਵੀ ਦੱਸਿਆ ਕਿ ਇਸ ਤੋਂ ਇਲਾਵਾ ਦਵਿੰਦਰ ਸਿੰਘ ਉਰਫ ਅਮਨਾ ਵਾਸੀ ਪਿੰਡ ਮੌਜਲੀਦੀਨਪੁਰ ਜਿਸ ਤੇ ਐਨਡੀਪੀਐਸ ਐਕਟ ਦੇ ਅਧੀਨ ਮਾਮਲਾ ਦਰਜ ਹੋਇਆ ਸੀ ਉਸ ਨੂੰ 64 ਏ ਐਨਡੀਪੀਐਸ ਐਕਟ ਤਹਿਤ ਅਮਲ ਚ ਲਿਆਉਂਦੇ ਹੋਏ ਜੱਜ ਸਾਹਿਬ ਦੀ ਮਨਜ਼ੂਰੀ ਹਾਸਲ ਕਰਕੇ ਉਸ ਨੂੰ ਤਿੰਨ ਮਹੀਨੇ ਲਈ ਡੀ ਅਡੀਕਸ਼ਨ ਸਿਵਲ ਹਸਪਤਾਲ ਰੂਪਨਗਰ ਵਿਖੇ ਦਾਖਲ ਕਰਵਾਇਆ ਗਿਆ ਹੈ।

# ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪੁੱਡਾ ਇਨਕਲੇਵ ਵਾਸੀਆਂ ਦੀਆਂ ਸਮੱਸਿਆਂਵਾਂ ਸੁਣੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ INTERNATIONAL PAPER, 9463601616 hardipchumber57@gmail.com

ਨਾਭਾ, 3 ਮਈ (ਬਾਂਗਾਂ/ਬੇਅੰਤ ਸਿੰਘ ਰੋਹਟੀ ਖਾਸ)ਜਿਲਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆ ਵਾਲਾ ਨੇ ਸਥਾਨਕ ਪੁੱਡਾ ਇਨਕਲੇਵ ਵਿਖੇ ਪਹੁੰਚ ਕੇ ਕਲੋਨੀ ਨਿਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਹਨਾਂ ਨੂੰ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਵਾਇਆ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ



ਵਾਲਾ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਹਰ ਵਰਗ ਦੇ ਲੋਕਾਂ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਬੇਰੁਜ਼ਗਾਰੀ ਦਾ ਖਾਤਮਾ ਕਰਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਣ ਤੱਕ 52,606 ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੱਡੀ ਪੱਧਰ ਤੇ ਪੜ੍ਹੇ ਲਿਖੇ ਡਿਗਰੀਆਂ ਪ੍ਰਾਪਤ ਹੋਰ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਿੰਡਾਂ ਦੇ ਨਾਲ ਨਾਲ ਸ਼ਹਿਰੀ ਵਰਗ ਦੇ ਲੋਕਾਂ ਨੂੰ ਵੀ ਹਰ ਪੱਖੋਂ ਮਜ਼ਬੂਤ ਬਣਾਉਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਪੁੱਡਾ ਇਨਕਲੇਵ ਨਿਵਾਸੀਆਂ ਵੱਲੋਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਜੇ ਕੁਮਾਰ, ਪੰਡਿਤ ਦੀਪਕ ਜੀ, ਗੌਰਵ ਗਾਬਾ, ਕੁਨਾਲ ਠਾਕੁਰ, ਹਿਮਾਂਸ਼ੂ ਰਾਏ, ਐਡਵੋਕੇਟ ਹਰਭਗਵਾਨ ਦੱਤ, ਰੋਹਿਤ ਕੁਮਾਰ, ਅਮਿਤ ਸ਼ਾਸ਼ਤਰੀ, ਸੌਰਵ ਗਾਬਾ, ਅਜੇ ਸੰਮੀ, ਸਤਿੰਦਰ ਸਿੰਘ, ਹਰੀਸ਼ ਮਲਹੋਤਰਾ ਆਦਿ ਮੌਜੂਦ ਸਨ।

# ਆਟੇ ਐਕਸਪਰਟ ਵਲੋ ਟਰੱਕ ਯੂਨੀਅਨ ਦੇ ਪ੍ਰਧਾਨ ਮਨਪ੍ਰੀਤ ਧਾਰੋਕੀ ਨੂੰ ਕੀਤਾ ਸਨਮਾਨਿਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com




ਨਾਭਾ 3 ਮਈ (ਬਾਂਗਾਂ/ਬੇਅੰਤ ਸਿੰਘ ਰੋਹਟੀ ਖਾਸ) ਨਾਭਾ ਦੇ ਮੋਦੀ ਮਿੱਲ ਨੇੜੇ ਆਟੇ ਐਕਸਪਰਟਸ ਤੋਂ ਐਮਡੀ ਸੰਦੀਪ ਗਾਬਾ, ਐਮਡੀ ਰੋਹਿਲ ਗਾਬਾ, ਗੌਰਵ ਗਾਬਾ ਐਮਡੀ ਹੀਰਾ ਆਟੇ ਮੋਬਾਈਲ ਲਿਮ, ਸੌਰਵ ਗਾਬਾ ਨੇ ਨਵ-ਨਿਯੁਕਤ ਟਰੱਕ ਯੂਨੀਅਨ ਦੇ ਪ੍ਰਧਾਨ ਮਨਪ੍ਰੀਤ ਧਾਰੋਕੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਆਟੇ ਐਕਸਪਰਟਸ ਦੀ ਟੀਮ ਨੇ ਉਨ੍ਹਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ ਅਤੇ ਕਿਹਾ ਕਿ ਮਨਪ੍ਰੀਤ ਧਾਰੋਕੀ ਲੰਬੇ ਸਮੇਂ ਤੋਂ ਆਮ ਆਦਮੀ ਪਾਰਟੀ ਦੀ ਸੇਵਾ ਕਰ ਰਹੇ ਹਨ ਅਤੇ ਉਨ੍ਹਾਂ ਨੂੰ ਟਰੱਕ ਯੂਨੀਅਨ ਦਾ ਪ੍ਰਧਾਨ ਬਣਾਉਣਾ ਬਹੁਤ ਹੀ ਸ਼ਲਾਘਾਯੋਗ ਕੰਮ ਹੈ ਅਤੇ ਅਸੀਂ ਉਨ੍ਹਾਂ ਨੂੰ ਵਧਾਈ ਦਿੰਦੇ ਹਾਂ। ਇਸ ਮੌਕੇ ਮਨਪ੍ਰੀਤ ਧਾਰੋਕੀ ਨੇ ਗਾਬਾ ਪਰਿਵਾਰ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਜੋਂ ਉਨ੍ਹਾਂ ਨੂੰ ਮਿਲੀ ਸੇਵਾ ਨੂੰ ਉਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਅੱਤੇ ਹਮੇਸ਼ਾ ਟਰੱਕ ਉਪਰੇਟਰ ਦੀ ਸਮੱਸਿਆਵਾ ਦਾ ਹੱਲ ਕਰਨ ਲਈ ਉਹਨਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜੇ ਰਹਿਣਗੇ

ਤਸਵੀਰ: ਆਟੇ ਐਕਸਪਰਟ ਦੇ ਐਮਡੀ ਗਾਬਾ ਪਰਿਵਾਰ ਨਵ ਨਿਯੁਕਤ ਟਰੱਕ ਯੂਨੀਅਨ ਪ੍ਰਧਾਨ ਮਨਪ੍ਰੀਤ ਧਾਰੋਕੀ, ਦਾ ਸਨਮਾਨ ਕਰਦੇ ਹੋਏ ਨਾਲ ਸੰਦੀਪ ਗਾਬਾ, ਗੌਰਵ ਗਾਬਾ ਅਤੇ ਹੋਰਾਂ।

# ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰਨ ਲਈ ਪਿੰਡ ਪੰਚਾਇਤਾਂ ਤੇ ਪਬਲਿਕ ਦਾ ਸਹਿਯੋਗ ਜ਼ਰੂਰੀ- ਐਸ. ਐਚ. ਓ. ਨਰੇਸ਼ ਕੁਮਾਰੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com




ਨਸ਼ਿਆਂ ਦੇ ਖਾਤਮੇ ਲਈ ਪੁਲਿਸ ਪ੍ਰਸ਼ਾਸ਼ਨ ਦਾ ਸਹਿਯੋਗ ਕਰਨ ਦਾ ਵਾਅਦਾ ਕਰਨ ਮੌਕੇ ਪਿੰਡ ਦੀ ਪੰਚਾਇਤ ਤੇ ਪਿੰਡ ਦੇ ਪਤਵੰਤੇ ਪੁਲਿਸ ਪਾਰਟੀ ਨਾਲ।

ਬੰਗਾ, 03 ਮਈ ( ਚਰਨਜੀਤ ਇ ) ਪੰਜਾਬ ਵਿੱਚੋਂ ਨਸ਼ਿਆਂ ਦੇ ਵਗ ਰਹੇ ਦਰਿਆ ਨੂੰ ਠੱਲ੍ਹਣ ਲਈ ਪੰਜਾਬ ਸਰਕਾਰ ਪੱਬਾਂ ਭਾਰ ਹੈ। ਇਸ ਸੰਧਰਭ ਵਿੱਚ ਪੁਲਿਸ ਪ੍ਰਸਾਸ਼ਨ ਵਲੋਂ ਪਿੰਡਾਂ ਦੀਆਂ ਪੰਚਾਇਤਾਂ ਤੇ ਆਮ ਲੋਕਾਂ ਪਾਸੋਂ ਭਰਵੇਂ ਸਹਿਯੋਗ ਦੀ ਮੰਗ ਕੀਤੀ ਜਾ ਰਹੀ ਹੈ। ਇਸੇ ਹੀ ਲੜੀ ਤਹਿਤ ਥਾਣਾ ਔੜ ਦੇ ਐਸ. ਐਚ. ਓ. ਮੈਡਮ ਨਰੇਸ਼ ਕੁਮਾਰੀ ਜੀ ਨੇ ਪਿੰਡ ਸਾਹਲੋਂ (ਸ. ਭ. ਸ. ਨਗਰ) ਦੀ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੁਲਿਸ ਪ੍ਰਸਾਸ਼ਨ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇਂ ਲਈ ਲਈ ਵਚਨਬੱਧ ਹੈ। ਇਸ ਮਕਸਦ ਨੂੰ ਪੂਰਾ ਕਰਨ ਲਈ ਪਿੰਡਾਂ ਦੀਆਂ ਪੰਚਾਇਤਾਂ ਅਤੇ ਆਮ ਲੋਕਾਂ ਦੇ ਸੁਹਿਰਦ ਸਹਿਯੋਗ ਦੀ ਜ਼ਰੂਰਤ ਹੈ। ਉਹਨਾ ਨਸ਼ੇ ਦੇ ਜਾਲ਼ ਵਿੱਚ ਫਸੇ ਲੋਕਾਂ ਨੂੰ ਬਾਹਿਰ ਕੱਢਣ ਲਈ ਸਰਕਾਰ ਵਲੋਂ ਖੋਲੇ ਨਸ਼ਾ ਛਡਾਊ ਕੇਂਦਰਾਂ ਦਾ ਭਰਪੂਰ ਲਾਭ ਉਠਾਉਂਣ ਦਾ ਖੁੱਲਾ ਸੱਦਾ ਦਿੱਤਾ। ਉਹਨਾ ਅੱਗੇ ਕਿਹਾ ਕਿ ਪੁਲਿਸ ਨਸ਼ਿਆਂ ਦੇ ਸੁਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ੇਗੀ। ਇਸ ਮੌਕੇ ਪਿੰਡ ਦੇ ਸਰਪੰਚ ਹਰਮੇਸ਼ ਭਾਰਤੀ ਨੇ ਐਸ. ਐੱਚ. ਓ. ਮੈਡਮ ਨਰੇਸ਼ ਕੁਮਾਰੀ ਜੀ ਨੂੰ ਭਰੋਸਾ ਦੁਆਉਂਦਿਆਂ ਕਿਹਾ ਕਿ ਪੰਚਾਇਤ ਇਸ ਸੰਬੰਧੀ ਪੁਲਿਸ ਪ੍ਰਸ਼ਾਸਨ ਦੇ ਮੋਢੇ ਨਾਲ ਮੋਢਾ ਲਗਾ ਕੇ ਸਹਿਯੋਗ ਕਰੇਗੀ। ਉਹਨਾ ਕਿਹਾ ਕਿ ਜੇਕਰ ਕੋਈ ਵਿਆਕਤੀ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਉਹ ਪੰਚਾਇਤ ਨਾਲ ਸੰਪਰਕ ਕਰੇ ਤਾਂ ਜੋ ਉਸਦਾ ਇਲਾਜ ਕਰਵਾਇਆ ਜਾ ਸਕੇ। ਨਸ਼ਾ ਛੱਡਣਾ ਮੁਸ਼ਕਲ ਨਹੀਂ ਪਰ ਲੋੜ ਪੱਕੇ ਇਰਾਦੇ ਦੀ ਹੈ।ਇਸ ਮੌਕੇ ਇੰਸਪੈਕਟਰ ਪੂਜਾ ਚੌਧਰੀ,ਪ੍ਰਧਾਨ ਰੁਲਦਾ ਸਿੰਘ, ਸਰਦਾਰਾ ਸਿੰਘ, ਤਰਲੋਚਨ ਸਿੰਘ ਨੰਬਰਦਾਰ, ਭਜਨ ਸਿੰਘ ਫੌਜੀ, ਕਿਸ਼ਨ ਲਾਲ, ਫੌਜੀ ਹਰੀ ਸਿੰਘ, ਸੁਖਵੀਰ ਸਿੰਘ ਸੁੱਖੀ, ਪਰਮਿੰਦਰ ਸਿੰਘ, ਗੁਰਚਰਨ ਸਿੰਘ, ਹਰਜੀਤ ਸਿੰਘ, ਦਵਿੰਦਰ ਵਿੱਕੀ ਪੰਚ, ਪਰਮਜੀਤ ਸਿੰਘ ਨੀਟੂ ਪੰਚ, ਮਨਜੀਤ ਕੌਰ ਪੰਚ, ਵੰਦਨਾ ਪੰਚ, ਚੈਂਚਲ ਸਿੰਘ, ਬਲਵੀਰ ਸਿੰਘ, ਜਰਨੈਲ ਸਿੰਘ,ਨੰਬਰਦਾਰ ਨਾਨਕ ਸਿੰਘ, ਜਸਵਿੰਦਰ ਸਿੰਘ ਨੰਬਰਦਾਰ,ਤਰਲੋਚਨ ਸਿੰਘ ਤੇਚਾ, ਅਮਰੀਕ ਸਿੰਘ, ਸੁਰਿੰਦਰ ਕੌਰ, ਸ਼ਰਨਜੀਤ ਕੌਰ, ਮੋਨਿਕਾ ਰਾਣੀ ਤੇ ਕਮਲਦੀਪ ਆਦਿ ਅਨੇਕਾਂ ਨੌਜਵਾਨ ਤੇ ਪਤਵੰਤੇ ਹਾਜ਼ਰ ਸਨ।

# ਕੇਂਦਰ ਦੇ ਪੰਜਾਬ ਵਿਰੋਧੀ ਵਤੀਰੇ ਦੀ ਪੰਜਾਬ ਚੇਤਨਾ ਮੰਚ ਵਲੋਂ ਸਖ਼ਤ ਨਿੰਦਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com



ਫਗਵਾੜਾ,3 ਮਈ (ਸ਼ਿਵ ਕੌੜਾ) ਪੰਜਾਬ ਦੇ ਪਾਣੀਆਂ ਦੀ ਵੰਡ ਦੇ ਮਸਲੇ ਉੱਤੇ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦਾ ਪੰਜਾਬ ਚੇਤਨਾ ਮੰਚ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਅਤੇ ਕੇਂਦਰ ਦੇ ਪੰਜਾਬ ਪ੍ਰਤੀ ਵਤੀਰੇ ਦੀ ਸਖ਼ਤ ਨਿੰਦਿਆ ਕੀਤੀ ਹੈ।ਮੰਚ ਦੇ ਪ੍ਰਧਾਨ ਡਾ. ਲਖਵਿੰਦਰ ਸਿੰਘ ਜੌਹਲ,ਜਨਰਲ ਸਕੱਤਰ ਸਤਨਾਮ ਸਿੰਘ ਮਾਣਕ ਅਤੇ ਜਥੇਬੰਦਕ ਸਕੱਤਰ ਗੁਰਮੀਤ ਸਿੰਘ ਪਲਾਹੀ ਵੱਲੋਂ ਇੱਥੇ ਜਾਰੀ ਕੀਤੇ ਗਏ ਇੱਕ ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਪੂਰੇ ਪੰਜਾਬ ਦੀਆਂ ਸਾਰੀਆਂ ਰਾਜਸੀ ਪਾਰਟੀਆਂ ਨੂੰ ਨਾ ਸਿਰਫ਼ ਪੰਜਾਬ ਦੇ ਹੱਕਾਂ ਲਈ ਸਖ਼ਤੀ ਨਾਲ ਖੜਨਾ ਚਾਹੀਦਾ ਹੈ, ਸਗੋਂ ਪੰਜਾਬ ਵਿਧਾਨ ਸਭਾ ਦੇ ਸੋਮਵਾਰ ਨੂੰ ਹੋਣ ਵਾਲੇ ਵਿਸ਼ੇਸ਼ ਸੈਸ਼ਨ ਵਿੱਚ ਇੱਕ ਮਤਾ ਪਾਸ ਕਰਕੇ ਕੇਂਦਰ ਵੱਲੋਂ ਬਣਾਏ ਗਏ “ਡੈਮ ਸੇਫ਼ਟੀ ਕਾਨੂੰਨ” ਨੂੰ ਵੀ ਰੱਦ ਕਰਨਾ ਚਾਹੀਦਾ ਹੈ।ਬਿਆਨ ਵਿੱਚ ਕਿਹਾ ਗਿਆ ਹੈ ਕਿ ਜਿਵੇਂ ਪਾਣੀਆਂ ਦੇ ਮਸਲੇ ਉੱਤੇ ਸਰਬ ਪਾਰਟੀ ਮੀਟਿੰਗ ਵਿੱਚ ਸਹਿਮਤੀ ਪ੍ਰਗਟਾਈ ਗਈ ਹੈ ਇਵੇਂ ਹੀ ਇੱਕ ਸਰਬ ਪਾਰਟੀ ਮੀਟਿੰਗ ਬੁਲਾ ਕੇ ਅਤੇ ਵਿਧਾਨ ਸਭਾ ਦੇ ਸੈਸ਼ਨ ਵਿੱਚ ਚੰਡੀਗੜ੍ਹ ਪੰਜਾਬ ਨੂੰ ਦਿੱਤੇ ਜਾਣ ਦੀ ਮੰਗ ਵੀ ਪੂਰੇ ਜ਼ੋਰ ਸ਼ੋਰ ਨਾਲ ਤੇ ਸਰਬ ਸੰਮਤੀ ਨਾਲ ਉਠਾਉਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਪੰਜਾਬ ਚੇਤਨਾ ਮੰਚ ਪੰਜਾਬ ਲਈ ਖੜਨ ਵਾਲੀਆਂ ਸਾਰੀਆਂ ਰਾਜਨੀਤਿਕ ਪਾਰਟੀਆਂ ਅਤੇ ਜਨਤਕ ਜਥੇਬੰਦੀਆਂ ਦੀ ਪੂਰਨ ਹਮਾਇਤ ਕਰਦਾ ਹੈ।

# ਪੰਜਾਬ ਪੁਲਿਸ ਪੇਸ਼ਨਰਸ ਵੈਲਫ਼ੇਅਰ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਮਹੀਨਾਵਾਰ ਮੀਟਿੰਗ ਦਾ ਆਯੋਜਿਨ

## ਪੰਜਾਬ ਪੁਲਿਸ ਦੇ ਸਾਬਕਾ ਅਫਸਰਾਂ ਦੀ ਅਨਚੇਤ ਮੌਤ ਤੇ ਦਿੱਤੀ ਸ਼ਰਧਾਂਜਲੀ: ਪ੍ਰਧਾਨ ਸ਼ਮਸ਼ੇਰ ਢਿੱਲੋਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com




ਅੰਮ੍ਰਿਤਸਰ ( ਸਵਿੰਦਰ ਸਿੰਘ /ਬੇਅੰਤ ਸਿੰਘ ਰੋਹਟੀ ਖਾਸ) ਪੰਜਾਬ ਪੁਲਿਸ ਪੇਸ਼ਨਰਸ ਵੈਲਫ਼ੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ ਦਾ ਆਯੋਜਿਨ ਕੀਤਾ ਗਿਆ ਜਿਸ ਵਿੱਚ ਮੀਟਿੰਗ ਦੀ ਸ਼ੁਰੂਵਾਤ ਪਹਿਲਗਾਮ ਹਮਲੇ ਦੇ ਵਿੱਚ ਮਾਰੇ ਗਏ ਲੋਕਾਂ ਅਤੇ ਪੰਜਾਬ ਪੁਲਿਸ ਦੇ ਸਾਬਕਾ ਅਫਸਰ ਜੋ ਪਿਛਲੇ ਦਿਨੀ ਵਿਛੋੜਾ ਦੇ ਗਏ ਸਨ ਉਨ੍ਹਾਂ ਦੀ ਆਤਮਿਕ ਸ਼ਾਂਤੀ ਦੇ ਲਈ 2 ਮਿੰਟ ਦਾ ਮੋਨ ਧਾਰ ਕੇ ਉਹਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ !

ਇਸ ਮੌਕੇ ਤੇ ਪੰਜਾਬ ਪੁਲਿਸ ਪੇਸ਼ਨਰਸ ਵੈਲਫ਼ੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਢਿੱਲੋਂ ਨੇ ਗੱਲਬਾਤ ਦੇ ਦੌਰਾਨ ਦੱਸਿਆਂ ਕਿ ਇਹ ਮੀਟਿੰਗ ਮਹੀਨੇ ਦੇ ਪਹਿਲੇ ਸ਼ਨੀਵਾਰ ਹੁੰਦੀ ਹੈ ਅਤੇ ਮੀਟਿੰਗ ਦੇ ਵਿੱਚ ਅਹੁਦੇਦਾਰਾਂ ਤੇ ਮੈਂਬਰ ਸਹਿਬਾਨਾ ਦੇ ਵਿਚਾਰ ਸੁਣੇ ਜਾਂਦੇ ਹਨ ਅਤੇ ਕਿਸੇ ਵੀ ਨੂੰ ਕਿਸੇ ਤਰਾਂ ਦੀ ਮੁਸ਼ਕਿਲ ਹੋਵੇ ਤਾ ਉਸ ਮੁਸ਼ਕਿਲ ਦਾ ਹੱਲ ਵੀ ਕੱਢਿਆ ਜਾਂਦਾ ਹੈ ਅਤੇ ਇੱਕ ਗੱਲ ਹੋਰ ਕੇ ਭਾਵੇ ਅਸੀਂ ਲੋਕ ਆਪਣੀਆਂ ਨੌਕਰੀਆਂ ਤੋਂ ਆਪਣੀਆਂ ਸੇਵਾਵਾਂ ਤੋਂ ਮੁਕਤ ਹੋ ਚੁੱਕੇ ਹਾ ਪਰ ਅਸੀਂ ਮਹੀਨੇ ਦੇ ਵਿੱਚ ਇੱਕ ਵਾਰ ਜਰੂਰ ਇਕੱਠੇ ਹੁੰਦੇ ਹਾ ਤਾ ਜੋ ਕਿਸੇ ਨੂੰ ਵੀ ਇਹ ਮਹਿਸੂਸ ਨਾ ਹੋਵੇ ਕੇ ਅਸੀਂ ਆਪਣੀਆਂ ਨੌਕਰੀਆਂ ਦੀਆਂ ਸੇਵਾਵਾਂ ਤੋਂ ਮੁਕਤ ਹੋ ਕੇ ਇਕੱਲੇ ਨਹੀਂ ਹਾ ਤੇ ਅਸੀਂ ਸਾਰੇ ਇੱਕ ਪਰਿਵਾਰ ਦੀ ਤਰਾਂ ਹਾ ਅਸੀਂ ਇੱਕ ਦੂਜੇ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਹਮੇਸ਼ਾ ਹੀ ਇੱਕ ਚਟਾਨ ਦੀ ਤਰਾਂ ਖੜ੍ਹੇ ਹਾ !

ਪੰਜਾਬ ਪੁਲਿਸ ਪੇਸ਼ਨਰਸ ਵੈਲਫ਼ੇਅਰ ਐਸੋਸੀਏਸ਼ਨ ਅੰਮ੍ਰਿਤਸਰ ਦੇ ਜਨਰਲ ਸੈਕਟਰੀ ਅਮਰੀਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਐਸੋਸੀਏਸ਼ਨ ਪਿਛਲੇ ਦਿਨੀ ਪੰਜਾਬ ਪੁਲਿਸ ਪੇਸ਼ਨਰਸ ਵੈਲਫ਼ੇਅਰ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਜੋ ਪ੍ਰੋਗਰਾਮ ਉਲੀਕੇ ਗਏ ਸਨ ਉਨ੍ਹਾਂ ਤੇ ਚਾਨਣਾ ਪਾਉਂਦੇ ਦੱਸਿਆਂ ਅਤੇ ਮੈਂਬਰ ਸਹਿਬਾਨਾ ਨੂੰ ਇਹੋ ਬੇਨਤੀ ਕੀਤੀ ਹੈ ਕਿ ਪ੍ਰੋਗਰਾਮ ਜੋ ਵੀ ਉਲੀਕਿਆਂ ਜਾਂਦਾ ਹੈ ਉਸ ਤੇ ਵੱਧ ਤੋਂ ਵੱਧ ਸੰਖਿਆ ਦੇ ਵਿੱਚ ਪਹੁੰਚ ਕੇ ਪੰਜਾਬ ਪੁਲਿਸ ਪੇਸ਼ਨਰਸ ਵੈਲਫ਼ੇਅਰ ਐਸੋਸੀਏਸ਼ਨ ਅੰਮ੍ਰਿਤਸਰ ਨੂੰ ਬੁਲੰਦੀਆਂ ਤੇ ਲੈ ਕੇ ਜਾਣਾ ਹੈ ਜਿਸ ਨਾਲ ਪਬਲਿਕ ਦੇ ਵਿੱਚ ਇੱਕ ਚੰਗਾ ਸੰਦੇਸ਼ ਜਾਵੇ !

ਇਸ ਮੀਟਿੰਗ ਦੇ ਵਿੱਚ ਸੀਨੀਅਰ ਵਾਇਸ ਪ੍ਰਧਾਨ ਅਵਤਾਰ ਸਿੰਘ ਕਾਹਲੋਂ, ਮੀਤ ਪ੍ਰਧਾਨ ਕਸ਼ਮੀਰ ਸਿੰਘ, ਕੈਸ਼ੀਅਰ ਸਵਿੰਦਰ ਸਿੰਘ, ਸੈਕਟਰੀ ਰਾਜਕ ਸਿੰਘ, ਸੈਕਟਰੀ ਸੰਜੀਵ ਕੁਮਾਰ ਤੋਂ ਇਲਾਵਾ ਮੈਂਬਰ ਸਹਿਬਾਨ ਹਾਜਿਰ ਸਨ !

# ਆਦਰਸ਼ ਸੋਸਲ ਵੈਲਫੇਅਰ ਸੁਸਾਇਟੀ ਪੰਜਾਬ ਨੇ ਸਰਕਾਰੀ ਸਕੂਲ ਪੋਸੀ 'ਚ ਨਸ਼ਿਆਂ ਖਿਲਾਫ ਜਾਗਰੂਕਤਾ ਸਮਾਗਮ ਕਰਵਾਇਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com



ਗੜ੍ਹਸ਼ੰਕਰ (ਸਤਨਾਮ ਸਿੰਘ ਸਹੂੰਗੜਾ) ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਪੰਜਾਬ ਵਲੋ ਸੰਸਥਾਪਕ ਪ੍ਰਧਾਨ ਸਤੀਸ਼ ਕੁਮਾਰ ਸੋਨੀ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪੋਸੀ ਵਿੱਚ ਨਸ਼ਿਆਂ ਖ਼ਿਲਾਫ਼ ਜਾਗ੍ਰਿਤੀ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪ੍ਰਿੰਸੀਪਲ ਜਗਦੀਸ਼ ਰਾਏ ਮੁੱਖ ਬੁਲਾਰਾ ਪੰਜਾਬ, ਡਾਕਟਰ ਹਰਿਕ੍ਰਿਸ਼ਨ ਬੰਗਾ ਜਨਰਲ ਸਕੱਤਰ ਪੰਜਾਬ, ਬਹਾਦੁਰ ਚੰਦ ਅਰੋੜਾ ਜਿਲ੍ਹਾ ਪ੍ਰਧਾਨ ਨਵਾਂਸ਼ਹਿਰ, ਜਸਪ੍ਰੀਤ ਬਾਜਵਾ ਵਾਈਸ ਪ੍ਰਧਾਨ, ਗੁਰਜੀਤ ਸਿੰਘ, ਸੁਰਿੰਦਰ ਸ਼ਰਮਾ, ਡਾ. ਮਲਕੀਤ ਕੌਰ ਜੰਡੀ, ਵਾਸਦੇਵ ਪਰਦੇਸੀ ਜਿਲ੍ਹਾ ਪ੍ਰੈਸ ਸਕੱਤਰ ਨਵਾਂਸਹਿਰ, ਸੀਮਾ ਰਾਣੀ ਜ਼ਿਲ੍ਹਾ ਸਕੱਤਰ, ਜਸਪ੍ਰੀਤ ਕੌਰ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ, ਕਮਲ ਦੇਵ ਵਾਈਸ ਪ੍ਰਧਾਨ ਜ਼ਿਲ੍ਹਾ, ਹਰਪ੍ਰੀਤ ਸਿੰਘ ਬਲਾਕ ਪ੍ਰਧਾਨ ਗੜ੍ਹਸ਼ੰਕਰ, ਸੰਤੋਖ ਸਿੰਘ ਜੁਆਇੰਟ ਸਕੱਤਰ ਬਲਾਕ, ਸਤਨਾਮ ਸਿੰਘ ਬੰਗੜ ਚੇਅਰਮੈਨ ਬਲਾਕ ਆਦਿ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਸ.ਪਰਮਿੰਦਰ ਸਿੰਘ ਹੈਲਥ ਵਲੰਟੀਅਰ ਪੀ ਐੱਚ ਸੀ ਪੋਸੀ ਨੇ ਵੀ ਸ਼ਮੂਲੀਅਤ ਕੀਤੀ। ਇਸ ਮੌਕੇ ਮੁੱਖ ਬੁਲਾਰਾ ਪੰਜਾਬ ਪ੍ਰਿੰਸੀਪਲ ਜਗਦੀਸ਼ ਰਾਏ ਨੇ ਕਿਹਾ ਕਿ ਸੁਣਨਾ ਅਤੇ ਉਸਨੂੰ ਪ੍ਰੈਕਟਿਕਲੀ ਅਪਲਾਈ ਇਕ ਚੰਗੇ ਵਿਦਿਆਰਥੀ ਦੇ ਗੁਣ ਹੁੰਦੇ ਹਨ। ਇਸ ਨਾਲ ਮੁਸ਼ਕਿਲ ਤੋਂ ਮੁਸ਼ਕਿਲ ਪ੍ਰਸਥਿਤੀ ਚੋਂ ਵੀ ਆਸਾਨੀ ਨਾਲ ਨਿੰਕਲ ਸਕਦੇ ਹਾਂ। ਡਾਕਟਰ ਹਰਿਕ੍ਰਿਸ਼ਨ ਬੰਗਾ ਨੇ ਕਿਹਾ ਕਿ ਨਸ਼ਿਆਂ ਦੇ ਕਾਬੂ ਪਾਉਣ ਲਈ ਸਾਨੂੰ ਦ੍ਰਿੜ ਇਰਾਦੇ ਨਾਲ ਆਪਣੇ ਆਲੇ ਦੁਆਲੇ ਮਾਹੌਲ ਨੂੰ ਸਾਫ ਸੁਥਰਾ ਬਣਾਉਣ ਲਈ ਆਪਣੀ ਭੂਮਿਕਾ ਨਿਭਾਉਣੀ ਪਵੇਗੀ। ਆਦਰਸ਼ ਸੁਸਾਇਟੀ ਦੇ ਪ੍ਰਧਾਨ ਸਤੀਸ਼ ਕੁਮਾਰ ਸੋਨੀ ਨੇ ਕਿਹਾ ਸਾਨੂੰ ਆਪਣੇ ਅਧਿਕਾਰਾਂ ਨਾਲ ਕਰਤੱਵਾ ਦਾ ਵੀ ਪਾਲਣ ਕਰਨਾ ਪਵੇਗਾ, ਜੀਓ ਤੇ ਜਿਉਣ ਦਿਓ ਦੇ ਨਿਯਮ ਨਾਲ ਜਿੰਦਗੀ ਦੇ ਔਖੇ ਪਲ ਗੁਜਾਰੇ ਜਾ ਸਕਦੇ ਹਨ। ਬਲਜਿੰਦਰ ਸਿੰਘ ਨਵੀਂ ਨੇ ਕਿਹਾ ਕਿ ਹੁਣ ਦੇ ਅਤੇ ਪੁਰਾਣੇ ਬਚਪਨ ਦੀ ਆਈ ਤਬਦੀਲੀ ਨੇ ਸਮਾਜ ਦੇ ਪ੍ਰੀਵਰਤਨ ਵਿਚ ਮੁੱਖ ਭੂਮਿਕਾ ਨਿਭਾਈ ਹੈ। ਹੈਲਥ ਵਿਭਾਗ ਤੋਂ ਵਲੰਟੀਅਰ ਸਰਦਾਰ ਪਰਮਿੰਦਰ ਸਿੰਘ ਨੇ ਕਿਹਾ ਕਿ ਨਸ਼ਾ ਇਕ ਨਾਮੁਰਾਦ ਬਿਮਾਰੀ ਹੈ, ਜੋ ਵਿਅਕਤੀ ਨੂੰ ਮੰਦਬੁੱਧੀ ਬਣਾ ਕੇ ਰੱਖ ਦਿੰਦੀ ਹੈ। ਇਸ ਤੇ ਜਲਦੀ ਤੋਂ ਜਲਦੀ ਕਾਬੂ ਪਾਉਣਾ ਬਹੁਤ ਜਰੂਰੀ ਹੋ ਗਿਆ ਹੈ। ਸਕੂਲ ਇੰਚਾਰਜ ਸੁੱਖਦੇਵ ਸਿੰਘ ਨੇ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਵਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਰਕਾਰ ਕਥਨੀ ਅਤੇ ਕਰਨੀ ਦੇ ਫਰਕ ਨੇ ਸਮਾਜ ਨੂੰ ਗਲਤ ਦਿਸ਼ਾ ਵੱਲ ਮੋੜ ਦਿੱਤਾ ਹੈ। ਜਿਸ ਨਾਲ ਇਨਸਾਨੀਅਤ ਗਿਰਾਵਟ ਵੱਲ੍ਹ ਨੂੰ ਖਿਸਕ ਕੇ ਰਹਿ ਗਈ ਹੈ। ਸਟੇਜ ਸੰਚਾਲਨ ਦੀ ਭੂਮਿਕਾ ਮਾਸਟਰ ਸੁੰਦਰ ਮਨੀਅਮ ਜੀ ਨੇ ਬਾਖੂਬੀ ਨਿਭਾਈ ਅਤੇ ਅਪਣੇ ਵਿਚਾਰਾਂ ਰਾਹੀਂ ਬੱਚਿਆਂ ਨੂੰ ਚੰਗੇ ਨਾਗਰਿਕ ਬਣਨ ਲਈ ਸੇਧ ਦਿੱਤੀ। ਜਿਲ੍ਹਾ ਪ੍ਰਧਾਨ ਜਸਪ੍ਰੀਤ ਕੌਰ ਨੇ ਸਕੂਲ ਦੇ ਸਟਾਫ ਅਤੇ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਪਰਿਵਾਰ ਦੇ ਸੂਝਵਾਨ ਸਾਥੀਆਂ ਅਤੇ ਪ੍ਰੈਸ ਭਾਈਚਾਰੇ ਦਾ ਨਸ਼ਾ ਵਿਰੋਧੀ ਜਾਗਰੂਕਤਾ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚੜਨ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਸਮਾਗਮ ਤੋਂ ਬਾਅਦ ਆਏ ਹੋਏ ਸਹਯੋਗੀ ਸੱਜਣਾ ਨੂੰ ਸਨਮਾਨ ਚਿੰਨ ਦੇ ਸਨਮਾਨਿਤ ਵੀ ਕੀਤਾ ਗਿਆ। ਬੱਚਿਆਂ ਦੇ ਲਈ ਰਿਫਰੈਸ਼ਮੈਂਟ ਦੀ ਸੇਵਾ ਉੱਘੇ ਸਮਾਜ ਸੇਵੀ ਰਾਜੀਵ ਕੰਡਾ ਰੋੜਮਜਾਰਾ ਵਲੋਂ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਸੁੱਖਦੇਵ ਸਿੰਘ, ਮਾਸਟਰ ਕਮਲਜੀਤ ਸਿੰਘ, ਮਾਸਟਰ ਸੁੰਦਰ ਮਨੀਅਮ, ਨਰਿੰਦਰ ਕੁਮਾਰ, ਜਸਵੀਰ ਕੁਮਾਰ, ਮਾਸਟਰ ਦੀਪਕ ਚੌਧਰੀ, ਮੈਡਮ ਨੀਲਮ ਸੋਨੀ, ਮੈਡਮ ਕਮਲਦੀਪ, ਮੈਡਮ ਪੂਨਮ ਰਾਣੀ, ਮੈਡਮ ਚੰਦਾ ਰਾਣੀ, ਮੈਡਮ ਅਮਨਦੀਪ ਕੌਰ, ਮੈਡਮ ਦਲਵੀਰ ਕੌਰ, ਕ੍ਰਿਸ਼ਨ ਸਿੰਘ, ਮਾਸਟਰ ਰਾਜਿੰਦਰ ਸਿੰਘ, ਮੈਡਮ ਕੁਲਵਿੰਦਰ ਕੌਰ, ਮੈਡਮ ਕੁਲਦੀਪ ਕੌਰ ਆਦਿ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।

# ਭਾਖੜਾ ਡੈਮ ਤੋਂ ਪਾਣੀ ਦੀ ਵਾਜਬ ਤੇ ਨਿਆਈਂ ਵੰਡ ਦੀ ਮੰਗ

## ਮੌਕਾਪ੍ਰਸਤ ਸਿਆਸਤਦਾਨਾਂ ਦੇ ਭੜਕਾਊ ਬਿਆਨਾਂ ਤੋਂ ਸੁਚੇਤ ਰਹਿਣ ਦਾ ਸੱਦਾ: ਉਗਰਾਹਾਂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਚੰਡੀਗੜ੍ਹ, 3 ਮਈ, 2025: ਪੰਜਾਬ ਤੇ ਹਰਿਆਣੇ ਦੀਆਂ ਸਰਕਾਰਾਂ 'ਚ ਭਾਖੜਾ ਤੋਂ ਛੱਡੇ ਜਾਂਦੇ ਪਾਣੀ ਦੀ ਵੰਡ 'ਤੇ ਪੈਦਾ ਹੋਏ ਰੱਟੇ ਬਾਰੇ ਭਾਕਿਯੂ (ਏਕਤਾ-ਉਗਰਾਹਾਂ) ਨੇ ਕਿਹਾ ਹੈ ਕਿ ਇਹ ਰੱਟਾ ਪੰਜਾਬ ਤੇ ਹਰਿਆਣੇ ਦੇ ਕਿਸਾਨਾਂ 'ਚ ਪਾਟਕ ਪਾਉਣ ਦੀ ਕੇਂਦਰੀ ਹਕੂਮਤ ਦੀ ਸਾਜਿਸ਼ ਹੈ ਅਤੇ ਪੰਜਾਬ ਦੀ ਆਪ ਹਕੂਮਤ ਦੇ ਜਵਾਬ ਦਾ ਤਰੀਕਾ ਵੀ ਆਪਣੀਆਂ ਸਿਆਸੀ ਗਿਣਤੀਆਂ ਤੋਂ ਪ੍ਰੇਰਿਤ ਹੈ।

ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਵੱਲੋਂ ਪ੍ਰੈੱਸ ਦੇ ਨਾਂ ਜਾਰੀ ਕੀਤੇ ਗਏ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਹ ਵਿਵਾਦ ਮਿਲ ਬੈਠ ਕੇ ਸੁਲਝਾਇਆ ਜਾਣਾ ਚਾਹੀਦਾ ਹੈ ਅਤੇ ਦੋਹਾਂ ਰਾਜਾਂ ਦੇ ਲੋਕਾਂ 'ਚ ਪਾਟਕਾਂ ਦਾ ਕਾਰਨ ਨਹੀਂ ਬਣਨ ਦਿੱਤਾ ਜਾਣਾ ਚਾਹੀਦਾ। ਜਥੇਬੰਦੀ ਨੇ ਦੋਹਾਂ ਰਾਜਾਂ ਦੇ ਕਿਸਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਇਸ ਵੰਡ ਦੇ ਵਿਵਾਦ ਨੂੰ ਮੌਕਾਪ੍ਰਸਤ ਵੋਟ ਪਾਰਟੀਆਂ ਤੇ ਸਿਆਸਤਦਾਨਾਂ ਦੇ ਪਾਟਕਪਾਊ ਵੋਟ ਮਨੋਰਥਾਂ ਦਾ ਹੱਥਾ ਨਾ ਬਣਨ ਦੇਣ ਅਤੇ ਕਿਸਾਨ ਸੰਘਰਸ਼ ਦੌਰਾਨ ਉੱਸਰੀ ਦੋਹਾਂ ਸੂਬਿਆਂ ਦੇ ਕਿਰਤੀ ਕਿਸਾਨਾਂ ਦੀ ਏਕਤਾ ਦੀ ਰਾਖੀ ਕਰਨ, ਕਿਉਂਕਿ ਕੇਂਦਰ ਤੇ ਸੂਬਾਈ ਸਰਕਾਰਾਂ ਦੀਆਂ ਲੋਕ ਦੋਖੀ ਨੀਤੀਆਂ ਦੇ ਟਾਕਰੇ ਲਈ ਅਜਿਹੀ ਏਕਤਾ ਅਣਸਰਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਇਹ ਮੌਜੂਦਾ ਰੱਟਾ ਭਾਖੜਾ ਡੈਮ ਤੋਂ ਹਰਿਆਣੇ ਨੂੰ ਨਿਸ਼ਚਿਤ ਅਰਸੇ ਲਈ ਅਲਾਟ ਹੋਏ ਨਿਸ਼ਚਿਤ ਮਾਤਰਾ ਪਾਣੀ ਦੀ ਵੰਡ ਦੇ ਛੋਟੇ ਨੁਕਤੇ 'ਤੇ ਹੈ। ਪਹਿਲਾਂ ਤੋਂ ਤੈਅ ਕੀਤੀ ਹੋਈ ਤੇ ਤੁਰੀ ਆ ਰਹੀ ਵੰਡ ਨੂੰ ਇਸ ਵਿਵਾਦ 'ਚ ਰੱਦ ਕਰਨ ਜਾਂ ਚੁਣੌਤੀ ਦੇਣ ਦਾ ਕੋਈ ਪ੍ਰਸੰਗ ਨਹੀਂ ਹੈ। ਤੈਅ ਕੀਤੀ ਹੋਈ ਵੰਡ ਅਨੁਸਾਰ ਭਾਖੜਾ ਡੈਮ ਤੋਂ ਹਰਿਆਣੇ ਨੂੰ ਪਾਣੀ ਪਹਿਲਾਂ ਹੀ ਛੱਡਿਆ ਜਾ ਚੁੱਕਾ ਹੈ ਜਦਕਿ ਹਰਿਆਣਾ ਸਰਕਾਰ ਵੱਲੋਂ ਮਨਜ਼ੂਰ ਕੋਟੇ ਤੋਂ ਹੋਰ ਵਾਧੂ ਪਾਣੀ ਦੀ ਮੰਗ ਕੀਤੀ ਜਾ ਰਹੀ ਹੈ ਪਰ ਹਰਿਆਣਾ ਸਰਕਾਰ ਵੱਲੋਂ 8500 ਕਿਊਸਿਕ ਵਾਧੂ ਪਾਣੀ ਦੀ ਮੰਗ ਨੂੰ ਜਦੋਂ ਪੰਜਾਬ ਸਰਕਾਰ ਨੇ ਰੱਦ ਕੀਤਾ ਤਾਂ ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਨੇ ਇਹ ਵਾਧੂ ਪਾਣੀ ਹਾਸਲ ਕਰਨ ਲਈ ਜੋ ਇੱਕਪਾਸੜ ਤੇ ਧੱਕੜ ਢੰਗ ਅਖਤਿਆਰ ਕੀਤਾ ਹੈ, ਇਹ ਰੱਟੇ ਨੂੰ ਵਧਾਉਣ ਤੇ ਫੈਲਾਉਣ ਵਾਲਾ ਹੈ, ਜਦਕਿ ਹੋਰ ਵਾਧੂ ਪਾਣੀ ਦੀ ਮੰਗ ਨੂੰ ਆਪਸੀ ਸਦਭਾਵਨਾ ਦੇ ਮਾਹੌਲ 'ਚ ਭਰਾਤਰੀ ਭਾਵ ਨਾਲ ਵੀ ਪੇਸ਼ ਕੀਤਾ ਤੇ ਚਰਚਾ ਅਧੀਨ ਲਿਆਂਦਾ ਜਾ ਸਕਦਾ ਸੀ। ਹੁਣ ਕੇਂਦਰੀ ਸਕੱਤਰ ਦੀ ਮੀਟਿੰਗ 'ਚ ਹਰਿਆਣਾ ਸਰਕਾਰ ਪਾਣੀ ਦੀ ਮੰਗ ਨੂੰ ਆਪਣੇ ਬਣਦੇ ਕਾਨੂੰਨੀ ਹੱਕ ਵਜੋਂ ਪੇਸ਼ ਕਰਨ 'ਚ ਨਾਕਾਮ ਰਿਹਾ ਹੈ ਤਾਂ ਕੇਂਦਰੀ ਸਕੱਤਰ ਨੂੰ ਵੀ ਹਰਿਆਣਾ ਸਰਕਾਰ ਦੀ ਇੱਕਪਾਸੜ ਤਰਫਦਾਰੀ ਤੋਂ ਹੱਥ ਖਿੱਚਣੇ ਪਏ ਹਨ ਤੇ ਇਸ ਵਿਵਾਦ ਨੂੰ ਨਿਯਮਾਂ ਅਨੁਸਾਰ ਨਜਿੱਠਣ ਬਾਰੇ ਕਹਿਣਾ ਪਿਆ ਹੈ। ਵਿਵਾਦ ਅਧੀਨ ਪਾਣੀ ਦੀ ਵੰਡ ਦਾ ਪਹਿਲਾ ਅਰਸਾ 21 ਮਈ ਤੱਕ ਦਾ ਸੀ ਜਦਕਿ ਉਸਤੋਂ ਬਾਅਦ ਨਵੇਂ ਅਰਸੇ ਤੋਂ ਹਰਿਆਣੇ ਦਾ ਅਗਲਾ ਕੋਟਾ ਸ਼ੁਰੂ ਹੋ ਜਾਣਾ ਸੀ। ਤਿੰਨ ਹਫ਼ਤਿਆਂ ਦੇ ਇਸ ਛੋਟੇ ਅਰਸੇ ਦੇ ਹੱਲ ਲਈ ਡੈਮ ਪ੍ਰਬੰਧਨ 'ਚ ਸ਼ਾਮਿਲ ਸਾਰੇ ਸੂਬਿਆਂ ਦੀਆਂ ਸਰਕਾਰਾਂ ਨੂੰ ਭਰੋਸੇ 'ਚ ਲੈ ਕੇ ਵੀ ਅਜਿਹਾ ਕੀਤਾ ਜਾ ਸਕਦਾ ਸੀ ਪਰ ਇਸਦੀ ਥਾਂ ਕੇਂਦਰੀ ਹਕੂਮਤ ਦੀ ਪਾਟਕ ਵਧਾਊ ਤੇ ਰੱਟੇ ਦੇ ਗੁਬਾਰੇ 'ਚ ਹਵਾ ਭਰਨ ਦੀ ਪਹੁੰਚ ਸਾਹਮਣੇ ਆਈ ਹੈ। ਇੱਕਪਾਸੜ ਢੰਗ ਨਾਲ ਅਫ਼ਸਰਾਂ ਦੇ ਤਬਾਦਲੇ ਕਰਨ ਤੇ ਪਾਣੀ ਛੱਡਣ ਦੇ ਫੈਸਲੇ ਕਰਨ ਦੀ ਪਹੁੰਚ ਵਿੱਚ ਕੇਂਦਰੀ ਹਕੂਮਤ ਵੱਲੋਂ ਵਿਵਾਦ ਪੈਦਾ ਕਰਨ ਦੀ ਸਾਜਿਸ਼ ਵੀ ਸ਼ਾਮਿਲ ਸੀ। ਗਰਮੀ ਦੇ ਇਸ ਸੀਜ਼ਨ 'ਚ ਪਾਣੀ ਦੀ ਭਾਰੀ ਜ਼ਰੂਰਤ 'ਚੋਂ ਹਰਿਆਣਾ ਸਰਕਾਰ ਵੱਲੋਂ ਵਾਧੂ ਪਾਣੀ ਦੀ ਮੰਗ ਸਦਭਾਵਨਾ ਭਰੇ ਭਰਾਤਰੀ ਭਾਵ ਨਾਲ ਰੱਖਣ ਤੇ ਕੇਂਦਰੀ ਹਕੂਮਤ ਵੱਲੋਂ ਜ਼ਿੰਮੇਵਾਰੀ ਨਾਲ ਤੇ ਭਰੋਸੇਮੰਦ ਵਿਚੋਲਗੀ ਰਾਹੀਂ ਨਜਿੱਠੀ ਜਾ ਸਕਦੀ ਸੀ ਤੇ ਦੋਹਾਂ ਪਾਸਿਆਂ ਦੇ ਲੋਕਾਂ ਦੀਆਂ ਲੋੜਾਂ ਦਾ ਖਿਆਲ ਰੱਖਦਿਆਂ ਵਿਚਾਰ ਚਰਚਾ ਰਾਹੀਂ ਇਹਨਾਂ ਤਿੰਨ ਹਫਤਿਆਂ ਦਾ ਸੰਕਟ ਹੱਲ ਹੋ ਸਕਦਾ ਸੀ, ਪਰ ਕੇਂਦਰ ਸਰਕਾਰ ਦੀ ਮਨਸ਼ਾ ਹੋਰ ਸੀ। ਦੋਹਾਂ ਸੂਬਿਆਂ ਦੇ ਲੋਕਾਂ 'ਚ ਪਾਟਕ ਪਾਉਣ ਦੀ ਇਸ ਮਨਸ਼ਾ ਨੇ ਪੰਜਾਬ ਸਰਕਾਰ ਨੂੰ ਵੀ ਇਹ ਮੌਕਾ ਮੁਹੱਈਆ ਕਰਵਾਇਆ ਹੈ ਕਿ ਉਹ ਪਾਣੀਆਂ ਦੀ ਵੰਡ ਦੇ ਸੰਵੇਦਨਸ਼ੀਲ ਮਸਲੇ 'ਤੇ ਸਿਆਸੀ ਲਾਹਾ ਲੈਣ ਦੇ ਰਾਹ ਪਵੇ। ਪੰਜਾਬ ਸਰਕਾਰ ਦਾ ਪ੍ਰਤੀਕਰਮ ਤੇ ਅਮਲ ਵੀ ਪਾਣੀਆਂ ਦੀ ਰਾਖੀ ਕਰਦੀ ਸਰਕਾਰ ਦੀ ਦਲੇਰੀ ਦੀ ਪੇਸ਼ਕਾਰੀ ਕਰਨ ਵਾਲਾ ਜ਼ਿਆਦਾ ਹੈ ਤੇ ਇੱਕ ਬੂੰਦ ਵੀ ਪਾਣੀ ਹਰਿਆਣੇ ਨੂੰ ਨਾ ਜਾਣ ਦੇਣ ਦੇ ਮੌਕਾਪ੍ਰਸਤ ਸਿਆਸਤਦਾਨਾਂ ਵਾਲੇ ਤੁਰੇ ਆਉਂਦੇ ਪਾਟਕਪਾਊ ਤੇ ਭਰਮਾਊ ਬਿਰਤਾਂਤ ਨੂੰ ਹੋਰ ਮਜ਼ਬੂਤ ਕਰਨ ਵਾਲਾ ਹੈ। ਹਾਲਾਂਕਿ ਹਰਿਆਣੇ ਨੂੰ 4500 ਕਿਊਸਿਕ ਵਾਧੂ ਪਾਣੀ ਦਿੱਤਾ ਹੀ ਜਾ ਰਿਹਾ ਹੈ ਪਰ ਪੰਜਾਬ ਸਰਕਾਰ ਦੀ ਮਸਲੇ ਦੀ ਪੇਸ਼ਕਾਰੀ ਦੋਹਾਂ ਰਾਜਾਂ ਦੇ ਲੋਕਾਂ 'ਚ ਪਾਟਕ ਦੇ ਫ਼ਿਕਰ ਤੋਂ ਕੋਰੀ ਹੈ ਅਤੇ ਦਹਾਕਿਆਂ ਤੋਂ ਤੁਰੇ ਆਉਂਦੇ ਇਸ ਸੰਵੇਦਨਸ਼ੀਲ ਮਸਲੇ ਦੀ ਗੰਭੀਰਤਾ ਦੇ ਸਰੋਕਾਰਾਂ ਤੋਂ ਰਹਿਤ ਹੈ। ਸਗੋਂ ਕਿਸੇ ਹੱਦ ਤੱਕ ਇਹਨਾਂ ਦਾ ਲਾਹਾ ਲੈਣ ਦੀ ਹੈ।

ਜਥੇਬੰਦੀ ਨੇ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਆਪਣੇ ਇੱਕਪਾਸੜ ਤੇ ਧੱਕੜ ਕਦਮ ਵਾਪਿਸ ਲਵੇ, ਡੈਮ ਪ੍ਰਬੰਧਨ 'ਚ ਸ਼ਾਮਿਲ ਸਾਰੀਆਂ ਧਿਰਾਂ 'ਚ ਭਰੋਸੇ ਭਰੇ ਤੇ ਸਦਭਾਵਨਾ ਦਾ ਮਾਹੌਲ ਕਾਇਮ ਕਰਨ ਦੀ ਆਪਣੀ ਜ਼ਿੰਮੇਵਾਰੀ ਅਦਾ ਕਰੇ ਤੇ ਬਾਕੀ ਬਚਦੇ ਇਸ ਨਿਸ਼ਚਿਤ ਸੀਮਤ ਅਰਸੇ ਲਈ ਪਾਣੀ ਦੀ ਲੋੜ ਦਾ ਹੱਲ ਕੱਢਣ 'ਚ ਸੁਹਿਰਦ ਭੂਮਿਕਾ ਨਿਭਾਵੇ। ਪਾਣੀ ਦੀ ਵਾਜਬ ਤੇ ਨਿਆਈਂ ਵੰਡ ਯਕੀਨੀ ਕੀਤੀ ਜਾਵੇ। ਦੋਹਾਂ ਪਾਸਿਆਂ ਦੇ ਸਿਆਸਤਦਾਨ ਤੇ ਪਾਰਟੀਆਂ ਇਸ ਮਸਲੇ 'ਤੇ ਚੱਕਵੀਂ ਤੇ ਭੜਕਾਊ ਬਿਆਨਬਾਜ਼ੀ ਬੰਦ ਕਰਨ। ਡੈਮ ਸੇਫਟੀ ਐਕਟ ਰੱਦ ਕੀਤਾ ਜਾਵੇ ਅਤੇ ਕੇਂਦਰ ਸਰਕਾਰ ਦੀਆਂ ਮਨਚਾਹੀਆਂ ਤਾਕਤਾਂ ਦੀ ਥਾਂ ਸਭਨਾਂ ਸ਼ਾਮਲ ਧਿਰਾਂ ਦੀ ਪੁੱਗਤ ਤੇ ਸੁਣਵਾਈ ਯਕੀਨੀ ਕੀਤੀ ਜਾਵੇ।

# ਸੂਬੇ ਦੀ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਲੋਕ ਤੰਗ ਆ ਚੁੱਕੇ ਹਨ- ਨਨਹੇੜੀਆਂ ਬਹੁਜਨ ਸਮਾਜ ਪਾਰਟੀ ਦੀ ਪੰਜਾਬ

## ਬਚਾਓ ਰੈਲੀ ਸਬੰਧੀ ਹੋਈ ਮੀਟਿੰਗ ਤੇ ਅਹੁਦੇਦਾਰਾਂ ਦੀ ਸਰਬ ਸੰਮਤੀ ਨਾਲ ਕੀਤੀ ਗਈ ਚੋਣ*

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਸ੍ਰੀ ਚਮਕੌਰ ਸਾਹਿਬ 3 ਮਈ (ਹਰਦਿਆਲ ਸਿੰਘ ਸੰਧੂ) ਵਿਧਾਨ ਸਭਾ ਹਲਕਾ ਸ਼੍ਰੀ ਚਮਕੌਰ ਸਾਹਿਬ ਬਹੁਜਨ ਸਮਾਜ ਦੀ ਮੀਟਿੰਗ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਮੀਟਿੰਗ ਹਾਲ ਵਿੱਚ ਹੋਈ। ਮੀਟਿੰਗ ਵਿੱਚ ਬਸਪਾ ਪੰਜਾਬ ਦੇ ਇੰਚਾਰਜ ਸ ਅਜੀਤ ਸਿੰਘ ਭੈਣੀ ਤੇ ਸੂਬਾ ਜਨਰਲ ਸਕੱਤਰ ਸ ਰਾਜਿੰਦਰ ਸਿੰਘ ਨਨਹੇੜੀਆਂ ਵਿਸ਼ੇਸ਼ ਤੌਰ ਤੇ ਪਹੁੰਚੇ। ਮੀਟਿੰਗ ਦੌਰਾਨ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਅਹੁਦੇਦਾਰਾਂ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ ਜਿਸ ਵਿਚ ਜਸਵੰਤ ਸਿੰਘ ਨੂੰ ਪ੍ਰਧਾਨ, ਗੁਰਨਾਮ ਸਿੰਘ ਨੂੰ ਜਨਰਲ ਸਕੱਤਰ, ਉਪ ਪ੍ਰਧਾਨ ਡਾਕਟਰ ਰੂੜ ਸਿੰਘ, ਖਜਾਨਚੀ ਹਰਮੇਸ਼ ਸਿੰਘ, ਜਸਵਿੰਦਰ ਸਿੰਘ ਢਿੱਬਰ ਨੂੰ ਸਕੱਤਰ ਤੇ ਭੁਪਿੰਦਰ ਸਿੰਘ ਕੋਟਲਾ ਨੂੰ ਜਿਲਾ ਸੰਗਠਨ ਸਕੱਤਰ, ਮਨਜੀਤ ਸਿੰਘ ਨੂੰ ਜ਼ਿਲਾ ਸੰਗਠਨ ਸਕੱਤਰ ਲਗਾਇਆ ਗਿਆ । ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰੀ ਭੈਣੀ ਅਤੇ ਨਨਹੇੜੀਆਂ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਵੱਲੋਂ ਚਲਾਈ ਗਈ ਪੰਜਾਬ ਸੰਭਾਲੋ ਮੁਹਿੰਮ ਨੂੰ ਪਿੰਡ ਪਿੰਡ ਤੱਕ ਪਹੁੰਚਾਉਣ ਲਈ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਨੇ ਉਹਨਾਂ ਕਿਹਾ ਕਿ ਸੂਬੇ ਦੀ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਲੋਕ ਤੰਗ ਆ ਚੁੱਕੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਜਿੰਦਰ ਸਿੰਘ ਰਾਜਾ ਨਨਹੇੜੀਆਂ ਨੇ ਇਹ ਵੀ ਕਿਹਾ ਕਿ ਇਥੋਂ ਦੀ ਇੱਕ ਦਲਿਤ ਮਹਿਲਾ ਪੱਤਰਕਾਰ ਨਾਲ ਇੱਕ ਯੂਟਿਊਬਰ ਵੱਲੋਂ ਜਾਤੀ ਸੂਚਕ ਸ਼ਬਦ ਬੋਲਣ ਦੀ ਸ਼ਿਕਾਇਤ ਮਿਲੀ ਹੈ ਜੇ ਬਹੁਜਨ ਸਮਾਜ ਪਾਰਟੀ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕਰੇਗੀ ਅਗਰ ਅਜਿਹੇ ਸ਼ਬਦ ਵਰਤਣ ਵਾਲੇ ਵਿਅਕਤੀ ਵਿਰੁੱਧ ਕਾਨੂੰਨੀ ਕਾਰਵਾਈ ਨਾ ਕੀਤੀ ਗਈ ਤਾਂ ਬਹੁਜਨ ਸਮਾਜ ਪਾਰਟੀ ਸੜਕਾਂ ਤੇ ਉੱਤਰ ਆਵੇਗੀ ਉਹਨਾਂ ਕਿਹਾ ਕਿ ਮੈਂ ਇਸ ਸਬੰਧੀ ਡੀਐਸਪੀ ਚਮਕੌਰ ਸਾਹਿਬ ਨਾਲ ਵੀ ਗੱਲਬਾਤ ਕੀਤੀ ਹੈ ਉਨਾਂ ਕਾਰਵਾਈ ਕਰਨ ਦਾ ਭਰੋਸਾ ਦਵਾਇਆ ਹੈ। ਇਸ ਮੌਕੇ ਨਰਿੰਦਰ ਸਿੰਘ ਬਡਵਾਲੀ, ਦਰਸ਼ਨ ਸਿੰਘ ਸਮਾਣਾ, ਰਘਬੀਰ ਸਿੰਘ ਢੋਲਣਮਾਜਰਾ, ਰਾਮ ਸਿੰਘ, ਸ ਗੁਰਨਾਮ ਸਿੰਘ ਅਮਰਾਲੀ, ਹਰਨੇਕ ਸਿੰਘ ਐਸਡੀਓ, ਮੋਦਨ ਸਿੰਘ ਖਾਲਸਾ, ਮੱਲ ਜਿੰਘ, ਗੁਰਪ੍ਰੀਤ ਸਿੰਘ ਭੂਰੜੇ, ਸੋਹਣ ਸਿੰਘ ਲੁਹਾਰੀ ਸੂਬੇਦਾਰ ਬਲਵੀਰ ਸਿੰਘ ਸੋਲਖੀਆਂ, ਸਾਧੂ ਸਿੰਘ ਚੈੜੀਆਂ, ਆਦਿ ਆਗੂ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਵੱਲੋਂ ਛਿਮਾਹੀ ਫੰਡ ਦੀ ਉਗਰਾਹੀ ਸ਼ੁਰੂ

## ਧਨੇਰ ਅਤੇ ਮੂੰਮ ਦੇ ਲੋਕਾਂ ਨੇ ਦਿੱਤਾ ਪੂਰਨ ਸਹਿਯੋਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਮਹਿਲ ਕਲਾਂ, 3 ਮਈ, 2025: ਪੰਜਾਬ ਵਿੱਚ ਵੱਡੀ ਪੱਧਰ ਤੇ ਸੰਘਰਸ਼ੀ ਧਰਤੀ ਬਣ ਚੁੱਕੀ ਹੈ। ਆਉਂਦੇ ਦਿਨਾਂ ਹਾਕਮ ਸਰਕਾਰਾਂ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ ਮਾਰੂ ਨੀਤੀਆਂ ਲੈ ਕੇ ਸੰਘਰਸ਼ ਹੋਰ ਤਿੱਖਾ ਹੋਣ ਜਾ ਰਹੇ ਹਨ। ਜਿਸ ਕਰਕੇ ਭਾਰਤੀ ਕਿਸਾਨ ਯੂਨੀਅਨ ਏਕਤਾ-ਡਕੌਂਦਾ ਬਲਾਕ ਮਹਿਲਕਲਾਂ ਵੱਲੋਂ ਨਾਨਕ ਸਿੰਘ ਅਮਲਾ ਸਿੰਘ ਵਾਲਾ ਅਤੇ ਸਤਨਾਮ ਸਿੰਘ ਮੂੰਮ ਦੀ ਅਗਵਾਈ ਵਿੱਚ ਪਿੰਡ-ਪਿੰਡ ਫੰਡ ਇਕੱਠਾ ਕਰਨ ਦੀ ਮੁਹਿੰਮ ਸ਼ੁਰੂ ਹੋ ਗਈ ਹੈ। 1 ਮਈ ਧਨੇਰ ਅਤੇ ਅੱਜ ਇਕਾਈ ਮੂੰਮ ਵੱਲੋਂ ਭਿੰਦਰ ਸਿੰਘ ਮੂੰਮ ਦੀ ਅਗਵਾਈ ਵਿੱਚ ਫੰਡ ਇਕੱਤਰ ਕੀਤਾ ਗਿਆ। ਜਿਸ ਵਿੱਚ ਕਿਸਾਨਾਂ ਨੇ ਵੱਡੀ ਪੱਧਰ ਤੇ ਜਥੇਬੰਦੀ ਨੂੰ ਫੰਡ ਦੇ ਰੂਪ ਵਿੱਚ ਕਣਕ ਦੀ ਉਗਰਾਹੀ ਅਤੇ ਪੈਸੇ ਦੇ ਕੇ ਵੱਡੀ ਪੱਧਰ ਤੇ ਸਹਿਯੋਗ ਦਿੱਤਾ।

ਆਗੂਆਂ ਨੇ ਦੱਸਿਆ ਕਿ ਸੰਘਰਸ਼ਾਂ ਵਿੱਚ ਪੈਸੇ ਦੀ ਜ਼ਿਆਦਾ ਲੋੜ ਹੋਣ ਕਰਕੇ ਛੇ ਮਹੀਨਿਆਂ ਬਾਅਦ ਪਿੰਡ ਵਿੱਚ ਹਾੜ੍ਹੀ-ਸੌਣੀ ਦੀ ਫਸਲ ਉੱਪਰ ਉਗਰਾਹੀ ਕੀਤੀ ਜਾਂਦੀ ਹੈ। ਇਸ ਉਗਰਾਹੀ ਵਿੱਚ ਪਿੰਡ ਦੀ ਕਿਸਾਨਾਂ ਨੇ ਘਰ-ਘਰ ਜਾ ਕੇ ਉਗਰਾਹੀ ਕਰਨ ਵਿੱਚ ਬਹੁਤ ਵੱਡਾ ਯੋਗਦਾਨ ਦਿੱਤਾ। ਜਿਸ ਵਿੱਚ ਦਿਆਲ ਸਿੰਘ ਮੂੰਮ, ਨਿਰਮਲ ਸਿੰਘ ਮੂੰਮ, ਅਜਮੇਰ ਸਿੰਘ ਮੂੰਮ, ਬਲੌਰ ਸਿੰਘ ਮੂੰਮ, ਦਰਸ਼ਨ ਸਿੰਘ ਮੂੰਮ, ਪਰਮਜੀਤ ਸਿੰਘ ਪੰਮਾ ਮਹਿਲ ਕਲਾਂ, ਭੋਲਾ ਸਿੰਘ ਮੂੰਮ, ਚਰਨਜੀਤ ਸਿੰਘ, ਅਭਿਨੀਤ ਕੌਰ ਮੂੰਮ ਆਦਿ ਆਗੂ ਹਾਜ਼ਰ ਸਨ। ਆਗੂਆਂ ਨੇ ਪੰਜਾਬ ਦੇ ਬੀਬੀਐਮਬੀ ਵੱਲੋਂ ਹਰਿਆਣਾ ਨੂੰ ਜਬਰੀ ਪੰਜਾਬ ਦੇ ਹਿੱਸੇ ਵਿੱਚੋਂ 8500 ਕਿਊਸਿਕ ਪਾਣੀ ਦੇਣ ਦੀ ਸਖ਼ਤ ਨਿਖੇਧੀ ਕਰਦਿਆਂ ਡੈਮ ਸੇਫਟੀ ਐਕਟ ਰੱਦ ਕਰਨ ਦੀ ਮੰਗ ਕੀਤੀ।

ਇਸ ਮੌਕੇ ਆਗੂਆਂ ਨੇ ਮੁਜ਼ੱਫਰਨਗਰ ਵਿਖੇ ਐੱਸਕੇਐੱਮ ਦੇ ਵੱਡੇ ਚਿਹਰੇ ਰਕੇਸ਼ ਟਿਕੈਤ ਉੱਪਰ ਭਗਵਾਂ ਬ੍ਰਿਗੇਡ ਵੱਲੋਂ ਹਮਲਾ ਕਰਕੇ ਉਨ੍ਹਾਂ ਦੀ ਪੱਗ ਉਤਾਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ। ਇਸ ਮੌਕੇ ਸਮੂਹ ਆਗੂਆਂ ਵੱਲੋਂ ਪਿੰਡ ਵਾਸੀਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਆਉਂਦੇ ਸਮੇਂ ਵਿੱਚ ਸੰਘਰਸ਼ਾਂ ਵਿੱਚ ਵੱਡਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

# ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੌਂਪਿਆ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਸੰਗਰੂਰ,3 ਮਈ (ਜਗਸੀਰ ਲੌਂਗੋਵਾਲ)-

ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਬੇ ਚਿਰਾਗ਼ ਪਿੰਡ (ਬੀੜ ਐਸਵਾਨ) ਦੀ ਜਮੀਨ ਦਲਿਤਾਂ ਮਜ਼ਦੂਰਾਂ ਤੇ ਛੋਟੇ ਕਿਸਾਨਾਂ ਚ ਵੰਡਣ ਨੂੰ ਲੈ ਕੇ ਤੇ ਪੰਚਾਇਤੀ ਜਮੀਨ ਦੀਆਂ ਬੋਲੀਆਂ ਸੰਬੰਧੀ ਡੀ ਸੀ ਸੰਗਰੂਰ ਨੂੰ ਤਹਿਸੀਲਦਾਰ ਰਾਹੀਂ ਦਿੱਤਾ ਮੰਗ ਪੱਤਰ

ਅੱਜ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦਾ ਵਫਦ ਬਿੱਕਰ ਸਿੰਘ ਹਥੋਆ ਤੇ ਗੁਰਚਰਨ ਘਰਾਚੋ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲਿਆ ਜਿਥੇ ਓਹਨਾਂ ਮੰਗ ਕੀਤੀ ਕੀ ਸੰਗਰੂਰ ਦੇ ਬੇਚੀਰਾਗ ਪਿੰਡ ਬੀੜ ਐਸਵਾਨ ਦੀ ਜਮੀਨ ਬੇਜ਼ਮੀਨੇ ਮਜ਼ਦੂਰਾਂ ਤੇ ਛੋਟੇ ਕਿਸਾਨਾਂ ਚ ਕੀਤੀ ਜਾਵੇ l ਕਿਉਂਕਿ ਅੱਜ ਵੀ ਬਹੁਤ ਗਿਣਤੀ ਲੋਕ ਘਰਾਂ ਤੋਂ ਵੀ ਵਾਂਝੇ ਹਨ ਜਾ ਖੁੱਡਿਆ ਨੁਮਾ ਘਰਾਂ ਚ ਰਹਿਣ ਨੂੰ ਮਜਬੂਰ ਹਨ l ਤੇ ਦੂਜੇ ਪਾਸੇ ਇਹੋ ਜਿਹੇ ਬੇਚਿਰਾਗ਼ ਪਿੰਡ ਵੀ ਮੌਜੂਦ ਹਨ ਜਿਸ ਦੀ ਵੰਡ ਦੇ ਵਾਰ ਭੂਮੀ ਸੁਧਾਰ ਹੋਣ ਤੋਂ ਬਾਅਦ ਵੀ ਨਹੀਂ ਕੀਤੀ ਗਈ l ਇਸ ਲਈ ਇਹ ਜਮੀਨ ਲੈਂਡ ਸੀਲਿੰਗ ਐਕਟ ਤਹਿਤ ਵੰਡੀ ਜਾਵੇ l ਇਸ ਤੋਂ ਬਿਨਾਂ ਓਹਨਾ ਮੰਗ ਕੀਤੀ ਕੀ ਪੰਚਾਇਤੀ ਜਮੀਨ ਦਾ ਰਿਜ਼ਰਵ ਕੋਟਾ ਸੁਸੁਈਟੀਆਂ ਬਣਾ ਕੇ ਦਿਤਾ ਜਾਵੇ ਕਿਉਂਕਿ ਸਰਕਾਰ ਵੱਲੋਂ ਇਹ ਮੰਗ ਆਪਣੀ ਸਬ ਕਮੇਟੀ ਵੱਲੋਂ ਵੀ ਮੰਨੀ ਜਾ ਚੁੱਕੀ ਹੈ ਤੇ ਇਸ ਨੂੰ ਲਾਗੂਕਰਨ ਲਈ ਕਮੇਟੀ ਦਾ ਵੀ ਨਿਰਮਾਣ ਕੀਤਾ ਜਾ ਚੁੱਕਾ ਹੈ

ਤੇ ਬੋਲੀਆਂ ਸਰਕਾਰ ਦੀਆਂ ਹਦਾਇਤਾ ਅਨੁਸਾਰ ਐਸ ਸੀ ਧਰਮਸਾਲਾ ਚ ਕਾਰਵਾਈਆਂ ਜਾਣ ਇਸ ਮੌਕੇ ਗੁਰਦਾਸ ਸਿੰਘ ਝਲੂਰ, ਸ਼ਿੰਗਾਰਾ ਸਿੰਘ ਹੈਡੀਕੇ, ਸੁਖਵਿੰਦਰ ਸਿੰਘ, ਰਾਜ ਕੌਰ ਬਡਰੁੱਖਾਂ, ਹਰਬੰਸ ਸਿੰਘ ਸੰਗਤਪੁਰਾ, ਰਾਮਚੰਦ ਸਿੰਘ ਝਨੇੜੀ ਆਦਿ ਹਾਜ਼ਰ ਸਨ।

# ਸ੍ਰੀ ਮਸਤੂਆਣਾ ਸਾਹਿਬ ਵਿਖੇ ਹੋਸਟਲਾ ਵਿੱਚ ਮੱਛਰ ਦੇ ਖਾਤਮੇ ਲਈ ਸਪਰੇਅ ਕਰਵਾਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com






ਲੌਂਗੋਵਾਲ,3 ਮਈ (ਜਗਸੀਰ ਸਿੰਘ )- ਸੈਕਟਰ ਬਡਰੁੱਖਾਂ ਅਧੀਨ ਪੈਂਦੇ ਸ੍ਰੀ ਮਸਤੂਆਣਾ ਸਾਹਿਬ ਵਿਖੇ ਸਿਵਲ ਸਰਜਨ ਸੰਗਰੂਰ ਡਾਕਟਰ ਸੰਜੇ ਕਾਮਰਾ, ਮੈਡੀਕਲ ਅਫਸਰ ਡਾਕਟਰ ਮਨੀਤਾ ਬਾਂਸਲ ਬਲਾਕ ਲੌਂਗੋਵਾਲ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਹਤ ਸੁਪਰਵਾਈਜਰ ਸੁਖਪਾਲ ਸਿੰਘ ਦੀ ਯੋਗ ਅਗਵਾਈ ਹੇਠ ਸਿਹਤ ਕਰਮਚਾਰੀ ਮਨਜੀਤ ਸਿੰਘ,ਹਰਜੀਤ ਸਿੰਘ ਅਤੇ ਜਸਵੀਰ ਸਿੰਘ ਸ੍ਰੀ ਮਸਤੁਆਣਾ ਸਾਹਿਬ ਵਿਖੇ ਹੋਸਟਲਾ ਵਿਚ ਮੱਛਰ ਦੇ ਖਾਤਮੇ ਲਈ ਸਪਰੇਅ ਕਰਵਾਈ ਗਈ ਤਾ ਜੋ ਬੱਚਿਆਂ ਨੂੰ ਮੱਛਰ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਇਆ ਜਾ ਸਕੇ। ਇਸ ਐਕਟੀਵਿਟੀ ਦੌਰਾਨ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੇਂਗੂ ਇਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ਼ ਅਜਿਪਟੀ ਨਾ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ।ਇਸ ਬੁਖਾਰ ਦੇ ਮੁੱਖ ਲੱਛਣ ਤੇਜ ਸਿਰ ਦਰਦ ਅਤੇ ਬੁਖਾਰ,ਅੱਖਾ ਦੇ ਪਿਛਲੇ ਹਿੱਸੇ ਵਿੱਚ ਅਤੇ ਮਾਸ ਪੇਸ਼ੀਆਂ ਵਿਚ ਦਰਦ,ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣੀਆਂ ਅਤੇ ਜ਼ਿਆਦਾ ਹਾਲਤ ਖਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਦਾ ਵਗਣਾ ਹੈ ।ਇਸ ਦੌਰਾਨ ਲੋਕਾਂ ਨੂੰ ਦੱਸਿਆ ਕਿ ਡੇਂਗੂ ਬੁਖਾਰ ਦੀ ਭਰਮਾਰ ਨੂੰ ਅਸਾਨੀ ਨਾਲ ਜਿੱਤਿਆ ਜਾ ਸਕਦਾ ਹੈ ਜੇਕਰ ਅਸੀਂ ਇਲਾਜ ਨਾਲੋਂ ਪ੍ਰਹੇਜ਼ ਦੀਆਂ ਸੇਵਾਵਾਂ ਤੇ ਪੂਰਾ ਧਿਆਨ ਦਈਏ ਅਤੇ ਆਪਣੇ ਆਲੇ ਦੁਆਲੇ ਦੇ ਲੋਕਾਂ ਨੂੰ ਵੀ ਜਾਗਰੂਕ ਕਰੀਏ ਕਿ ਡੇਂਗੂ ਫੈਲਾਉਣ ਵਾਲੇ ਮੱਛਰ ਖੜੇ ਅਤੇ ਸਾਫ ਪਾਣੀ ਵਿੱਚ ਪਲਦੇ ਹਨ ਜਿਵੇਂ ਕੂਲਰਾਂ ਵਿਚ, ਪਾਣੀ ਦੀਆਂ ਟੈਂਕੀਆਂ ਵਿਚ, ਗਮਲਿਆਂ ਵਿਚ, ਕਬਾੜ ਵਿਚ ਪਏ ਟੁੱਟੇ ਭੱਜੇ ਭਾਂਡਿਆਂ ਅਤੇ ਟਾਇਰਾ ਜਿਨਾਂ ਵਿੱਚ ਮੀਂਹ ਦਾ ਪਾਣੀ ਭਰ ਜਾਂਦਾ ਹੈ ਆਦਿ ਵਿੱਚ। ਇਸ ਲਈ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿਓ।ਪਾਣੀ ਨਾਲ ਭਰੇ ਭਾਂਡਿਆਂ ਅਤੇ ਟੈਕੀਆ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ, ਹਫਤੇ ਵਿਚ ਇਕ ਵਾਰ ਕੂਲਰਾਂ ਦੇ ਪਾਣੀ ਅਤੇ ਫਰਿਜ ਦੇ ਪਿਛਲੇ ਹਿੱਸੇ ਵੇਸਟ ਪਾਣੀ ਵਾਲੀ ਟਰੇਅ ਨੂੰ ਚੰਗੀ ਤਰ੍ਹਾਂ ਸਾਫ਼ ਕਰੋ। ਡੇਂਗੂ ਫੈਲਾਉਣ ਵਾਲਾ ਮੱਛਰ ਦਿਨ ਸਮੇਂ ਕੱਟਦਾ ਹੈ ਇਸ ਲਈ ਪੂਰਾ ਸਰੀਰ ਢੱਕਣ ਵਾਲੇ ਕੱਪੜੇ ਪਾਉ ਤਾ ਜੋ ਮੱਛਰ ਨਾ ਕੱਟ ਸਕੇ। ਰਾਤ ਨੂੰ ਸੌਣ ਸਮੇਂ ਮੱਛਰ ਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰੋ।ਤੇਜ ਬੁਖਾਰ ਹੋਣ ਦੀ ਹਾਲਤ ਵਿੱਚ ਨੇੜੇ ਦੀ ਸਰਕਾਰੀ ਹਸਪਤਾਲ ਵਿੱਚੋ ਖੂਨ ਦੀ ਜਾਂਚ ਯਕੀਨੀ ਕਰਾਉ । ਡੇਂਗੂ ਬੁਖਾਰ ਹੋਣ ਦੀ ਹਾਲਤ ਵਿੱਚ ਪੂਰਾ ਅਰਾਮ ਕਰੋ ਜ਼ਿਆਦਾ ਮਾਤਰਾ ਵਿਚ ਤਰਲ ਪਦਾਰਥ ਲਵੋ ਅਤੇ ਸਿਰਫ ਪੈਰਾਸੀਟਾਮੋਲ ਹੀ ਲਵੋ ਅਤੇ ਜੇਕਰ ਫਿਰ ਵੀ ਬੁਖਾਰ ਨਹੀਂ ਠੀਕ ਹੋ ਰਿਹਾ ਤਾ ਨੇੜੇ ਦੀ ਸਰਕਾਰੀ ਸੰਸਥਾ (ਹਸਪਤਾਲ) ਵਿੱਚੋ ਇਸ ਦਾ ਇਲਾਜ ਕਰਵਾਉਣਾ ਚਾਹੀਦਾ ਹੈ। ਇਸ ਐਕਟੀਵਿਟੀ ਦੌਰਾਨ ਹੋਸਟਲ ਇੰਚਾਰਜ ਪ੍ਰਿੰਸੀਪਲ ਡਾਕਟਰ ਸੁਖਦੀਪ ਕੌਰ ਅਤੇ ਉਹਨਾਂ ਦੇ ਸਮੂਹ ਸਟਾਫ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ।

# ਅਵਾਰਾ ਕੁੱਤਿਆਂ ਦੀ ਵਜ੍ਹਾ ਨਾਲ ਹੋਈ ਨੌਜਵਾਨ ਦੀ ਮੌਤ ਲਈ ਪੰਜਾਬ ਸਰਕਾਰ ਜ਼ਿੰਮੇਵਾਰ - ਕਾਂਗਰਸੀ ਆਗੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com





ਫਗਵਾੜਾ 3 ਮਈ (ਸ਼ਿਵ ਕੌੜਾ) ਸੀਨੀਅਰ ਕਾਂਗਰਸੀ ਆਗੂਆਂ ਨੇ ਫਗਵਾੜਾ 'ਚ ਪਿਛਲੇ ਦਿਨੀਂ ਆਵਾਰਾ ਕੁੱਤਿਆਂ ਦੀ ਵਜ੍ਹਾ ਨਾਲ ਹੋਈ ਐਨ.ਆਰ.ਆਈ. ਨੌਜਵਾਨ ਦੀ ਮੌਤ ਲਈ ਕਾਰਪੋਰੇਸ਼ਨ ਅਤੇ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਅੱਜ ਇੱਥੇ ਗੱਲਬਾਤ ਕਰਦਿਆਂ ਜ਼ਿਲ੍ਹਾ ਕਾਂਗਰਸ ਸਕੱਤਰ ਕਰਮਜੀਤ ਸਿੰਘ ਬਿੱਟੂ, ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਮੀਤ ਪ੍ਰਧਾਨ ਤੁਲਸੀ ਰਾਮ ਖੋਸਲਾ ਅਤੇ ਸੰਜੀਵ ਸ਼ਰਮਾ ਟੀਟੂ ਭਗਤਪੁਰਾ ਨੇ ਕਿਹਾ ਕਿ ਚਾਹਲ ਨਗਰ ਦੇ ਵਸਨੀਕ ਇਕ ਐਨ.ਆਰ.ਆਈ. ਨੌਜਵਾਨ ਦੇ ਮੋਟਰਸਾਇਕਲ ਦਾ ਐਕਸੀਡੈਂਟ ਅਵਾਰਾ ਕੁੱਤਾ ਪਿੱਛੇ ਪੈਣ ਕਾਰਨ ਹੋਇਆ ਅਤੇ ਉਸਦੀ ਮੌਤ ਹੋ ਗਈ। ਇਸੇ ਤਰ੍ਹਾਂ ਬੀਤੇ ਦਿਨ ਕੇਟਰਾਣੀ ਦੇ ਵਸਨੀਕ ਸਾਬਕਾ ਪੰਚ ਦੀ ਪਤਨੀ ਨੂੰ ਹਲਕੀ ਕੁੱਤੀ ਨੇ ਵੱਢਿਆ ਜੋ ਸਿਵਲ ਹਸਪਤਾਲ ਫਗਵਾੜਾ 'ਚ ਦਾਖਲ ਹੈ। ਉਹਨਾਂ ਦੱਸਿਆ ਕਿ ਇਸੇ ਹਲਕੀ ਕੁੱਤੀ ਵਲੋਂ ਇਕ ਦਰਜਨ ਤੋਂ ਵੱਧ ਲੋਕਾਂ ਨੂੰ ਵੱਢਿਆ ਜਾ ਚੁੱਕਾ ਹੈ ਪਰ ਕਾਰਪੋਰੇਸ਼ਨ ਦੇ ਅਧਿਕਾਰੀ ਕੁੱਝ ਨਹੀਂ ਕਰ ਰਹੇ। ਉਹਨਾਂ ਐਨ.ਆਰ.ਆਈ. ਨੌਜਵਾਨ ਦੀ ਮੌਤ ਲਈ ਸਿੱਧੇ ਤੌਰ ਤੇ ਫਗਵਾੜਾ ਕਾਰਪੋਰੇਸ਼ਨ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਕਿਹਾ ਕਿ ਅਜਿਹੇ ਰਾਜ ਵਿੱਚ ਲੋਕ ਸੁਰੱਖਿਅਤ ਕਿਸ ਤਰ੍ਹਾਂ ਰਹਿਣਗੇ ਜਿੱਥੇ ਸਰਕਾਰ ਨੂੰ ਕੁੱਤਿਆਂ ਨਾਲ ਪਿਆਰ ਅਤੇ ਇਨਸਾਨੀ ਜ਼ਿੰਦਗੀ ਦੀ ਪਰਵਾਹ ਨਾ ਹੋਵੇ? ਕਾਂਗਰਸੀ ਆਗੂਆਂ ਨੇ ਦੱਸਿਆ ਕਿ ਕਰੀਬ ਦੋ ਮਹੀਨੇ ਪਹਿਲਾਂ ਉਹਨਾਂ ਨੇ ਅਵਾਰਾ ਕੁੱਤਿਆਂ ਦੀ ਸਮੱਸਿਆ ਸਬੰਧੀ ਡੀ.ਸੀ. ਕਪੂਰਥਲਾ ਨੂੰ ਮੰਗ ਪੱਤਰ ਵੀ ਦਿੱਤਾ ਸੀ ਅਤੇ ਅਗਾਹ ਕੀਤਾ ਸੀ ਕਿ ਜੇਕਰ ਅਵਾਰਾ ਕੁੱਤਿਆਂ ਦੀ ਵਜ੍ਹਾ ਨਾਲ ਕਿਸੇ ਦੀ ਮੌਤ ਹੋਈ ਤਾਂ ਉਸਦੇ ਲਈ ਲੋਕਲ ਪ੍ਰਸ਼ਾਸਨ ਅਤੇ ਸਰਕਾਰ ਜਿੰਮੇਵਾਰ ਹੋਣਗੇ। ਕਰਮਜੀਤ ਸਿੰਘ ਬਿੱਟੂ ਨੇ ਕਿਹਾ ਕਿ ਜੇਕਰ ਸਮਾਂ ਰਹਿੰਦੇ ਅਵਾਰਾ ਕੁੱਤਿਆਂ ਤੋਂ ਜਨਤਾ ਨੂੰ ਨਿਜਾਤ ਦੁਆਉਣ ਲਈ ਕੋਈ ਠੋਸ ਕਦਮ ਚੁੱਕਿਆ ਹੁੰਦਾ ਤਾਂ ਐਨ.ਆਰ. ਆਈ. ਨੌਜਵਾਨ ਦੀ ਕੀਮਤੀ ਜਿੰਦਗੀ ਨੂੰ ਬਚਾਇਆ ਜਾ ਸਕਦਾ ਸੀ।

# ਪਾਣੀ ਦੇ ਮਸਲੇ ਦੀ ਗੱਲ ਹਰ ਕੋਈ ਕਰਦਾ ਪਰ ਹੱਲ ਨੀ ਕਰਦਾ- ਵਿਨਰਜੀਤ

## ਸ਼੍ਰੋਮਣੀ ਅਕਾਲੀ ਦਲ ਤੋਂ ਸਿਵਾਏ ਕੋਈ ਵੀ ਰਾਜਨੀਤਿਕ ਪਾਰਟੀ ਪਾਣੀਆਂ ਦੇ ਮਸਲੇ ਤੇ ਗੰਭੀਰ ਨਹੀਂ - ਵਿਨਰਜੀਤ ਸਿੰਘ ਗੋਲਡੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਭਵਾਨੀਗੜ੍ਹ/ਸੰਗਰੂਰ 3 ਮਈ (ਕ੍ਰਿਸ਼ਨ ਚੌਹਾਨ)ਪੰਜਾਬ ਦੇ ਪਾਣੀਆਂ ਦੇ ਮਸਲੇ ਪ੍ਰਤੀ ਚੱਲ ਰਹੇ ਸਿਆਸ਼ੀ ਘਟਨਾਕ੍ਰਮ ਪ੍ਰਤੀ ਆਪਣੇ ਵਿਚਾਰ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਅਤੇ ਹਲਕਾ ਸੰਗਰੂਰ ਦੇ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਤੋਂ ਸਿਵਾਏ ਕੋਈ ਵੀ ਰਾਜਨੀਤਿਕ ਪਾਰਟੀ ਇਸ ਮਸਲੇ ਪ੍ਰਤੀ ਗੰਭੀਰ ਨਹੀਂ ਹੈ, ਉਹਨਾਂ ਕਿਹਾ ਕਿ ਅੱਜ ਪਾਣੀਆਂ ਦੀ ਗੱਲ ਤਾਂ ਹਰ ਕੋਈ ਕਰ ਰਿਹਾ ਪਰ ਪਾਣੀਆਂ ਦੇ ਹੱਲ ਦੀ ਗੱਲ ਕੋਈ ਨਹੀਂ ਕਰਦਾ, ਕੱਲ ਵੀ ਆਲ ਪਾਰਟੀ ਮੀਟਿੰਗ ਮੁੱਖ ਮੰਤਰੀ ਭਗਵੰਤ ਮਾਨ ਸਾਹਿਬ ਵੱਲੋਂ ਬੁਲਾਈ ਗਈ ਪਰ ਸਾਰੀਆਂ ਨੈਸ਼ਨਲ ਪਾਰਟੀਆਂ ਦਾ ਏਜੰਡਾ ਪਾਣੀਆਂ ਦੇ ਮੁੱਦੇ ਨੂੰ ਹੱਲ ਕਰਨ ਦਾ ਨਹੀਂ ਰਿਹਾ ਪਰ ਸ਼੍ਰੋਮਣੀ ਅਕਾਲੀ ਦਲ ਇੱਕੋ ਇੱਕ ਖੇਤਰੀ ਪਾਰਟੀ ਹੈ ਜਿਸਨੇ ਹਮੇਸ਼ਾ ਪਾਣੀਆਂ ਦੇ ਮੁੱਦੇ ਤੇ ਗੱਲ ਕੀਤੀ ਹੈ,ਸਰਦਾਰ ਪ੍ਰਕਾਸ਼ ਸਿੰਘ ਬਾਦਲ ਸਾਹਿਬ ਨੇ ਪਾਣੀਆਂ ਦੇ ਮੁੱਦੇ ਦੀ ਲੜਾਈ ਲੜੀ ਹੈ ਤੇ ਅੱਜ ਵੀ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਲੜਾਈ ਲੜਦਾ ਰਿਹਾ ਹੈ ਤੇ ਹਮੇਸ਼ਾ ਲੜਦਾ ਰਹੇਗਾ । ਉਹਨਾਂ ਕਿਹਾ ਕਿ ਅੱਜ ਭਗਵੰਤ ਮਾਨ ਪਾਣੀਆਂ ਦੇ ਮੁੱਦੇ ਤੇ ਬੋਲ ਰਹੇ ਹਨ ਪਰ ਕੀ ਅਰਵਿੰਦ ਕੇਜਰੀਵਾਲ ਜਾਂ ਮਨੀਸ਼ ਸਿਸੋਦੀਆ ਇਹ ਬਿਆਨ ਦੇਣਗੇ ਕਿ ਪੰਜਾਬ ਦੇ ਪਾਣੀਆਂ ਤੇ ਪੰਜਾਬ ਦਾ ਹੀ ਹੱਕ ਰਹੇਗਾ,ਕੀ ਬੀਜੇਪੀ ਆਗੂ ਸੁਨੀਲ ਜਾਖੜ ਦੇ ਪਾਰਟੀ ਸੁਪਰੀਮੋ ਮੋਦੀ ਸਾਹਿਬ ਜਾਂ ਅਮਿਤ ਸ਼ਾਹ ਜਾਂ ਨੱਡਾ ਸਾਹਿਬ ਤੋਂ ਬਿਆਨ ਦਵਾਓਗੇ ਕਿ ਜਿਹੜਾ ਪੰਜਾਬ ਦਾ ਪਾਣੀ ਪੰਜਾਬ ਕੋਲੇ ਰਹੂਗਾ ਦੂਜਿਆਂ ਸੂਬਿਆਂ ਨੂੰ ਨਹੀਂ ਜਾਏਗਾ, ਉਹਨਾਂ ਕਿਹਾ ਐਸ ਵਾਈ ਐਲ ਨਹਿਰ ਬਣਾਉਣ ਵਾਲੀ ਇੰਦਰਾ ਗਾਂਧੀ ਦੀ ਪਾਰਟੀ ਵਾਲੇ ਕਾਂਗਰਸੀ ਵੀ ਅੱਜ ਪੰਜਾਬ ਦੇ ਪਾਣੀਆਂ ਤੇ ਹੋਸ਼ੀ ਸਿਆਸਤ ਕਰਕੇ ਲੋਕਾਂ ਨੂੰ ਮੂਰਖ ਬਣਾਉਣ ਦਾ ਯਤਨ ਕਰ ਰਹੇ ਹਨ,ਗੋਲਡੀ ਨੇ ਮਿਸਾਲ ਦਿੰਦਿਆਂ ਕਿਹਾ ਕਿ ਜੇਕਰ ਸਾਡੇ ਘਰ ਦੇ ਪੰਪ ਚ ਪਾਣੀ ਨਹੀਂ ਹੈਗਾ ਤਾਂ ਅਸੀਂ ਗਵਾਂਢੀ ਨੂੰ ਪਾਣੀ ਕਿੱਥੋਂ ਦੇ ਦੇਵਾਂਗੇ ਜੋ ਅੱਜ ਪੰਜਾਬ ਨੂੰ ਪਾਣੀ ਦੀ ਬਹੁਤ ਵੱਡੀ ਜਰੂਰਤ ਹੈ,ਉਹਨਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਵਾਲ ਕਰਦਿਆਂ ਕਿਹਾ ਕਿ ਜਿਹੜਾ 1700 ਕਿਊਸਿਕ ਦੀ ਬਜਾਏ 4000 ਕਿਊਸਿਕ ਪਾਣੀ ਤੁਸੀਂ ਪਿਛਲੇ ਇੱਕ ਮਹੀਨੇ ਤੋਂ ਕਿਉਂ ਦੇ ਰਹੇ ਸੀ ਅੱਜ ਤੁਸੀਂ ਡਰਾਮਾ ਕਰਨਾ ਸ਼ੁਰੂ ਕਰਤਾ ਤੇ ਕੱਲ ਵੀ ਕੋਈ ਫੈਸਲਾ ਨਹੀਂ ਲਿਆ,ਉਹਨਾਂ ਕਿਹਾ ਕਿ ਪੰਜਾਬ ਦੀ ਰਹਿਨੁਮਾਈ ਕਰ ਸਕਦਾ ਹੈ ਤਾਂ ਪ੍ਰਕਾਸ਼ ਸਿੰਘ ਬਾਦਲ ਸਾਹਿਬ, ਹਰਚਰਨ ਸਿੰਘ ਟੌਹੜਾ,ਹਰਚੰਦ ਸਿੰਘ ਲੌਂਗੋਵਾਲ ਅਤੇ ਸੁਰਜੀਤ ਸਿੰਘ ਬਰਨਾਲਾ ਸਾਹਿਬ ਸਾਰਿਆਂ ਨੇ ਲੜਾਈ ਲੜੀ ਤੇ ਅੱਜ ਵੀ ਸਰਦਾਰ ਸੁਖਬੀਰ ਸਿੰਘ ਬਾਦਲ ਸਾਹਿਬ ਪਾਰਟੀ ਪ੍ਰਧਾਨ ਦੀ ਅਗਵਾਈ ਵਿੱਚ ਪੰਜਾਬ ਦੀ ਹਰ ਲੜਾਈ ਲੜਾਂਗੇ ਤੇ ਸ਼੍ਰੋਮਣੀ ਅਕਾਲੀ ਦਲ ਜੋ ਹਮੇਸ਼ਾ ਪੰਜਾਬ ਦੇ ਮੁੱਦਿਆਂ ਦੀ ਲੜਾਈ ਲੜੀ ਹੈ ਤੇ ਪਾਣੀ ਲੜਾਈ ਲੜਦੀ ਰਹੀ ਹੈ ਤੇ ਹੁਣ ਵੀ ਲੜਦੀ ਰਹੂਗੀ। ਪਰ ਦੂਜੀਆਂ ਨੈਸ਼ਨਲ ਪਾਰਟੀਆਂ ਜਿਹੜੀਆਂ ਵੀ ਨੇ ਉਹਨਾਂ ਨੇ ਸਿਰਫ ਤੇ ਸਿਰਫ ਸਿਆਸਤ ਹੀ ਕੀਤੀ ਹੈ। ਇਸ ਮੌਕੇ

ਤੇਜਿੰਦਰ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ, ਇਕਬਾਲਜੀਤ ਸਿੰਘ ਪੂਨੀਆ, ਪਰਮਜੀਤ ਕੌਰ ਵਿਰਕ, ਰੁਪਿੰਦਰ ਸਿੰਘ ਰੰਧਾਵਾ,ਬਿੰਦਰ ਸਿੰਘ ਬੱਟੜਿਆਣਾ,ਐਡਵੋਕੇਟ ਸੁਖਬੀਰ ਸਿੰਘ ਪੂਨੀਆ, ਭਪਿੰਦਰ ਸਿੰਘ, ਹਰਪਾਲ ਸਿੰਘ ਖੜਿਆਲ, ਰਣਜੀਤ ਸਿੰਘ, ਵਰਿੰਦਰ ਸਿੰਘ ਬਾਵੀ, ਸ਼ੇਰ ਸਿੰਘ ਬਾਲੇਵਾਲ, ਪ੍ਰੀਤਮ ਸਿੰਘ ਕਾਂਜਲਾ, ਮੰਗਾ ਸਿੰਘ, ਜਤਿੰਦਰ ਸਿੰਘ, ਅਮਰੀਕ ਸਿੰਘ, ਬਲਕਾਰ ਸਿੰਘ ਆਦਿ ਅਕਾਲੀ ਆਗੂ ਪਹੁੰਚੇ ਸਨ।

# ਯਾਦਗਾਰੀ ਹੋ ਨਿੱਬੜਿਆ ਮੈਡਮ ਸਰੋਜ ਰਾਣੀ ਦਾ ਸੇਵਾ ਮੁਕਤੀ ਸਮਾਗਮ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਸੰਗਰੂਰ ( ) ਪਿਛਲੇ 39 ਸਾਲਾਂ ਤੋਂ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਸੇਵਾਵਾਂ ਨਿਭਾ ਰਹੇ ਸ੍ਰੀਮਤੀ ਸਰੋਜ ਰਾਣੀ ਲੈਕਚਰਾਰ ਪੰਜਾਬੀ ਸੇਵਾ ਮੁਕਤ ਹੋ ਗਏ ਹਨ। ਉਹਨਾਂ ਦੀ ਸੇਵਾ ਮੁਕਤੀ ਤੇ ਬੀਤੇ ਦਿਨੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੇਨੜਾ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ ਵੱਲੋਂ ਉਹਨਾਂ ਨੂੰ ਨਿੱਘੀ ਅਤੇ ਸ਼ਾਨਦਾਰ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਸਮੂਹ ਸਟਾਫ ਵੱਲੋਂ ਉਹਨਾਂ ਦਾ ਤੇ ਉਹਨਾਂ ਦੇ ਪਰਿਵਾਰ ਦਾ ਸਕੂਲ ਕੈਂਪਸ ਵਿਖੇ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ । ਇਸ ਮੌਕੇ ਗੱਲਬਾਤ ਕਰਦੇ ਹੋਏ ਸਕੂਲ ਪ੍ਰਿੰਸੀਪਲ ਨੀਲਮਜੀਤ ਕੌਰ ਨੇ ਦੱਸਿਆ ਕਿ ਮੈਡਮ ਸਰੋਜ ਰਾਣੀ ਵੱਲੋਂ ਸਿੱਖਿਆ ਵਿਭਾਗ ਵਿੱਚ ਕੀਤੀਆਂ ਸ਼ਾਨਦਾਰ ਸੇਵਾਵਾਂ ਅਤੇ ਉਹਨਾਂ ਵੱਲੋਂ ਆਪਣੀ ਡਿਊਟੀ ਪ੍ਰਤੀ ਤਨਦੇਹੀ ਤੇ ਇਮਾਨਦਾਰੀ ਨਾਲ ਕੀਤੀ ਸੇਵਾਵਾਂ ਕਰਕੇ ਉਹਨਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨਾਂ ਕਿਹਾ ਕਿ ਸਕੂਲ ਵਿੱਚ ਪੜ੍ਹਨ ਵਾਲੇ ਸਾਰੇ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਬਣਦਾ ਮਾਣ ਸਨਮਾਨ ਵੀ ਮੈਡਮ ਸਰੋਜ ਵੱਲੋਂ ਦਿੱਤਾ ਤੇ ਡਿਊਟੀ ਪ੍ਰਤੀ ਕਦੇ ਵੀ ਲਾਪਰਵਾਹੀ ਨਹੀਂ ਵਰਤੀ ਤੇ ਹਮੇਸ਼ਾ ਹੀ ਆਪਣੀ ਡਿਊਟੀ ਨੂੰ ਪਹਿਲ ਦਿੱਤੀ । ਸਾਰੇ ਸਟਾਫ ਵੱਲੋਂ ਜਿੱਥੇ ਉਹਨਾਂ ਦੀ ਸੇਵਾ ਮੁਕਤੀ ਤੇ ਪੂਰੇ ਗਰਗ ਪਰਿਵਾਰ ਨੂੰ ਵਧਾਈ ਦਿੱਤੀ ਗਈ ਉੱਥੇ ਹੀ ਸਰੋਜ ਰਾਣੀ ਤੇ ਉਹਨਾਂ ਦੇ ਪਰਿਵਾਰ ਨੂੰ ਸਮੂਹ ਸਟਾਫ ਵੱਲੋਂ ਯਾਦਗਾਰੀ ਚਿੰਨ ਤੇ ਤੋਹਫੇ ਦੇ ਕੇ ਸਨਮਾਨਿਤ ਵੀ ਕੀਤਾ ਗਿਆ । ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਜੀਵਨ ਕੁਮਾਰ ਨੇ ਨਿਭਾਈ । ਮਾਸਟਰ ਦੇਵੀ ਦਿਆਲ ਜੀ ਵੱਲੋਂ ਸਨਮਾਨ ਚਿੰਨ ਨੂੰ ਪੜ੍ਹ ਕੇ ਸੁਣਾਇਆ ਗਿਆ ਜਿਸ ਵਿੱਚ ਮੈਡਮ ਸਰੋਜ ਰਾਣੀ ਦੀ ਜੀਵਨ ਤੇ ਚਾਨਣਾ ਪਾਇਆ ਹੋਇਆ ਸੀ । ਲੈਕਚਰ ਰਾਮ ਸਿੰਘ ਵੱਲੋਂ ਵੀ ਮੈਡਮ ਸਰੋਜ ਰਾਣੀ ਸਬੰਧੀ ਆਪਣੀ ਸ਼ੁਭਕਾਮਨਾਵਾਂ ਭੇਂਟ ਕੀਤੀਆਂ ਗਈਆਂ। ਮੈਡਮ ਰਜਨੀ ਸ਼ਰਮਾ ਵੱਲੋਂ ਵੀ ਆਪਣੇ ਭਾਵਪੂਰਨ ਗੀਤ ਰਾਹੀਂ ਉਹਨਾਂ ਨੂੰ ਵਿਦਾਇਗੀ ਦਿੱਤੀ। ਮੈਡਮ ਹਰੀਸ਼ ਗੁਪਤਾ ਜੀ ਵੱਲੋਂ ਵੀ ਆਪਣੀ ਕੁੜਮਣੀ ਮੈਡਮ ਸਰੋਜ ਰਾਣੀ ਜੀ ਨੂੰ ਉਹਨਾਂ ਦੀ ਸੇਵਾ ਮੁਕਤੀ ਤੇ ਵਿਦਾਇਗੀ ਭਾਸ਼ਣ ਦਿੱਤਾ ਗਿਆ । ਸ੍ਰੀਮਤੀ ਕਮਲੇਸ਼ ਕੁਮਾਰੀ ਵੱਲੋਂ ਵੀ ਆਪਣੀ ਵੱਡੀ ਭੈਣ ਸ੍ਰੀਮਤੀ ਸਰੋਜ ਰਾਣੀ ਨੂੰ ਸੇਵਾ ਮੁਕਤੀ ਤੇ ਵਿਦਾਇਗੀ ਭਾਸ਼ਣ ਅਤੇ ਗੀਤ ਗਾ ਕੇ ਉਹਨਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ। ਮੈਡਮ ਸਰੋਜ ਰਾਣੀ ਜੀ ਵੱਲੋਂ ਆਪਣੇ ਸੰਬੋਧਨ ਦੌਰਾਨ ਆਪਣੀ 39 ਸਾਲ ਦੀ ਸਿੱਖਿਆ ਵਿਭਾਗ ਚ ਕੀਤੀਆਂ ਸੇਵਾਵਾਂ ਤੇ ਚਾਨਣਾ ਪਾਇਆ ਅਤੇ ਭਰੇ ਮਨ ਵਿੱਚ ਕਿਹਾ ਕਿ ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੇਨੜਾ ਵਿਖੇ ਨਿਭਾਏ ਆਪਣੇ ਸਮੇਂ ਨੂੰ ਕਦੇ ਵੀ ਨਹੀਂ ਭੁੱਲਣਗੇ ਕਿਉਂਕਿ ਇਸ ਸਕੂਲ ਦੇ ਪ੍ਰਿੰਸੀਪਲ ਮੈਡਮ ਅਤੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਉਹਨਾਂ ਨੂੰ ਜੋ ਮਾਣ ਸਤਿਕਾਰ ਇਸ ਸਕੂਲ ਵਿੱਚ ਮਿਲਿਆ ਉਹ ਉਹਨਾਂ ਨੂੰ ਆਪਣੀ 39 ਸਾਲ ਦੀ ਸੇਵਾਵਾਂ ਦੇ ਵਿੱਚ ਇਸ ਸਕੂਲ ਤੋਂ ਇਲਾਵਾ ਕਿਸੇ ਹੋਰ ਸਕੂਲ ਚ ਨਹੀਂ ਮਿਲਿਆ । ਪ੍ਰਿੰਸੀਪਲ ਮੈਡਮ ਨੀਲਮਜੀਤ ਕੌਰ ਜੀ ਵੱਲੋਂ ਆਪਣੇ ਸੰਬੋਧਨ ਦੌਰਾਨ ਮੈਡਮ ਸਰੋਜ ਰਾਣੀ ਵੱਲੋਂ ਇਸ ਸਕੂਲ ਵਿੱਚ ਨਿਭਾਈਆਂ ਸੇਵਾਵਾਂ ਤੇ ਤਸੱਲੀ ਪ੍ਰਗਟ ਕੀਤੀ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਅਤੇ ਉਹਨਾਂ ਦਾ ਪਰਿਵਾਰ ਹਮੇਸ਼ਾ ਤੰਦਰੁਸਤ ਰਹਿਣ , ਚੜ੍ਹਦੀ ਕਲਾ ਚ ਰਹਿਣ ਅਤੇ ਪਰਮਾਤਮਾ ਉਹਨਾਂ ਦੀਆਂ ਮਨੋਕਾਮਨਾਵਾਂ ਹਮੇਸ਼ਾ ਪੂਰੀਆਂ ਕਰੇ । ਇਸ ਮੌਕੇ ਮਾਸਟਰ ਪ੍ਰਿੰਸ ਸਿੰਗਲਾ , ਮਾਸਟਰ ਬਲਵਿੰਦਰ ਸਿੰਘ , ਮਾਸਟਰ ਜਸਵਿੰਦਰ ਸਿੰਘ , ਮੈਡਮ ਹਰਪ੍ਰੀਤ ਕੌਰ , ਮੈਡਮ ਆਰਤੀ ਕਾਲੜਾ , ਮੈਡਮ ਮੋਨਿਕਾ ਰਾਣੀ , ਮੈਡਮ ਗੁਰਪ੍ਰੀਤ ਕੌਰ ਮੈਡਮ ਪਲਵਿੰਦਰ ਕੌਰ , ਮੈਡਮ ਏਕਤਾ ਸਿੰਗਲਾ , ਮੈਡਮ ਤਰਨਜੀਤ ਕੌਰ , ਮੈਡਮ ਜੋਤੀ ਅਤੇ ਮੈਡਮ ਸਿਮਰਜੀਤ ਕੌਰ ਆਦਿ ਨੇ ਵੀ ਇਸ ਸੇਵਾ ਮੁਕਤੀ ਅਤੇ ਵਿਦਾਇਗੀ ਪਾਰਟੀ ਦੀ ਸ਼ੋਭਾ ਵਧਾਈ ।

# ਸ੍ਰੀ ਅਮਨ ਅਰੋੜਾ ਲੌਂਗੋਵਾਲ ਵਿਖੇ 11 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਸਿਵਲ ਹਸਪਤਾਲ ਦਾ ਅੱਜ ਰੱਖਣਗੇ ਨੀਂਹ ਪੱਥਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਲੌਂਗੋਵਾਲ, 3 ਮਈ(ਜਗਸੀਰ ਸਿੰਘ)- ਹਲਕਾ ਸੁਨਾਮ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਅੱਜ ਕਸਬਾ ਲੌਂਗੋਵਾਲ ਵਿਖੇ 11 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਸਿਵਲ ਹਸਪਤਾਲ ਦਾ ਨੀਂਹ ਪੱਥਰ ਰੱਖਣਗੇ । ਇਹ ਜਾਣਕਾਰੀ ਦਿੰਦੇ ਹੋਏ ਪ੍ਰਸਿੱਧ ਸਮਾਜ ਸੇਵਕ ਸਰਪੰਚ ਬਲਵਿੰਦਰ ਸਿੰਘ ਢਿੱਲੋਂ ਅਤੇ ਸੀਨੀਅਰ ਆਪ ਆਗੂ ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਦੱਸਿਆ ਕਿ ਕਸਬੇ ਦੀ ਸਮੁੱਚੀ ਆਪ ਟੀਮ ਤੇ ਇਲਾਕਾ ਨਿਵਾਸੀ ਇਸ ਸੌਗਾਤ ਲਈ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਅਮਨ ਅਰੋੜਾ ਸੂਬਾ ਪ੍ਰਧਾਨ ਆਪ ਤੇ ਕੈਬਨਿਟ ਮੰਤਰੀ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅੱਜ ਸ਼ਾਮ 4 ਵਜੇ ਸਰਕਾਰੀ ਹਸਪਤਾਲ ਲੌਂਗੋਵਾਲ ਵਿਖੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਰੱਖੇ ਜਾ ਰਹੇ ਇਸ ਨੀਂਹ ਪੱਥਰ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ।

# ਕਿਤਾਬਾਂ ਤੋਂ ਬਿਨਾਂ ਕਿਵੇਂ ਆਵੇਗੀ ਸਿੱਖਿਆ ਕ੍ਰਾਂਤੀ - ਡੀ.ਟੀ.ਐੱਫ.

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਸੰਗਰੂਰ, 3 ਮਈ (ਜਗਸੀਰ ਸਿੰਘ) - ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਹਾਲੇ ਤੱਕ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਪਾਠ ਪੁਸਤਕਾਂ ਮੁਹੱਈਆ ਨਾ ਕਰਾਉਣ 'ਤੇ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਅਤੇ ਸਕੱਤਰ ਹਰਭਗਵਾਨ ਗੁਰਨੇ ਨੇ ਸਰਕਾਰ ਨੂੰ ਸਵਾਲ ਪੁੱਛਦਿਆਂ ਕਿਹਾ ਹੈ ਕਿ ਕਿਤਾਬਾਂ ਤੋਂ ਬਿਨਾਂ ਸਿੱਖਿਆ ਕ੍ਰਾਂਤੀ ਭਲਾ ਕਿਵੇਂ ਆਵੇਗੀ। ਪੰਜਾਬ ਸਰਕਾਰ ਜਨਤਕ ਸਿੱਖਿਆ ਵਿੱਚ ਲਗਾਤਾਰ ਕ੍ਰਾਂਤੀ ਦੀਆਂ ਗੱਲਾਂ ਕਰ ਰਹੀ ਹੈ ਜਦੋਂ ਕਿ ਪਾਠ ਪੁਸਤਕਾਂ ਦੀ ਸਥਿਤੀ ਤੋਂ ਲੱਗਦਾ ਹੈ ਕਿ ਸਰਕਾਰ ਦਾ ਸਿੱਖਿਆ ਕ੍ਰਾਂਤੀ ਦਾ ਸੰਕਲਪ ਹੀ ਗ਼ਲਤ ਹੈ। ਉਹ ਜਨਤਕ ਸਿੱਖਿਆ ਦੀ ਬਿਹਤਰੀ ਲਈ ਇਹਨਾਂ ਅਤਿ ਜ਼ਰੂਰੀ ਲੋੜਾਂ ਦੀ ਬਜਾਏ ਬੇਲੋੜੇ ਉਦਘਾਟਨੀ ਬੋਰਡਾਂ ਅਤੇ ਨੀਂਹ ਪੱਥਰਾਂ ਦੀ ਹਨੇਰੀ ਲਿਆਉਣ ਨੂੰ ਸਿੱਖਿਆ ਕ੍ਰਾਂਤੀ ਦਾ ਨਾਂ ਦੇ ਕੇ ਜਨਤਾ ਨੂੰ ਭਰਮਾ ਰਹੀ ਹੈ। ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਵਿੱਤ ਸਕੱਤਰ ਯਾਦਵਿੰਦਰ ਪਾਲ ਅਤੇ ਪ੍ਰੈੱਸ ਸਕੱਤਰ ਜਸਬੀਰ ਨਮੋਲ ਨੇ ਕਿਹਾ ਕਿਹਾ ਕਿ ਜਥੇਬੰਦੀ ਨੂੰ ਪ੍ਰਾਪਤ ਜਾਣਕਾਰੀ ਅਨੁਸਾਰ ਪਹਿਲੀ ਜਮਾਤ ਦੀ ਕੋਈ ਵੀ ਕਿਤਾਬ ਵਿਦਿਆਰਥੀਆਂ ਤੱਕ ਨਹੀਂ ਪਹੁੰਚੀ ਹੈ,ਇਸ ਤੋਂ ਇਲਾਵਾ ਤੀਜੀ ਦੀ ਵਾਤਾਵਰਨ ਸਿੱਖਿਆ, ਪੰਜਵੀਂ ਦਾ ਗਣਿਤ,ਛੇਵੀਂ ਦੀ ਸਮਾਜਿਕ ਸਿੱਖਿਆ, ਸੱਤਵੀਂ ਦੀ ਸਮਾਜਿਕ ਸਿੱਖਿਆ,ਕੰਪਿਊਟਰ ਤੇ ਡਰਾਇੰਗ,ਅੱਠਵੀਂ ਦਾ ਗਣਿਤ ਤੇ ਪੰਜਾਬੀ, ਨੌਵੀਂ ਦਾ ਸਮਾਜਿਕ ਸਿੱਖਿਆ ਭਾਗ 2 ਤੇ ਅੰਗਰੇਜ਼ੀ ਮੇਨ ਕੋਰਸ,ਦਸਵੀਂ ਦਾ ਸਮਾਜਿਕ ਸਿੱਖਿਆ ਭਾਗ 2 ਤੇ ਅੰਗਰੇਜ਼ੀ ਮੇਨ ਕੋਰਸ,ਗਿਆਰ੍ਹਵੀਂ ਦੀ ਪਨੋਰਮਾ ਆਫ ਲਾਈਫ,ਰਾਜਨੀਤੀ ਵਿਗਿਆਨ ਤੇ ਇਤਿਹਾਸ,ਬਾਰ੍ਹਵੀਂ ਦੀ ਰਾਜਨੀਤੀ ਵਿਗਿਆਨ ਤੇ ਇਤਿਹਾਸ ਦੀਆਂ ਕਿਤਾਬਾਂ ਸਕੂਲਾਂ ਵਿੱਚ ਨਹੀਂ ਪਹੁੰਚੀਆਂ ਹਨ। ਆਗੂਆਂ ਨੇ ਵਿਭਾਗ ਤੋਂ ਮੰਗ ਕੀਤੀ ਕਿ ਜਲਦੀ ਤੇ ਜਲਦੀ ਉਕਤ ਕਿਤਾਬਾਂ ਵਿਦਿਆਰਥੀਆਂ ਤੱਕ ਪਹੁੰਚਾਈਆਂ ਜਾਣ ਤਾਂ ਕਿ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਨੇ ਹੋਵੇ ਅਤੇ ਭਵਿੱਖ ਵਿੱਚ ਵੀ ਵਿੱਦਿਅਕ ਸੈਸ਼ਨ ਦੇ ਸ਼ੁਰੂ ਹੋਣ ਤੋਂ ਪਹਿਲਾਂ ਹਰੇਕ ਵਿਦਿਆਰਥੀ ਤੱਕ ਸਾਰੀਆਂ ਕਿਤਾਬਾਂ ਪਹੁੰਚਾਉਣੀਆਂ ਯਕੀਨੀ ਬਣਾਈਆਂ ਜਾਣ।

# ਈਕੋ ਕਲੱਬ ਤਹਿਤ ਵਿਦਿਆਰਥੀਆਂ ਨੂੰ ਨਰਸਰੀ ਦਾ ਦੌਰਾ ਕਰਵਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਮਹਿਲਾਂ ਚੌਂਕ,3 ਮਈ (ਜਗਸੀਰ ਸਿੰਘ)-

ਐੱਸ.ਯੂ.ਐੱਸ ਸੀਨੀ. ਸੈਕੰ. ਸਕੂਲ ਮਹਿਲਾਂ ਚੌਂਕ ਵਿਖੇ ਸੰਸਥਾ ਦੇ ਚੇਅਰਮੈਨ ਸ. ਰਾਓਵਿੰਦਰ ਸਿੰਘ ਅਤੇ ਵਾਈਸ ਚੇਅਰਮੈਨ ਸ. ਕੌਰ ਸਿੰਘ ਦੁੱਲਟ ਦੀ ਅਗਵਾਈ ਅਧੀਨ ਈਕੋ ਕਲੱਬ ਦੀਆਂ ਗਤੀਵਿਧੀਆਂ ਅਧੀਨ ਵਿਦਿਆਰਥੀਆਂ ਨੂੰ ਪੌਦਿਆਂ ਦੀ ਜਾਣਕਾਰੀ ਦੇਣ ਲਈ ਹੈਪੀ ਨਰਸਰੀ ਮਹਿਲਾਂ ਵਿਖੇ ਲਿਜਾਇਆ ਗਿਆ। ਨਰਸਰੀ ਇੰਚਾਰਜ ਵੱਲੋਂ ਵਿਦਿਆਰਥੀਆਂ ਨੂੰ ਵੱਖ-ਵੱਖ ਪੌਦਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਇਹਨਾਂ ਪੌਦਿਆਂ ਦੀ ਸਾਡੀ ਰੋਜਾਨਾਂ ਜਿੰਦਗੀ ਵਿੱਚ ਕੀ ਮਹੱਤਤਾ ਹੈ ਅਤੇ ਇਹ ਦੱਸਿਆ ਗਿਆ ਕਿ ਕਿਸ ਸਮੇਂ ਪੌਦਿਆਂ ਨੂੰ ਪਾਣੀ ਦੇਣਾ ਚਾਹੀਦਾ ਹੈ ਅਤੇ ਕਿਸ ਪ੍ਰਕਾਰ ਪੌਦਿਆਂ ਦੀ ਦੇਖਭਾਲ ਕਰਨੀ ਚਾਹੀਦੀ ਹੈ। ਵਿਦਿਆਰਥੀਆਂ ਵਲੋਂ ਪੌਦਿਆਂ ਦੀ ਜਾਣਕਾਰੀ ਲੈਣ ਉਪਰੰਤ ਸਵਾਲ-ਜਵਾਬ ਵੀ ਕੀਤੇ ਗਏ। ਜਿਸ ਦੇ ਨਰਸਰੀ ਇੰਚਾਰਜ ਨੇ ਬੜੇ ਸੁਚੱਜੇ ਢੰਗ ਨਾਲ ਜਵਾਬ ਦਿੱਤੇ। ਇਸ ਸਮੇਂ ਈਕੋ ਕਲੱਬ ਦੇ ਨੋਡਲ ਅਫ਼ਸਰ ਸਤਗੁਰ ਸਿੰਘ ਅਤੇ ਮੈਂਬਰ ਅਰਸ਼ਦੀਪ ਕੌਰ, ਇੰਦਰਜੀਤ ਕੌਰ, ਸਿਮਰਨ ਕੌਰ, ਚੈਰੀ ਰਾਣੀ ਵਿਦਿਆਰਥੀਆਂ ਦੇ ਨਾਲ ਮੌਜੂਦ ਸਨ। ਪ੍ਰਿੰਸੀਪਲ ਸੰਦੀਪ ਜੀ ਨੇ ਵਿਦਿਆਰਥੀਆਂ ਨੂੰ ਆਪਣੇ-ਆਪਣੇ ਜਨਮ ਦਿਨ ਤੇ ਇੱਕ-ਇੱਕ ਪੌਦਾ ਜ਼ਰੂਰ ਲਗਾਉਣ ਲਈ ਉਤਸ਼ਾਹਿਤ ਕੀਤਾ। ਇਸਦੇ ਨਾਲ ਹੀ ਕੁੱਝ ਵਿਦਿਆਰਥੀਆਂ ਵਲੋਂ ਵੱਖ-ਵੱਖ ਤਰ੍ਹਾਂ ਦੇ ਪੌਦੇ ਖਰੀਦੇ ਗਏ। ਸਾਰੇ ਵਿਦਿਆਰਥੀਆਂ ਵਲੋਂ ਇਹ ਪ੍ਰਣ ਕੀਤਾ ਗਿਆ ਕਿ ਉਹ ਵੱਧ ਤੋਂ ਵੱਧ ਪੌਦੇ ਲਗਾਉਣਗੇ ਅਤੇ ਆਪਣੇ ਆਲੇ-ਦੁਆਲੇ ਨੂੰ ਹਰਿਆ-ਭਰਿਆ ਰੱਖਣਗੇ।

# ਅੰਡਰ-23 ਕ੍ਰਿਕਟ ਹੁਸ਼ਿਆਰਪੁਰ ਨੇ ਫਤਿਹਗੜ੍ਹ ਸਾਹਿਬ ਨੂੰ ਇੱਕ ਪਾਰੀ ਅਤੇ 66 ਦੌੜਾਂ ਨਾਲ ਹਰਾਇਆ : ਡਾ. ਰਮਨ ਘਈ

## ਕਪਤਾਨ ਰਚਿਤ ਸੋਨੀ, ਉਪ ਕਪਤਾਨ ਹਰਲ ਵਸ਼ਿਸ਼ਟ, ਅਨਿਕੇਤ ਰਾਣਾ, ਉਪਵਸ਼ੀ ਰਾਠੌਰ ਅਤੇ ਮਨਵੀਰ ਹੀਰ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਹੁਸ਼ਿਆਰਪੁਰ 3 ਮਈ (ਤਰਸੇਮ ਦੀਵਾਨਾ) ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਕਰਵਾਏ ਜਾ ਰਹੇ ਅੰਤਰ-ਜ਼ਿਲ੍ਹਾ ਅੰਡਰ-23 ਕ੍ਰਿਕਟ ਮੁਕਾਬਲੇ ਵਿੱਚ, ਹੁਸ਼ਿਆਰਪੁਰ ਦੀ ਟੀਮ ਨੇ ਰਚਿਤ ਸੋਨੀ, ਹਰਲ ਵਸ਼ਿਸ਼ਟ, ਅਨਿਕੇਤ ਰਾਣਾ, ਮਨਵੀਰ ਹੀਰ ਦੀ ਬੱਲੇਬਾਜ਼ੀ ਅਤੇ ਉਪਲਕਸ਼ ਰਾਠੌਰ, ਆਰੀਅਨ ਅਰੋੜਾ ਅਤੇ ਅੰਮ੍ਰਿਤਪਾਲ ਸਿੰਘ ਦੀ ਸ਼ਾਨਦਾਰ ਗੇਂਦਬਾਜ਼ੀ ਦੀ ਬਦੌਲਤ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀ ਟੀਮ ਨੂੰ ਇੱਕ ਪਾਰੀ ਅਤੇ 66 ਦੌੜਾਂ ਨਾਲ ਹਰਾ ਕੇ ਸ਼ਾਨਦਾਰ ਜਿੱਤ ਹਾਸਲ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਚਡੀਸੀਏ ਦੇ ਸਕੱਤਰ ਡਾ. ਰਮਨ ਘਈ ਨੇ ਦੱਸਿਆ ਕਿ ਹੁਸ਼ਿਆਰਪੁਰ ਦੀ ਟੀਮ ਨੇ ਟਾਸ ਜਿੱਤਣ ਤੋਂ ਬਾਅਦ ਪਹਿਲਾਂ ਬੱਲੇਬਾਜ਼ੀ ਕਰਦਿਆਂ 74.2 ਓਵਰਾਂ ਵਿੱਚ 8 ਵਿਕਟਾਂ ਦੇ ਨੁਕਸਾਨ 'ਤੇ 310 ਦੌੜਾਂ ਬਣਾਈਆਂ ਅਤੇ ਪਾਰੀ ਦਾ ਐਲਾਨ ਕਰਦਿਆਂ ਫਤਿਹਗੜ੍ਹ ਸਾਹਿਬ ਨੂੰ ਬੱਲੇਬਾਜ਼ੀ ਲਈ ਸੱਦਾ ਦਿੱਤਾ। ਹੁਸ਼ਿਆਰਪੁਰ ਲਈ ਸ਼ਾਨਦਾਰ ਬੱਲੇਬਾਜ਼ੀ ਕਰਦੇ ਹੋਏ, ਕਪਤਾਨ ਰਚਿਤ ਸੋਨੀ ਨੇ 76 ਦੌੜਾਂ, ਉਪ ਕਪਤਾਨ ਹਰਲ ਵਸ਼ਿਸ਼ਟ ਨੇ 57 ਦੌੜਾਂ, ਅਨਿਕੇਤ ਰਾਣਾ ਨੇ 56 ਦੌੜਾਂ, ਮਨਵੀਰ ਹੀਰ ਨੇ 34 ਦੌੜਾਂ ਅਤੇ ਉਪਲਕਸ਼ ਰਾਠੌਰ ਅਤੇ ਆਰੀਅਨ ਅਰੋੜਾ ਕ੍ਰਮਵਾਰ 20 ਅਤੇ 15 ਦੌੜਾਂ ਬਣਾ ਕੇ ਨਾਬਾਦ ਰਹੇ, ਇਸ ਤਰ੍ਹਾਂ ਹੁਸ਼ਿਆਰਪੁਰ ਦੀ ਟੀਮ ਨੂੰ ਮਜ਼ਬੂਤੀ ਮਿਲੀ। ਫਤਿਹਗੜ੍ਹ ਸਾਹਿਬ ਲਈ ਗੇਂਦਬਾਜ਼ੀ ਕਰਦਿਆਂ ਸਕਸ਼ਮ ਕਤਿਆਲ ਨੇ 4 ਵਿਕਟਾਂ ਲਈਆਂ ਜਦਕਿ ਹਰਸ਼ਦੀਪ ਸਿੰਘ ਪੰਧੇਰ ਨੇ 2 ਵਿਕਟਾਂ ਹਾਸਲ ਕੀਤੀਆਂ। ਆਪਣੀ ਪਹਿਲੀ ਪਾਰੀ ਵਿੱਚ ਬੱਲੇਬਾਜ਼ੀ ਕਰਨ ਆਉਂਦੇ ਹੋਏ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀ ਟੀਮ ਹਰਲ ਵਸ਼ਿਸ਼ਟ ਅਤੇ ਉਪਲਕਸ਼ ਰਾਠੌਰ ਦੀ ਗੇਂਦਬਾਜ਼ੀ ਅੱਗੇ ਪੂਰੀ ਤਰ੍ਹਾਂ ਢਹਿ ਗਈ। ਫਤਿਹਗੜ੍ਹ ਸਾਹਿਬ ਦੀ ਟੀਮ 26.5 ਓਵਰਾਂ ਵਿੱਚ ਸਿਰਫ਼ 98 ਦੌੜਾਂ ਹੀ ਬਣਾ ਸਕੀ। ਜਿਸ ਵਿੱਚ ਹਰਲ ਵਸ਼ਿਸ਼ਟ ਨੇ 5 ਵਿਕਟਾਂ, ਉਪਲਕਸ਼ ਰਾਠੌਰ ਨੇ 4 ਵਿਕਟਾਂ ਅਤੇ ਅੰਮ੍ਰਿਤਪਾਲ ਸਿੰਘ ਨੇ 1 ਖਿਡਾਰੀ ਨੂੰ ਆਊਟ ਕੀਤਾ। 212 ਦੌੜਾਂ ਨਾਲ ਪਿੱਛੇ ਰਹਿਣ ਤੋਂ ਬਾਅਦ ਦੂਜੀ ਪਾਰੀ ਵਿੱਚ ਫਾਲੋਆਨ 'ਤੇ ਖੇਡਦਿਆਂ, ਫਤਿਹਗੜ੍ਹ ਸਾਹਿਬ ਦੀ ਟੀਮ ਇੱਕ ਵਾਰ ਫਿਰ 30.4 ਓਵਰਾਂ ਵਿੱਚ ਸਿਰਫ਼ 146 ਦੌੜਾਂ ਹੀ ਬਣਾ ਸਕੀ। ਜਿਸ ਵਿੱਚ ਸਕਸ਼ਮ ਸਿੰਗਲਾ ਨੇ 48 ਦੌੜਾਂ ਅਤੇ ਮਨਪ੍ਰੀਤ ਧੀਮਾਨ ਨੇ 21 ਦੌੜਾਂ ਦਾ ਯੋਗਦਾਨ ਪਾਇਆ। ਇੱਕ ਵਾਰ ਫਿਰ, ਹੁਸ਼ਿਆਰਪੁਰ ਦੇ ਗੇਂਦਬਾਜ਼ ਉਪਲਕਸ਼ ਰਾਠੌਰ ਨੇ 5 ਵਿਕਟਾਂ, ਹਰਲ ਵਸ਼ਿਸ਼ਟ ਨੇ 3 ਵਿਕਟਾਂ, ਆਰੀਅਨ ਅਰੋੜਾ ਅਤੇ ਅਭੈ ਪਠਾਨੀਆ ਨੇ 1-1 ਵਿਕਟ ਲਈ। ਡਾ. ਘਈ ਨੇ ਕਿਹਾ ਕਿ ਇਸ ਤਰ੍ਹਾਂ ਅੰਡਰ-23 ਦੋ-ਰੋਜ਼ਾ ਮੈਚ ਵਿੱਚ ਹੁਸ਼ਿਆਰਪੁਰ ਨੇ ਫਤਿਹਗੜ੍ਹ ਸਾਹਿਬ ਨੂੰ 1 ਪਾਰੀ ਅਤੇ 66 ਦੌੜਾਂ ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਅਤੇ 4 ਅੰਕ ਹਾਸਲ ਕੀਤੇ। ਡਾ. ਘਈ ਨੇ ਹੁਸ਼ਿਆਰਪੁਰ ਦੀ ਇਸ ਜਿੱਤ 'ਤੇ ਖੁਸ਼ੀ ਪ੍ਰਗਟ ਕੀਤੀ ਅਤੇ ਪੂਰੀ ਟੀਮ ਨੂੰ ਉਨ੍ਹਾਂ ਦੇ ਚੰਗੇ ਪ੍ਰਦਰਸ਼ਨ ਲਈ ਵਧਾਈ ਦਿੱਤੀ। ਹੁਸ਼ਿਆਰਪੁਰ ਟੀਮ ਦੀ ਇਸ ਵੱਡੀ ਜਿੱਤ 'ਤੇ ਐਚਡੀਸੀਏ ਦੇ ਪ੍ਰਧਾਨ ਡਾ. ਦਲਜੀਤ ਖੇਲਾ, ਟੂਰਨਾਮੈਂਟ ਕਮੇਟੀ ਦੇ ਚੇਅਰਮੈਨ ਡਾ. ਪੰਕਜ ਸ਼ਿਵ ਅਤੇ ਸੰਯੁਕਤ ਸਕੱਤਰ ਵਿਵੇਕ ਸਾਹਨੀ ਨੇ ਸਮੂਹ ਐਸੋਸੀਏਸ਼ਨ ਵੱਲੋਂ ਟੀਮ ਨੂੰ ਵਧਾਈ ਦਿੱਤੀ। ਹੁਸ਼ਿਆਰਪੁਰ ਟੀਮ ਦੀ ਇਸ ਜਿੱਤ 'ਤੇ ਜ਼ਿਲ੍ਹਾ ਕੋਚ ਦਲਜੀਤ ਸਿੰਘ, ਜੂਨੀਅਰ ਕੋਚ ਦਲਜੀਤ ਧੀਮਾਨ, ਪੰਕਜ ਪਿੰਕਾ, ਦਿਨੇਸ਼ ਸ਼ਰਮਾ ਅਤੇ ਜ਼ਿਲ੍ਹਾ ਮਹਿਲਾ ਕੋਚ ਦਵਿੰਦਰ ਕਲਿਆਣ ਅਤੇ ਜ਼ਿਲ੍ਹਾ ਟ੍ਰੇਨਰ ਕੁਲਦੀਪ ਧਾਮੀ ਨੇ ਟੀਮ ਨੂੰ ਵਧਾਈ ਦਿੱਤੀ ਅਤੇ ਹੋਰ ਮਿਹਨਤ ਅਤੇ ਲਗਨ ਨਾਲ ਵਧੀਆ ਪ੍ਰਦਰਸ਼ਨ ਕਰਨ ਲਈ ਕਿਹਾ।

# *ਅਧਿਆਪਕ ਦੀਆਂ ਬਦਲੀਆਂ ਦਾ ਪੋਰਟਲ ਖੋਲਿਣ ਦੀ ਮੰਗ

## *ਘਰੋਂ ਦੂਰ ਬੈਠੇ ਅਤੇ ਗੰਭੀਰ ਬਿਮਾਰੀਆਂ ਤੋਂ ਪੀੜਿਤ ਅਧਿਆਪਕਾਂ ਨੂੰ ਦਿੱਤੀ ਜਾਵੇ ਰਾਹਤ,,,,-ਡੀ ਟੀ ਐਫ਼*

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ, 03 ਮਈ( ਆਤਮਾ ਸਿੰਘ ਪਮਾਰ ) ਨਵੇਂ ਸੈਸ਼ਨ ਦੇ ਇੱਕ ਮਹੀਨਾ ਲੰਘ ਜਾਣ ਦੇ ਬਾਵਜੂਦ ਵੀ ਸਿੱਖਿਆ ਵਿਭਾਗ ਵੱਲੋਂ ਅਜੇ ਤੱਕ ਅਧਿਆਪਕਾਂ ਦੀਆਂ ਬਦਲੀਆਂ ਸੰਬੰਧੀ ਕੋਈ ਦਿਸ਼ਾ ਨਿਰਦੇਸ਼ ਜਾਰੀ ਨਹੀਂ ਹੋਏ।ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਜਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਸਾਲਾਂ ਵਾਂਗ ਇਸ ਸਾਲ ਵੀ ਅਧਿਆਪਕਾਂ ਦੀਆਂ ਬਦਲੀਆਂ ਦੀ ਪ੍ਰਕਿਰਿਆ ਅਪ੍ਰੈਲ ਮਹੀਨਾ ਲੰਘ ਜਾਣ ਦੇ ਬਾਵਜੂਦ ਸ਼ੁਰੂ ਨਹੀਂ ਕੀਤੀ ਗਈ|ਜਿਸ ਕਰਕੇ ਜਿੱਥੇ ਬਦਲੀਆਂ ਕਰਵਾਉਣ ਦੇ ਚਾਹਵਾਨ ਅਧਿਆਪਕ ਪ੍ਰੇਸ਼ਾਨ ਹਨ ਓਥੇ ਹੀ ਇਹ ਪ੍ਰਕਿਰਿਆ ਸੈਸ਼ਨ ਦੇ ਅੱਧ ਤੱਕ ਚਲੇ ਜਾਣ ਕਾਰਨ ਸਕੂਲਾਂ ਦੇ ਪ੍ਰਬੰਧਨ 'ਚ ਵੀ ਸਮੱਸਿਆ ਬਣੇਗੀ |ਉਹਨਾਂ ਮੰਗ ਕੀਤੀ ਕਿ ਸਾਰੇ ਅਧਿਆਪਕਾਂ ਲਈ ਬਦਲੀ ਕਰਵਾਉਣ ਲਈ ਸਟੇਅ ਦੀ ਸ਼ਰਤ ਘਟਾ ਕੇ ਇੱਕ ਸਾਲ ਕੀਤੀ ਜਾਵੇ|

ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਮੰਗ ਕੀਤੀ ਕਿ ਦੂਰ ਦੁਰਾਡੇ ਬੈਠੇ ਅਧਿਆਪਕਾਂ ਨੂੰ ਰਾਹਤ ਦੇਣ ਲਈ ਆਨਲਾਈਨ ਬਦਲੀਆਂ ਦਾ ਪੋਰਟਲ ਜਲਦੀ ਖੋਲਿਆ ਜਾਵੇ ਅਤੇ ਸਾਰੇ ਖਾਲੀ ਪਏ ਸਟੇਸ਼ਨਾ ਦੀ ਸੂਚੀ ਜਨਤਕ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਬਦਲੀਆਂ ਸੈਸ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਕਰ ਦੇਣੀਆਂ ਚਾਹੀਦੀਆਂ ਹਨ ਤਾਂ ਜੋ ਸਕੂਲਾਂ ਵਿੱਚ ਟਾਈਮ ਟੇਬਲ ਆਦਿ ਬਣਾਉਣ' ਚ ਦਿੱਕਤ ਨਾ ਆਵੇ|ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਮੰਗ ਕੀਤੀ ਕਿ ਆਪਸੀ ਬਦਲੀ ਤੇ ਲਾਈਆਂ ਬੇਲੋੜੀਆਂ ਸ਼ਰਤਾਂ ਨੂੰ ਖ਼ਤਮ ਕੀਤਾ ਜਾਵੇ |ਗੰਭੀਰ ਬਿਮਾਰੀਆਂ ਤੋਂ ਪੀੜਿਤ ਅਧਿਆਪਕਾਂ ਨੂੰ ਬਦਲੀ ਦਾ ਵਿਸ਼ੇਸ਼ ਮੌਕਾ ਦਿੱਤਾ ਜਾਵੇ |ਘਰਾਂ ਤੋਂ ਦੂਰ ਬੈਠੇ ਅਧਿਆਪਕਾਂ ਨੂੰ ਬਦਲੀ ਪ੍ਰਕਿਰਿਆ ਵਿੱਚ ਸਪੈਸ਼ਲ ਰਾਹਤ ਦਿੱਤੀ ਜਾਵੇ|

ਇਸ ਮੌਕੇਕੁਲਦੀਪ ਅੱਕਾਂਵਾਲੀ ਨਵੀਨ ਬੋਹਾ, ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ,ਅਮਰੀਕ ਬੋਹਾ,ਰਾਜ ਸਿੰਘ,ਨਵਜੋਸ਼ ਸਪੋਲੀਆ, ਸੰਦੀਪ ਧਰਮਪੁਰਾ, ਗੁਰਦੀਪ ਬਰਨਾਲਾ , ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਜਗਦੇਵ ਸਿੰਘ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਕੁਲਵਿੰਦਰ ਜੋਗਾ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ , ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓ, ਮਨਦੀਪ ਕੁਮਾਰ ਆਦਿ ਅਧਿਆਪਕ ਆਗੂ ਵੀ ਹਾਜਰ ਸਨ।

# ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਰੈਗੂਲਰ ਵਿਦਿਆਰਥੀਆਂ ਲਈ ਦਾਖਲੇ ਦੀ ਅੰਤਿਮ ਮਿਤੀ ਨਿਰਧਾਰਿਤ

## ਰੈਗੂਲਰ ਵਿਦਿਆਰਥੀਆਂ ਵਾਸਤੇ ਦਾਖਲੇ ਦੀ ਅੰਤਿਮ ਮਿਤੀ 15 ਜੁਲਾਈ 2025

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਮੋਹਾਲੀ 02 ਮਈ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੋਟਗੁਰੂ) - ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ/ਏਡਿਡ ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲ ਮੁੱਖੀਆਂ ਅਤੇ ਪੰਜਾਬ ਰਾਜ ਦੇ ਸਮੂਹ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬੋਰਡ ਵਲੋਂ ਅਕਾਦਮਿਕ ਸਾਲ 2025- 26 ਲਈ ਅੱਠਵੀਂ ਤੋਂ ਬਾਰ੍ਹਵੀਂ ਸ੍ਰੇਣੀਆਂ ਲਈ ਸਕੂਲਾਂ ਵਿੱਚ ਦਾਖਲਾ ਲੈਣ ਵਾਲੇ ਰੈਗੂਲਰ ਵਿਦਿਆਰਥੀਆਂ ਵਾਸਤੇ ਦਾਖਲੇ ਦੀ ਅੰਤਿਮ ਮਿਤੀ 15 ਜੁਲਾਈ 2025 ਨਿਰਧਾਰਿਤ ਕੀਤੀ ਜਾਂਦੀ ਹੈ।

# ਕੁਲਤਾਰ ਸਿੰਘ ਸੰਧਵਾਂ ਨੇ ਮੋਰਿੰਡਾ ਵਿਖੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਪ੍ਰਤਿਮਾ ਦਾ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਮੋਰਿੰਡਾ 3 ਮਈ (ਪਤਰ ਪ੍ਰੇਰਕ) ਮਹਾਂਰਾਜਾ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਦੀ ਵੇਰਕਾ ਚੌਕ ਮੋਰਿੰਡਾ ਵਿਖੇ ਸਥਾਪਿਤ ਕੀਤੀ ਪ੍ਰਤਿਮਾ ਦਾ ਉਦਘਾਟਨ ਅੱਜ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫੈਡਰੇਸ਼ਨ ਦੇ ਸਰਪ੍ਰਸਤ ਕੁਲਵੀਰ ਸਿੰਘ ਰੀਹਲ ਤੇ ਸੈਕਟਰੀ ਦਲਜੀਤ ਸਿੰਘ ਮੁੰਡੇ ਨੇ ਦੱਸਿਆ ਕਿ ਇਸ ਮੌਕੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ , ਪਾਠ ਤੇ ਬਾਅਦ ਜਥੇਦਾਰ ਸੂਬਾ ਭਾਈ ਸੰਦੀਪ ਸਿੰਘ ਜੀ ਭੈਣੀ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ, ਉਨ੍ਹਾਂ ਤੇ ਬਾਅਦ ਭਾਈ ਗੁਰਬਾਜ ਸਿੰਘ ਗੁ. ਸ੍ਰੀ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਵਾਲੇ ਨੇ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜੀਵਨ ਬਾਰੇ ਸੰਗਤਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਸਮਾਗਮ ਦੇ ਮੁੱਖ ਮਹਿਮਾਨ ਸ. ਕੁਲਤਾਰ ਸਿੰਘ ਸੰਧਵਾ ਸਪੀਕਰ ਵਿਧਾਨ ਸਭਾ ਪੰਜਾਬ ਨੇ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਪ੍ਰਤਿਮਾ ਦਾ ਉਦਘਾਟਨ ਕੀਤਾ ਗਿਆ । ਇਸ ਇਤਿਹਾਸਕ ਦਿਹਾੜੇ ਇੱਕ ਵਿਸ਼ਾਲ ਖੂਨਦਾਨ ਕੈਂਪ PGI ਚੰਡੀਗੜ੍ਹ ਬਲੱਡ ਬੈਂਕ ਦੇ ਸਹਿਯੋਗ ਨਾਲ ਲਗਾਇਆ ਗਿਆ , ਖੂਨਦਾਨ ਕੈਂਪ ਵਿੱਚ 52 ਵਿਅਕਤੀਆਂ ਨੇ ਖੂਨਦਾਨ ਕੀਤਾ ।, ਇਸ ਦਿਨ ਫ੍ਰੀ ਮੈਡੀਕਲ ਚੈੱਕਅਪ ਕੈਂਪ ਵੀ ਲਗਾਏ ਗਏ ਜਿਨ੍ਹਾਂ ਵਿੱਚ ਅੱਖਾਂ ਦਾ ਦੀ ਚੈੱਕਅਪ ਕੈਂਪ ਭਨੋਟ ਅੱਖਾਂ ਦਾ ਤੇ ਜਰਨਲ ਹਸਪਤਾਲ ਮੋਰਿੰਡਾ ਵੱਲੋਂ ਕੀਤਾ ਗਿਆ। ਗਾਇਨੀ ਦਾ ਤੇ ਜਰਨਲ ਮੈਡੀਸਨ ਦਾ ਕੈਂਪ ਫਤਿਹ ਹਸਪਤਾਲ ਮੋਰਿੰਡਾ ਵੱਲੋਂ , ਹੱਡੀਆਂ ਵਿੱਚ ਕੈਲਸ਼ੀਅਮ ਚੈੱਕਅਪ , ਫੀਜੋਥਰੈਪਈ ਦਾ ਕੈਂਪ, ਐਸ.ਐਨ. ਜੀ. ਅਡਵਾਂਸਡ ਹੱਡੀਆਂ ਦਾ ਹਸਪਤਾਲ ਮੋਰਿੰਡਾ ਵੱਲੋਂ ਸਾਡੇ ਅਤਿ ਸਤਿਕਾਰਯੋਗ ਮਾਸਟਰ ਅਵਤਾਰ ਸਿੰਘ ਕੰਗ ਜੀ ਦੀ ਨਿੱਘੀ ਯਾਦ ਨੂੰ ਸਮਰਪਿਤ ਕੀਤੇ ਗਏ । ਕੈਂਪ ਦੇ ਦੌਰਾਨ ਲੋੜਵੰਦ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ ।

ਇਸ ਸਮਾਗਮ ਦੌਰਾਨ ਸ਼ਹਿਰ ਦੇ ਉੱਚ ਸਿੱਖਿਆ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਤੇ ਛੋਟੀ ਉਮਰ ਵਿੱਚ ਪੰਜਾਬੀ ਫ਼ਿਲਮਾਂ ਦੇ ਡਾਇਰੈਕਟਰ ਬਣਨ ਵਾਲੇ , ਸ੍ਰੀਮਤੀ ਸੀਮਾ ਕੋਸਲ ਨੂੰ ਗਰੀਬ ਬੱਚਿਆਂ NGO ਦੇ ਮਾਧਿਅਮ ਰਾਹੀ ਸਹਾਰਾ ਬਣਨ ਵੱਡਾ ਫੈਡਰੇਸ਼ਨ ਵੱਲੋਂ "ਸਾਡਾ ਮਾਣ ਸਾਡੀ ਸ਼ਾਨ " ਪ੍ਰਸੰਸਾ ਪੱਤਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।



ਫੈਡਰੇਸ਼ਨ ਦੇ ਪ੍ਰਧਾਨ ਬਿਕਰਮਜੀਤ ਸਿੰਘ ਸੋਹਣਪਾਲ ਨੇ ਇਸ ਸਮਾਗਮ ਵਿੱਚ ਪੁੱਜੇ ਸਾਰਿਆਂ ਦਾ ਧੰਨਵਾਦ ਕੀਤਾ

ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਡਾ. ਚਰਨਜੀਤ ਸਿੰਘ MLA ਹਲਕਾ ਸ੍ਰੀ ਚਮਕੌਰ ਸਾਹਿਬ ,ਸ. ਮਾਲਵਿੰਦਰ ਸਿੰਘ ਕੰਗ M P ਹਲਕਾ ਸ੍ਰੀ ਅਨੰਦਪੁਰ ਸਾਹਿਬ, ਸ. ਤਰੁਨਪ੍ਰੀਤ ਸਿੰਘ ਸੌਂਦ ਕੈਬਨਿਟ ਮੰਤਰੀ ਪੰਜਾਬ, ਸ. ਅਮਨਸ਼ੇਰ ਸਿੰਘ ਕਲਸੀ MLA ਬਟਾਲਾ, ਸ. ਗੁਰਪ੍ਰੀਤ ਸਿੰਘ ਜੀ.ਪੀ ਸਾਬਕਾ M L A ,ਸੁਖਪਾਲ ਸਿੰਘ SDM ਮੋਰਿੰਡਾ,,ਸ੍ਰੀ ਵਿਜੈ ਕੁਮਾਰ ਟਿੰਕੂ ਹਲਕਾ ਇੰਚਾਰਜ ਕਾਂਗਰਸ ਪਾਰਟੀ ਖਰੜ, ਸ. ਗੁਰਿੰਦਰ ਪਾਲ ਸਿੰਘ ਬਿੱਲਾ ਸਟੇਟ ਚੇਅਰਮੈਨ ਇੰਡੀਆ ਨੈਸਨਲ ਕਾਂਗਰਸ , ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ M P ਹਲਕਾ ਸ੍ਰੀ ਅਨੰਦਪੁਰ ਸਾਹਿਬ ਸ. ਅਜਮੇਰ ਸਿੰਘ ਖੇੜਾ S G P C ਮੈਂਬਰ, ਸ੍ਰੀ ਰਜੇਸ਼ ਧੀਮਾਨ IAS ਭਾਈ ਰਣਜੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਬਾਬਾ ਸੁਰਿੰਦਰ ਸਿੰਘ ਮੁੱਖ ਪ੍ਰਬੰਧਕ ਡੇਰਾ ਕਾਰ ਸੇਵਾ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਮੋਰਿੰਡਾ, ਸ. ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ,M P ਹਲਕਾ ਜਲੰਧਰ, ਪ੍ਰਿ. ਮਾਤਾ ਰਾਮ ਧੀਮਾਨ ਪ੍ਰਧਾਨ ਸ੍ਰੀ ਵਿਸ਼ਵਕਰਮਾ ਫਰੰਟ ਪੰਜਾਬ,ਸ. ਹੀਰਾ ਸਿੰਘ ਗਾਬੜੀਆ ਸਾਬਕਾ ਮੰਤਰੀ, ਡਾ. ਹਰਜੋਤ ਸਿੰਘ ਸਾਬਕਾ M L A, ਸ. ਸਵਰਨ ਸਿੰਘ ਚੰਨੀ ਸਾਬਕਾ I A S, ਸ. ਅਮਰਜੀਤ ਸਿੰਘ ਰੀਡਰ D G P ਪੰਜਾਬ, ਸ. ਚਰਨਜੀਤ ਸਿੰਘ ਸੋਹਲ IPS, ਸ. ਹਰਬੰਸ ਸਿੰਘ P C S ਉਜਾਗਰ ਸਿੰਘ ਬਡਾਲੀ ਸਾਬਕਾ M L A, ਹਰਮੋਹਨ ਸਿੰਘ ਸੰਧੂ ਸਾਬਕਾ S S P ਕਰਨ ਸਿੰਘ D T O, ਧਰਮਜੀਤ ਸਿੰਘ ਘਟੌਂੜੇ, ਰਣਜੀਤ ਸਿੰਘ ਡੱਫੂ ਨਾਮਧਾਰੀ, ਸੂਬਾ ਭੁਪਿੰਦਰ ਸਿੰਘ ਰੋਪੜ, ਮਨਜੀਤ ਸਿੰਘ ਵਿਸ਼ਵਕਰਮਾ ਸਭਾ ਦਿੱਲੀ, ਬੀਬੀ ਰਣਜੀਤ ਕੌਰ ਚੇਅਰਪ੍ਰਸਨ ਰਾਮਗੜ੍ਹੀਆ ਬੈਂਕ ਦਿੱਲੀ,ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸੁਖਦੇਵ ਸਿੰਘ ਰਿਆਤ ਪ੍ਰਧਾਨ ਏ.ਆਈ.ਆਰ. ਵੀ. ਐਫ ਦਿੱਲੀ , ਮਾ. ਹਾਕਮ ਸਿੰਘ ਭੁਪਿੰਦਰ ਸਿੰਘ ਊਬੀ ਰਾਮਗੜ੍ਹੀ ਮੰਚ,ਕਰਮ ਸਿੰਘ ਬਿੰਬਰਾ ਮੋਹਾਲੀ, ਹਰਿੰਦਰ ਸਿੰਘ ਨਾਇਬ ਤਹਿਸੀਲਦਾਰ , ਕੁਲਵਿੰਦਰ ਸਿੰਘ ਲੰਬੀ ਨਾਇਬ ਤਹਿਸੀਲਦਾਰ , ਬਲਜੀਤ ਸਿੰਘ ਪ੍ਰਧਾਨ ਇੰਡਸਟਰੀ ਮੋਹਾਲੀ,ਜਸਵਿੰਦਰ ਸਿੰਘ ਗੋਲਡੀ ਕੌਂਸਲਰ ਕੁਰਾਲੀ,ਬਹਾਦਰ ਸਿੰਘ ਕੌਂਸਲਰ ਕੁਰਾਲੀ,ਦੀਪਿੰਦਰ ਸਿੰਘ ਰੰਧਾਵਾ, ਹਰਜੀਤ ਸਿੰਘ ਰਾਮਗੜ੍ਹੀਆ ਅਕਾਲ ਜਥੇਬੰਦੀ,ਰਾਮ ਸਿੰਘ ਮੁੱਖ ਬੁਲਾਰਾ ਅਕਾਲ ਜਥੇਬੰਦੀ,ਬਲਵਿੰਦਰ ਸਿੰਘ ਕਲਸੀ ਪ੍ਰਧਾਨ ਅਕਾਲ ਜਥੇਬੰਦ,,ਜਗਜੀਤ ਸਿੰਘ ਸੱਗੂ ਚੇਅਰਮੈਨ ਸੂਬਾ ਅਕਾਲ ਜਥੇਬੰਦੀ ,ਹਰਦੇਵ ਸਿੰਘ ਕੌਸ਼ਲ ਪ੍ਰਧਾਨ ਰਾਮ ਸਿੰਘ ਮੈਂਬਰ S G P C ਜਗਜੀਤ ਸਿੰਘ ਰਤਨਗੜ੍ਹ ਸਾਬਕਾ ਮੈਂਬਰ SGPC ,ਅਮਰਜੀਤ ਸਿੰਘ ਲੋਟੇ,ਪਾਲ ਮੋਟਰ ਖੰਨਾ, ਜਰਨੈਲ ਸਿੰਘ DSP, ਮਨਜੀਤ ਸਿੰਘ ਐਲਖ DSP ਸ੍ਰੀ ਚਮਕੌਰ ਸਾਹਿਬ, ਜਤਿੰਦਰ ਪਾਲ ਸਿੰਘ ਮੱਲੀ DSP ਮੋਰਿੰਡਾ, ਹਰਜਿੰਦਰ ਸਿੰਘ SHO ਮੋਰਿੰਡਾ,ਸਵਿੰਦਰ ਪਾਲ ਸਿੰਘ SHO ਸਦਰ ਮੋਰਿੰਡਾ, ਪਰਵਿੰਦਰ ਸਿੰਘ ਕਾਰਜਸਾਧਕ ਅਫ਼ਸਰ ਮੋਰਿੰਡਾ,ਹਰਨੇਕ ਸਿੰਘ ਮਾਨਪੁਰ ਸਮਾਜ ਸੇਵੀ, ਜਤਿੰਦਰ ਗੁੰਬਰ ਜ਼ਿਲ੍ਹਾ ਕੋਆਰਡੀਨੇਟਰ ਭਾਰਤ ਵਿਕਾਸ ਪ੍ਰੀਸ਼ਦ, ਬੀਬੀ ਅਮਨਪ੍ਰੀਤ ਰਾਏ ਵਾਇਸ ਪ੍ਰਧਾਨ B J P ਜ਼ਿਲ੍ਹਾ ਰੋਪੜ, ਦਰਸ਼ਨ ਸਿੰਘ ਸਿਵਜੋਤ , ਪ੍ਰਧਾਨ ਜਗਦੇਵ ਸਿੰਘ ਭਟੋਆ ਤੇ ਸਮੂਹ ਐਮ .ਸੀ ਸਹਿਬਾਨ ਨਗਰ ਕੌਂਸਲ ਮੋਰਿੰਡਾ, ਮੋਰਿੰਡਾ ਸ਼ਹਿਰ ਤੇ ਇਲਾਕਾ ਨਿਵਾਸੀ,

ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ,ਤੇਜਿੰਦਰ ਸਿੰਘ ਕਲਸੀ , ਭੁਪਿੰਦਰ ਸਿੰਘ ਰੀਹਲ, ਜਸਪ੍ਰੀਤ ਸਿੰਘ ਕਲਸੀ, ਗੁਰਵਿੰਦਰ ਸਿੰਘ ਰੀਹਲ,ਗੁਰਪ੍ਰੀਤ ਸਿੰਘ ਡੱਫੂ , ਲਾਲੀ ਨਾਮਧਾਰੀ ਰਣਜੀਤ ਸਿੰਘ ਡੱਫੂ ਨਾਮਧਾਰੀ ਜਗਵਿੰਦਰ ਸਿੰਘ ਜੰਡੂ , ਚਰਨਜੀਤ ਸਿੰਘ ਰੀਹਲ, ਅਮਨਦੀਪ ਸਿੰਘ ਮੁੰਡੇ, ਗੁਰਪ੍ਰੀਤ ਸਿੰਘ ਬਿੰਬਰਾ, ਮਨਦੀਪ ਸਿੰਘ ਘਟੌਂੜੇ, ਅਮਨਪ੍ਰੀਤ ਸਿੰਘ ਕਲਸੀ , ਮਾਸਟਰ ਮੇਜਰ ਸਿੰਘ ਘਟੌਂੜੇ ਖੰਟ ਮਾਨਪੁਰ ,ਜਗਜੀਤ ਸਿੰਘ ਰੀਹਲ, ਕੁਲਦੀਪ ਸਿੰਘ ਸੋਹਲ , ਪੁਨੀਤ ਕਲਸੀ, ਅਵਤਾਰ ਸਿੰਘ ਸੱਲ, ਜਤਿੰਦਰ ਸਿੰਘ ਸੋਡੀ ,ਪ੍ਰਮਿੰਦਰ ਸਿੰਘ ਮਠਾੜੂ, ਅਵਤਾਰ ਸਿੰਘ ਵਿਰਦੀ, ਮਨਵਿੰਦਰ ਸਿੰਘ ਜੰਡੂ,ਬੱਬਲੂ ਮੜੌਲੀ, ਡਾ. ਤੇਜਿੰਦਰ ਸਿੰਘ ਬੌਬੀ , ਅਮਰਜੀਤ ਸਿੰਘ ਕਲਸੀ , ਮੇਜਰ ਸਿੰਘ ਰੂਪਰਾਏ ,ਪਰਮਜੀਤ ਸਿੰਘ ਸਿਆਣ ,ਜਸਵਿੰਦਰ ਸਿੰਘ ਮਠਾੜੂ, ਮਨਦੀਪ ਸਿੰਘ ਸੋਹਣਪਾਲ , ਜਸਵਿੰਦਰ ਸਿੰਘ ਰੂਪਰਾਏ, ਦਵਿੰਦਰ ਸਿੰਘ ਕਲਸੀ ,ਮਨਜੀਤ ਸਿੰਘ ਧੀਮਾਨ, ਜਗਦੀਪ ਸਿੰਘ ਘਟੌਂੜੇ , ਗੁਰਮੀਤ ਸਿੰਘ , ਕੁਲਦੀਪ ਸਿੰਘ ਫ਼ੋਰਮੈਨ, ਕੁਲਦੀਪ ਸਿੰਘ ਸੋਹਲ, ਜਸਵਿੰਦਰ ਸਿੰਘ ਕਲਸੀ, ਸੁਲਿੰਦਰ ਸਿੰਘ ਆਂਸੀ , ਗੁਰਮੀਤ ਸਿੰਘ,ਅਮਨਦੀਪ ਸਿੰਘ, ਸੰਜੀਵ ਸਰੀਨ ( ਬਲੱਡ ਡੋਨਰ ਕੌਂਸਲ ਰਜਿ , ਅਸ਼ੋਕ ਕੁਮਾਰ,ਤਰਲੋਚਨ ਸਿੰਘ ਲਾਲੀ ਹਾਜ਼ਰ ਸਨ ।

ਫੈਡਰੇਸ਼ਨ ਵੱਲੋਂ ਸਮਾਗਮ ਵਿੱਚ, ਸਮਾਗਮ ਵਿੱਚ ਪੁੱਜੇ ਵਿਸੇਸ਼ ਮਹਿਮਾਨਾ , ਸਨਮਾਨਯੋਗ ਸਖਸੀਅਤਾਂ ਤੇ ਸਹਿਯੋਗੀ ਸੰਸਥਾਵਾਂ ਦਾ ਸਨਮਾਨ ਚਿੰਨ੍ਹ ਤੇ ਸਰੋਪਾਏ ਦੇ ਕੇ ਸਨਮਾਨਿਤ ਕੀਤਾ ਗਿਆ, ਗੁਰੂ ਦਾ ਲੰਗਰ ਅਤੁੱਟ ਵਰਤਿਆ ।

# 12 ਮਈ ਨੂੰ ਬਾਬਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਡੀ.ਸੀ ਦਫਤਰ ਜਲੰਧਰ ਦੇ ਸਾਹਮਣੇ ਕਰਾਂਗੇ ਅਧਿਕਾਰ ਰੈਲੀ : ਖੋਸਲਾ

## *ਲੋਕਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਦੇਸ਼ ਦੇ ਪ੍ਰਧਾਨ ਮੰਤਰੀ ਦੇ ਨਾਮ ਦਿੱਤਾ ਜਾਵੇਗਾ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 3 ਮਈ ( ਤਰਸੇਮ ਦੀਵਾਨਾ ) ਡੇਮੋਕ੍ਰੇਟਿਕ ਭਾਰਤੀਯ ਲੋਕ ਦਲ ਦੀ ਇੱਕ ਅਹਿਮ ਮੀਟਿੰਗ ਪਾਰਟੀ ਦੇ ਉਪ ਪ੍ਰਧਾਨ ਰਾਜੂ ਦਾਸ ਦੇ ਗ੍ਰਹਿ ਟਾਹਲੀ ਵਿਖੇ ਡੇਮੋਕ੍ਰੇਟਿਕ ਭਾਰਤੀਯ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਖੋਸਲਾ ਦੀ ਅਗਵਾਈ ਹੇਠ ਕੀਤੀ ਗਈ ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੁਰਮੁੱਖ ਸਿੰਘ ਖੋਸਲਾ ਨੇ ਕਿਹਾ ਕਿ 12 ਮਈ ਨੂੰ ਸਮਾਂ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਧਿਕਾਰ ਰੈਲੀ ਪੁੱਡਾ ਗਰਾਊਂਡ ਵਿਚ ਸਾਹਮਣੇ ਡੀਸੀ ਦਫਤਰ ਜਲੰਧਰ ਵਿਖੇ ਕੀਤੀ ਜਾ ਰਹੀ ਹੈ।ਇਸ ਰੈਲੀ ਵਿੱਚ ਗ੍ਰਾਮ ਪੰਚਾਇਤ, ਨਗਰ ਕੌਂਸਲ ਅਤੇ ਕਾਰਪੋਰੇਸ਼ਨ ਕੱਚੇ ਸਫਾਈ ਮਜਦੂਰਾਂ ਨੂੰ ਪੱਕੇ ਕਰਨ,ਮਨਰੇਗਾ ਮਜ਼ਦੂਰ, ਭੱਠਾ ਮਜ਼ਦੂਰ, ਕੀਰਤੀ ਕਿਸਾਨ ਮਜ਼ਦੂਰ, ਪੰਜਾਬ ਵਿਚ ਸਾਢੇ 12% ਐਸ. ਸੀ ਕੋਟਾ ਲਾਗੂ ਕਰਾਉਣ ਅਤੇ ਬੇਰੋਜਗਾਰ ਵਰਗ ਦੀਆਂ ਹੱਕੀ ਮੰਗਾਂ ਨੂੰ ਲੈਂ ਕੇ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਪੰਜਾਬ ਦੇ ਨਾਮ ਡਿਪਟੀ ਕਮਿਸ਼ਨਰ ਜਲੰਧਰ ਰਾਹੀਂ ਮੰਗ ਪੱਤਰ ਵੀ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਇਸ ਰੈਲੀ ਵਿੱਚ ਭਾਰਤ ਦੇ ਹੋਰਨਾਂ ਸੂਬਿਆਂ ਤੋਂ ਵੀ ਪਾਰਟੀ ਦੇ ਆਗੂ ਸਾਹਿਬਾਨ ਪਹੁੰਚਣਗੇ। ਖੋਸਲਾ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਆਪ ਸਭ ਨੇ ਆਪਣੇ ਹੱਕਾਂ, ਅਧਿਕਾਰਾਂ ਦੀ ਖਾਤਰ ਆਪਣੀ ਆਵਾਜ਼ ਨੂੰ ਬੁਲੰਦ ਕਰਨ ਲਈ ਇਸ ਰੈਲੀ ਵਿੱਚ ਸਮੇਂ ਸਿਰ ਆਪਣੇ ਸਾਥੀਆਂ ਸਮੇਤ ਪਹੁੰਚਣ ਦੀ ਕਿਰਪਾਲਤਾ ਕਰਨੀ ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਸਾਰਸਰ ਰਾਸ਼ਟਰੀ ਚੇਅਰਮੈਨ, ਪ੍ਰਵੀਨ ਕਲੋਸਿਆ ਉਪ ਪ੍ਰਧਾਨ ਸਫਾਈ ਮਜ਼ਦੂਰ ਵਿੰਗ ਪੰਜਾਬ, ਬੀਰੂ ਨਾਥ ਪ੍ਰਧਾਨ ਜਿਲ੍ਹਾ ਅੰਮ੍ਰਿਤਸਰ, ਮੁਕੇਸ਼ ਕੁਮਾਰ ਪ੍ਰਧਾਨ ਪੰਜਾਬ ਸਫਾਈ ਮਜ਼ਦੂਰ ਫੈਡਰੇਸ਼ਨ ਬੇਗੋਵਾਲ, ਬਨੇ ਸਿੰਘ ਪ੍ਰਧਾਨ ਜਿਲ੍ਹਾ ਕਪੂਰਥਲਾ, ਰਾਮਨਿਵਾਸ ਸਾਰਸਰ ਟਾਹਲੀ,ਸੁੰਦਰ ਨਾਥ ਯੂਨਿਟ ਪ੍ਰਧਾਨ ਇਬਰਾਹੀਮ ਵਾਲ, ਅਜੈ ਸਿੰਘ ਨੰਗਲ ਲੁਬਾਣਾ, ਮੰਨਜੀਤ ਸਾਰਸਰ ਮੇਂਬਰ ਬੌਡੀ ਪੰਜਾਬ, ਰਾਜੂ ਦਾਸ, ਪੰਨਾ ਦਾਸ, ਸੋਨੂੰ, ਸੁਨੀਲ ਕੁਮਾਰ ਟਾਹਲੀ ਆਦਿ ਸਾਥੀ ਮੌਜੂਦ ਸਨ।

# ਜ਼ਿਲ੍ਹਾ ਸੰਗਰੂਰ ਵਿੱਚ ਨੀਟ ਦੀ ਪ੍ਰੀਖਿਆ 4 ਮਈ ਨੂੰ, ਡਿਪਟੀ ਕਮਿਸ਼ਨਰ ਵੱਲੋਂ ਉਮੀਦਵਾਰਾਂ ਨੂੰ ਸ਼ੁਭ ਕਾਮਨਾਵਾਂ

## - ਉਮੀਦਵਾਰ ਪ੍ਰੀਖਿਆ ਲਈ ਦੁਪਹਿਰ 1:30 ਵਜੇ ਤੋਂ ਪਹਿਲਾਂ ਪਹਿਲਾਂ ਪ੍ਰੀਖਿਆ ਕੇਂਦਰਾਂ ਅੰਦਰ ਪਹੁੰਚਣ: ਡਿਪਟੀ ਕਮਿਸ਼ਨਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 3 ਮਈ, 2025: ਜ਼ਿਲ੍ਹਾ ਸੰਗਰੂਰ ਵਿੱਚ 4 ਮਈ, 2025 ਦਿਨ ਐਤਵਾਰ ਨੂੰ ਹੋਣ ਵਾਲੀ ਨੀਟ ਦੀ ਪ੍ਰੀਖਿਆ ਨੂੰ ਲੈ ਕੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ ਨੇ ਪ੍ਰੀਖਿਆ ਵਿੱਚ ਬੈਠਣ ਵਾਲੇ ਉਮੀਦਵਾਰਾਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਹਨ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪ੍ਰੀਖਿਆ ਮਦਨ ਸਿੰਘ ਕਪੂਰ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸੰਗਰੂਰ, ਕੇਂਦਰੀ ਵਿਦਿਆਲਿਆ ਸਲਾਈਟ ਲੌਂਗੋਵਾਲ, ਪੀ ਐੱਮ ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ ਲੌਂਗੋਵਾਲ, ਸੁਤੰਤਰਤਾ ਸੰਗਰਾਮੀ ਜੱਥੇਦਾਰ ਕਰਤਾਰ ਸਿੰਘ ਦਰਵੇਸ਼ ਸਕੂਲ ਆਫ਼ ਐਮੀਨੇਂਸ ਸੰਗਰੂਰ, ਮਾਤਾ ਰਾਜ ਕੌਰ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਰੁੱਖਾਂ ਅਤੇ ਕੇਂਦਰੀ ਵਿਦਿਆਲਿਆ ਉਭਾਵਾਲ ਵਿਖੇ ਹੋਵੇਗੀ ਅਤੇ ਇਸ ਪ੍ਰੀਖਿਆ ਵਿੱਚ 1635 ਉਮੀਦਵਾਰ ਬੈਠਣਗੇ।

ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਨੀਟ ਦੀ ਪ੍ਰੀਖਿਆ ਸੁਚਾਰੂ ਤਰੀਕੇ ਨਾਲ ਮੁਕੰਮਲ ਕਰਨ ਲਈ ਅਤੇ ਪ੍ਰੀਖਿਆ ਨਾਲ ਸਬੰਧਤ ਮੁਸ਼ਕਿਲਾਂ ਦੇ ਹੱਲ ਲਈ ਸ਼੍ਰੀ ਨਿਤਿਨ ਦੇਵ ਨੂੰ ਨੋਡਲ ਅਧਿਕਾਰੀ ਤਾਇਨਾਤ ਕੀਤਾ ਗਿਆ ਹੈ। ਇਸੇ ਤਰ੍ਹਾਂ ਹੈਲਪਲਾਈਨ ਨੰਬਰ 9419265833 ਅਤੇ 8360277500 ਵੀ ਜਾਰੀ ਕੀਤੇ ਗਏ ਹਨ। ਉਹਨਾਂ ਕਿਹਾ ਕਿ ਨੀਟ ਦੀ ਪ੍ਰੀਖਿਆ ਪੂਰੀ ਪਾਰਦਰਸ਼ਤਾ ਅਤੇ ਸੁਖਾਵੇਂ ਮਾਹੌਲ ਵਿੱਚ ਹੋਵੇ, ਇਸ ਲਈ ਸਮੂਹ ਅਧਿਕਾਰੀ ਆਪੋ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ।

ਡਿਪਟੀ ਕਮਿਸ਼ਨਰ ਨੇ ਇਸ ਪ੍ਰੀਖਿਆ ਵਿੱਚ ਬੈਠਣ ਵਾਲੇ ਸਮੂਹ ਉਮੀਦਵਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪ੍ਰੀਖਿਆ ਲਈ ਦੁਪਹਿਰ 1:30 ਵਜੇ ਤੋਂ ਪਹਿਲਾਂ ਪਹਿਲਾਂ ਪ੍ਰੀਖਿਆ ਕੇਂਦਰਾਂ ਅੰਦਰ ਪਹੁੰਚਣ ਤਾਂ ਜੋ ਉਹਨਾਂ ਨੂੰ ਆਖਰੀ ਸਮੇਂ ਕਿਸੇ ਵੀ ਪ੍ਰੇਸ਼ਾਨੀ ਜਾਂ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਪ੍ਰੀਖਿਆ ਦਾ ਸਮਾਂ ਦੁਪਹਿਰ 2 ਵਜੇ ਤੋਂ 5 ਵਜੇ ਤੱਕ ਹੋਵੇਗਾ। ਪ੍ਰੀਖਿਆ ਕੇਂਦਰਾਂ ਵਿੱਚ ਐਂਟਰੀ ਦਾਖ਼ਲਾ ਕਾਰਡ ਨਾਲ ਹੀ ਹੋਵੇਗੀ। ਉਮੀਦਵਾਰ ਕੋਲ ਸ਼ਨਾਖ਼ਤ ਦਸਤਵੇਜ਼ ਵਜੋਂ ਅਧਾਰ ਕਾਰਡ ਹੋਣਾ ਵੀ ਲਾਜ਼ਮੀ ਹੈ। ਉਹਨਾਂ ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਕਿ ਉਹ ਦਾਖ਼ਲਾ ਕਾਰਡ ਉੱਤੇ ਦਿੱਤੀਆਂ ਸ਼ਰਤਾਂ ਅਤੇ ਅਗਵਾਹੀ ਲੀਹਾਂ ਨੂੰ ਪੜ੍ਹ ਕੇ ਆਉਣ ਤਾਂ ਜੋ ਪ੍ਰੀਖਿਆ ਮੌਕੇ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਆਵੇ।

# ਸੂਬਾ ਸਰਕਾਰ ਵੱਲੋ ਪੰਜਾਬ ਦੇ ਪਾਣੀਆਂ ਤੇ ਵੱਡਾ ਡਾਕਾ ਮਾਰਿਆ ਜਾ ਰਿਹਾ ਹੈ- ਬੀਕੇਯੂ ਰਾਜੇਵਾਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਭਵਾਨੀਗੜ੍ਹ 3 ਮਈ (ਕ੍ਰਿਸ਼ਨ ਚੌਹਾਨ)- ਅੱਜ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਾਲਕ ਭਵਾਨੀਗੜ੍ਹ ਦੀ ਮੀਟਿੰਗ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਕਿਸਾਨੀ ਮਸਲਿਆਂ ਤੇ ਵਿਚਾਰਾ ਕਰਦੀਆਂ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਕਿਹਾ ਕਿ ਸੂਬਾ ਸਰਕਾਰ ਵੱਲੋ ਪੰਜਾਬ ਦੇ ਪਾਣੀ ਤੇ ਵੱਡਾ ਡਾਕਾ ਮਾਰਿਆ ਜਾ ਰਿਹਾ ਹੈ ਜੋ ਬਹੁਤ ਹੀ ਨਿੰਦਣਯੋਗ ਹੈ ਤੇ ਜੋ ਕੁਦਰਤ ਦੀ ਕਰੋਪੀ ਕਾਰਨ ਬਿਜਲੀ ਦੀਆ ਲਾਈਨਾ ਦਾ ਭਾਰੀ ਨੁਕਸਾਨ ਹੋਇਆ ਹੈ ਇਸ ਤੇ ਸਰਕਾਰ ਨੂੰ ਤੁਰੰਤ ਧਿਆਨ ਦੇ ਕੇ ਬਿਜਲੀ ਸਪਲਾਈ ਚਾਲੂ ਕਰਵਾਈ ਜਾਵੇ ਕਿਉਂਕਿ ਕਿਸਾਨਾ ਦੀ ਮੱਕੀ ਦੀ ਫਸਲ ਪਾਣੀ ਨਾ ਮਿਲਣ ਕਾਰਨ ਖ਼ਰਾਬ ਹੋ ਰਹੀ ਹੈ ਤੇ ਪੁਲਵਾਮਾ ਵਿੱਚ ਸੈਲਾਨੀਆਂ ਤੇ ਹੋਏ ਹਮਲੇ ਦੀ ਰਾਜੇਵਾਲ ਜੱਥੇਬੰਦੀ ਨਿਖੇਧੀ ਕਰਦੀ ਹੈ ਸਰਕਾਰ ਦੀਆ ਨਿਕਾਮੀਆਂ ਨੂੰ ਉਜ਼ਾਗਰ ਕਰਨ ਲਈ 13 ਮਈ 2025 ਨੂੰ ਜ਼ਿਲਾ ਸੰਗਰੂਰ ਵਿਖੇ ਐਸ ਕੇ ਐਮ ਵੱਲੋ ਬਹੁਤ ਵੱਡੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਰਾਜੇਵਾਲ ਜੱਥੇਬੰਦੀ ਵੱਲੋਂ ਵੱਧ ਵੱਧ ਕਿਸਾਨ ਹਜ਼ਾਰ ਹੋਣਗੇ ਤੇ ਇਲਾਕਾ ਵਾਸੀਆਂ ਨੂੰ ਪਹੁੰਚਣ ਦੀ ਵੀ ਅਪੀਲ ਕੀਤੀ ਗਈ ਜਿਸ ਵਿਚ ਜ਼ਿਲਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ , ਜ਼ਿਲ੍ਹਾ ਸੀ: ਮੀਤ ਪ੍ਰਧਾਨ ਬਲਜਿੰਦਰ ਸਿੰਘ ਸੰਘਰੇੜ੍ਹੀ , ਬਲਾਕ ਸਕੱਤਰ ਜਗਸੀਰ ਸਿੰਘ ਬਾਲਦ ਕਲਾਂ, ਬਲਾਕ ਜਨਰਲ ਸਕੱਤਰ ਗਿਆਨ ਸਿੰਘ ਭਵਾਨੀਗੜ੍ਹ,ਰੋਹੀ ਸਿੰਘ ਮੀਤ ਪ੍ਰਧਾਨ, ਯਾਦਵਿੰਦਰ ਸਿੰਘ ਬਲਾਕ ਪ੍ਰੈੱਸ ਸਕੱਤਰ , ਕੁਲਤਾਰ ਸਿੰਘ ਘਰਾਚੋਂ ,ਹਰਦੀਪ ਸਿੰਘ ਬਾਸੀਆਂਰਖ, ਸੁਖਵਿੰਦਰ ਸਿੰਘ ਕਪਿਆਲ ,ਕਰਮ ਸਿੰਘ ਮਾਝਾ , ਅਜਮੇਰ ਸਿੰਘ ਤੇ ਕੁਲਵਿੰਦਰ ਸਿੰਘ ਫੋਜੀ ਆਦਿ ਹਾਜ਼ਰ ਸਨ।

# ਸਰਜੀਕਲ ਸਟ੍ਰਾਈਕ 'ਤੇ ਸਵਾਲ ਚੁੱਕ ਵਿਵਾਦ 'ਚ ਘਿਰੇ ਚਰਨਜੀਤ ਸਿੰਘ ਚੰਨੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਵੱਲੋਂ ਸਰਜੀਕਲ ਸਟ੍ਰਾਈਕ 'ਤੇ ਸਵਾਲ ਚੁੱਕੇ ਜਾਣ ਤੋਂ ਬਾਅਦ ਬੀਜੇਪੀ ਆਗੂ ਉਨ੍ਹਾਂ ਨੂੰ ਘੇਰ ਰਹੇ ਹਨ।

ਦਰਅਸਲ ਸ਼ੁੱਕਰਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਦੌਰਾਨ, ਚੰਨੀ ਨੇ ਕਿਹਾ ਸੀ ਕਿ "ਅੱਜ ਤੱਕ ਮੈਨੂੰ ਇਹ ਪਤਾ ਨਹੀਂ ਲੱਗ ਸਕਿਆ ਕਿ ਹਮਲੇ ਕਿੱਥੇ ਹੋਏ ਸਨ। ਉਸ ਸਮੇਂ ਲੋਕ ਕਿੱਥੇ ਮਾਰੇ ਗਏ ਸਨ? ਉਸ ਸਮੇਂ ਪਾਕਿਸਤਾਨ ਵਿੱਚ ਇਹ ਕਿੱਥੇ ਹੋਇਆ ਸੀ? ਜੇਕਰ ਸਾਡੇ ਦੇਸ਼ ਵਿੱਚ ਬੰਬ ਡਿੱਗਦਾ ਹੈ, ਤਾਂ ਕੀ ਸਾਨੂੰ ਪਤਾ ਨਹੀਂ ਲੱਗੇਗਾ?''

ਭਾਵੇਂ ਬਾਅਦ ਵਿੱਚ ਚਰਨਜੀਤ ਚੰਨੀ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਨੇ ਸਰਜੀਕਲ ਸਟਰਾਈਕ ਦੇ ਸਬੂਤ ਨਹੀਂ ਮੰਗੇ।

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਉਨ੍ਹਾਂ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੱਤੀ ਅਤੇ ਕਿਹਾ, "ਇਹ ਮੰਦਭਾਗਾ ਹੈ। ਉਨ੍ਹਾਂ ਨੂੰ ਦਿਖਾਈ ਨਹੀਂ ਦਿੰਦਾ ਕਿ ਇੰਨਾ ਵੱਡਾ ਹਮਲਾ ਹੋਇਆ ਹੈ। ਉਰੀ ਵਿੱਚ ਇੰਨਾ ਵੱਡਾ



ਹਮਲਾ ਹੋਇਆ, ਉਨ੍ਹਾਂ ਨੂੰ ਉਹ ਵੀ ਨਜ਼ਰ ਨਹੀਂ ਆਇਆ। ਉਹ ਆਪਣੀ ਭਾਸ਼ਾ ਨਹੀਂ, ਸਗੋਂ ਕਿਤੋਂ ਹੋਰ ਦੀ ਭਾਸ਼ਾ ਬੋਲ ਰਹੇ ਹਨ।"

# ਸ੍ਰੀਲੰਕਾ ਪੁਲੀਸ ਵੱਲੋਂ ਪਹਿਲਗਾਮ ਹਮਲੇ ਦੇ ਸ਼ੱਕੀ ਦੀ ਸੂਚਨਾ ਮਿਲਣ 'ਤੇ ਚੇਨਈ ਤੋਂ ਆਈ ਉਡਾਣ ਦੀ ਤਲਾਸ਼ੀ

## ਹਵਾਈ ਜਹਾਜ਼ ਦੀ ਜਾਂਚ ਕੀਤੀ; ਤਲਾਸ਼ੀ ਮਗਰੋਂ ਅਗਲੇਰੀ ਕਾਰਵਾਈਆਂ ਲਈ ਮਨਜ਼ੂਰੀ ਦਿੱਤੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਸ੍ਰੀਲੰਕਾ ਦੀ ਪੁਲੀਸ ਨੂੰ ਅੱਜ ਸੂਚਨਾ ਮਿਲੀ ਕਿ ਪਹਿਲਗਾਮ ਹਮਲੇ ਦਾ ਸ਼ੱਕੀ ਚੇਨਈ ਤੋਂ ਹਵਾਈ ਉਡਾਣ ਰਾਹੀਂ ਇੱਥੇ ਆ ਰਿਹਾ ਹੈ। ਇਸ ਤੋਂ ਬਾਅਦ ਪੁਲੀਸ ਤੇ ਜਾਂਚ ਟੀਮਾਂ ਨੇ ਸ਼ਨਿਚਰਵਾਰ ਨੂੰ ਚੇਨਈ ਤੋਂ ਇੱਥੇ ਪਹੁੰਚਣ ਵਾਲੀ ਇੱਕ ਉਡਾਣ ਦੀ ਤਲਾਸ਼ੀ ਲਈ। ਸ੍ਰੀਲੰਕਾ ਏਅਰਲਾਈਨਜ਼ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਉਸ ਦੀ ਉਡਾਣ ਕੋਲੰਬੋ ਦੇ ਬੰਦਰਨਾਇਕ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਚੇਨਈ ਤੋਂ ਪੁੱਜੀ ਤੇ ਉਸ ਦੀ ਸੁਰੱਖਿਆ ਕਾਰਨਾਂ ਕਰ ਕੇ ਜਾਂਚ ਕੀਤੀ ਗਈ। ਇਸ ਬਾਰੇ ਚੇਨਈ ਏਰੀਆ ਕੰਟਰੋਲ ਸੈਂਟਰ ਨੇ ਚਿਤਾਵਨੀ ਦਿੱਤੀ ਸੀ ਜਿਸ ਤੋਂ ਬਾਅਦ ਸਥਾਨਕ ਅਧਿਕਾਰੀਆਂ ਨਾਲ ਤਾਲਮੇਲ ਕਰ ਕੇ ਤਲਾਸ਼ੀ ਲਈ ਗਈ। ਇਹ ਕਿਹਾ ਜਾ ਰਿਹਾ ਸੀ ਕਿ



ਪਹਿਲਗਾਮ ਹਮਲੇ ਦਾ ਸ਼ੱਕੀ ਇਹ ਉਡਾਣ ਵਿਚ ਹੋ ਸਕਦਾ ਹੈ

# ਪੁਰਾਣੇ ਵਾਹਨਾਂ ਨੂੰ ਸੜਕਾਂ ਤੋਂ ਹਟਾਇਆ ਜਾਵੇ: ਧਨਖੜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕੌਮੀ ਰਾਜਧਾਨੀ 'ਚ ਵਧ ਰਹੇ ਹਵਾ ਪ੍ਰਦੂਸ਼ਣ 'ਤੇ ਚਿੰਤਾ ਜ਼ਾਹਰ ਕਰਦੇ ਹੋਏ ਪੁਰਾਣੇ ਵਾਹਨਾਂ ਨੂੰ ਤੇਜ਼ੀ ਨਾਲ ਸੜਕਾਂ ਤੋਂ ਹਟਾਉਣ ਦੇ ਨਾਲ-ਨਾਲ ਜਨਤਕ ਟਰਾਂਸਪੋਰਟ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਚਿੰਤਾ ਵਾਲੀ ਗੱਲ ਇਹ ਹੈ ਕਿ ਅਸੀਂ ਵਧ ਰਹੇ ਹਵਾ ਪ੍ਰਦੂਸ਼ਣ ਪ੍ਰਤੀ ਗੰਭੀਰ ਨਹੀਂ ਹਾਂ। ਇੱਥੇ ਇੰਡੀਅਨ ਐਸੋਸੀਏਸ਼ਨ ਫਾਰ ਬ੍ਰੌਂਕੋਲੋਜੀ ਦੀ ਨੈਸ਼ਨਲ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਨਖੜ ਨੇ ਕਿਹਾ, 'ਜਲਵਾਯੂ ਤਬਦੀਲੀ ਕਾਰਨ ਚੁਣੌਤੀਆਂ ਦਰਪੇਸ਼ ਹਨ ਪਰ ਸਾਡੇ ਕੋਲ ਰਹਿਣ ਲਈ ਕੋਈ ਹੋਰ ਗ੍ਰਹਿ ਨਹੀਂ ਹੈ। ਹਰ ਕੋਈ ਸੋਚਦਾ ਹੈ ਕਿ ਇਹ ਕਿਸੇ ਹੋਰ ਦਾ ਕੰਮ ਹੈ ਪਰ ਇਹ ਕੰਮ ਸਾਰਿਆਂ ਦਾ ਹੈ। ਸਾਨੂੰ ਪੁਰਾਣੇ ਵਾਹਨਾਂ ਨੂੰ ਤੇਜ਼ੀ ਨਾਲ ਸੜਕਾਂ ਤੋਂ ਹਟਾਉਣ ਦੀ ਲੋੜ ਹੈ। ਲੋਕਾਂ ਨੂੰ ਇਹ ਸਮਝਣਾ ਹੋਵੇਗਾ ਕਿ ਪੁਰਾਣੇ ਵਾਹਨ ਨੂੰ ਇਨ੍ਹਾਂ ਕਾਰਨਾਂ ਕਰਕੇ ਛੱਡਿਆ ਜਾਣਾ ਚਾਹੀਦਾ ਹੈ ਕਿ ਉਹ ਸਾਡੀ ਸਿਹਤ ਦਾ ਨੁਕਸਾਨ ਕਰਦੇ ਹਨ।

# ਕਿਸਾਨ ਆਗੂ ਰਾਕੇਸ਼ ਟਿਕੈਤ ਤੇ ਹਮਲਾ ਭਾਜਪਾ ਵੱਲੋਂ ਭੜਕਾਈ ਫਿਰਕੂ ਮਾਨਸਿਕਤਾ ਦਾ ਸਿੱਟਾ: ਮਨਜੀਤ ਧਨੇਰ

## ਆਰਐੱਸਐੱਸ ਅਤੇ ਭਾਜਪਾ ਦੇ ਗੁੰਡਿਆਂ ਖਿਲਾਫ ਸਮੁੱਚੀ ਕਿਸਾਨ ਲਹਿਰ ਇਕਮੁੱਠ: ਗੁਰਦੀਪ ਰਾਮਪੁਰਾ , ਪਹਿਲਗਾਮ ਘਟਨਾ ਦੇ ਬਹਾਨੇ ਦੇਸ਼ ਨੂੰ ਫ਼ਿਰਕੂ ਅੱਗ ਵਿੱਚ ਝੋਕਣਾ ਬੰਦ ਕਰੇ ਕੇਂਦਰ ਸਰਕਾਰ: ਹਰਨੇਕ ਮਹਿਮਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ



ਚੰਡੀਗੜ੍ਹ, 3 ਮਈ, 2025: ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਸੂਬਾ ਕਮੇਟੀ ਨੇ ਦੋ ਮਈ ਨੂੰ ਮੁਜੱਫਰਨਗਰ ਵਿਖੇ ਆਰਐਸਐਸ ਅਤੇ ਭਾਜਪਾ ਦੇ ਗੁੰਡਿਆਂ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰਾਕੇਸ਼ ਟਿਕੈਤ ਤੇ ਹਮਲੇ ਦਾ ਸਖਤ ਨੋਟਿਸ ਲਿਆ ਹੈ।

ਇਸ ਸਬੰਧੀ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਹੈ ਕਿ ਪਹਿਲਗਾਮ ਵਿਖੇ 26 ਨਿਰਦੋਸ਼ ਲੋਕਾਂ ਦੇ ਕਤਲਾਂ ਦੀ ਘਟਨਾ ਅਤੀ ਨਿੰਦਾਜਨਕ ਹੈ ਅਤੇ ਨਿਰਦੋਸ਼ ਲੋਕਾਂ ਦੇ ਕਾਤਲਾਂ ਨੂੰ ਕਾਨੂੰਨ ਅਨੁਸਾਰ ਸਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ ਪਰ ਭਾਜਪਾ ਅਤੇ ਆਰਐਸਐਸ ਵੱਲੋਂ ਇਸ ਘਟਨਾ ਦੇ ਬਹਾਨੇ ਦੇਸ਼ ਅੰਦਰ ਫਿਰਕੂ ਅੱਗ ਭੜਕਾਈ ਜਾ ਰਹੀ ਹੈ ਅਤੇ ਦੇਸ਼ ਅੰਦਰ ਮੁਸਲਮਾਨਾਂ ਵਿਰੋਧੀ ਮਾਹੌਲ ਬਣਾਇਆ ਜਾ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਭੜਕੀਆਂ ਹੋਈਆਂ ਭੀੜਾਂ ਵੱਲੋਂ ਵਿਰੋਧੀ ਵਿਚਾਰਾਂ ਵਾਲਿਆਂ ਤੇ ਹਮਲੇ ਅਤੇ ਮੁਸਲਮਾਨ ਭਾਈਚਾਰੇ ਦੇ ਲੋਕਾਂ ਨੂੰ ਜ਼ਲੀਲ ਕਰਨ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ।

ਜਥੇਬੰਦੀ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਦੱਸਿਆ ਕਿ 2 ਮਈ ਨੂੰ ਯੂਪੀ ਦੇ ਮੁਜੱਫਰਨਗਰ ਵਿਖੇ ਭਗਵੇਂ ਝੰਡਿਆਂ ਵਾਲੀ ਅਤੇ ਮੋਦੀ ਮੋਦੀ ਦੇ ਨਾਅਰੇ ਲਾ ਰਹੀ ਭੀੜ ਨੇ ਰਾਕੇਸ਼ ਟਿਕੈਤ ਨੂੰ ਘੇਰ ਕੇ ਉਹਨਾਂ ਦੀ ਪੱਗ ਲਾਹ ਦਿੱਤੀ, ਖਿੱਚ ਧੂਹ ਕੀਤੀ ਅਤੇ ਡਾਂਗਾਂ ਨਾਲ ਕੁੱਟਣ ਦੀ ਕੋਸ਼ਿਸ਼ ਕੀਤੀ। ਪੁਲਿਸ ਮੁਲਾਜ਼ਮਾਂ ਨੇ ਬੜੀ ਮੁਸ਼ਕਿਲ ਨਾਲ ਰਾਕੇਸ਼ ਟਿਕੈਤ ਦੀ ਜਾਨ ਬਚਾਈ।

ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਰਾਮਪੁਰਾ ਨੇ ਕਿਹਾ ਕਿ ਰਾਕੇਸ਼ ਟਿਕੈਤ ਤੇ ਮੁਜ਼ੱਫਰਨਗਰ ਵਿਖੇ ਹੋਏ ਹਮਲੇ ਲਈ ਇਹੋ ਮਾਨਸਿਕਤਾ ਜ਼ਿੰਮੇਵਾਰ ਹੈ ਅਤੇ ਇਹ ਫਿਰਕੂ ਅੱਗ ਭਾਜਪਾ ਅਤੇ ਆਰਐਸਐਸ ਵੱਲੋਂ ਜਾਣ ਬੁਝ ਕੇ ਭੜਕਾਈ ਜਾ ਰਹੀ ਹੈ। ਉਹਨਾਂ ਨੇ ਰਾਕੇਸ਼ ਟਿਕੈਤ ਤੇ ਹਮਲਾ ਕਰਨ ਵਾਲਿਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਵਿਰੋਧੀ ਵਿਚਾਰਾਂ ਅਤੇ ਕਿਸਾਨ ਆਗੂਆਂ ਤੇ ਇਸ ਤਰਾਂ ਦੇ ਹਮਲੇ ਸਹਿਣ ਨਹੀ ਕੀਤੇ ਜਾਣਗੇ ਅਤੇ ਇਹਨਾਂ ਦਾ ਦੇਸ਼ ਦੇ ਲੋਕਾਂ ਦੀ ਇੱਕ ਮੁੱਠ ਤਾਕਤ ਨਾਲ ਢੁਕਵਾਂ ਜਵਾਬ ਦਿੱਤਾ ਜਾਵੇਗਾ।

# ਐੱਸਕੇਐੱਮ ਆਗੂ ਰਕੇਸ਼ ਟਿਕੈਤ ਉੱਪਰ ਸੰਘੀ ਗੁੰਡਿਆਂ ਵੱਲੋਂ ਹਮਲਾ ਕਰਨ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਦੱਤ, ਖੰਨਾ

## ਪਹਿਲਗਾਮ ਤ੍ਰਾਸਦੀ ਦੀ ਆੜ 'ਚ ਜਨਤਾ ਦੇ ਸਵਾਲ ਉਠਾਉਣ ਦੀ ਸੰਘੀ ਘੁੱਟਣਾ ਬੰਦ ਕਰਨ ਦੀ ਮੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ



ਚੰਡੀਗੜ੍ਹ, 3 ਮਈ, 2025: ਇਨਕਲਾਬੀ ਕੇਂਦਰ, ਪੰਜਾਬ ਨੇ ਮੋਦੀ ਹਕੂਮਤ ਦੀ ਸ਼ਹਿ 'ਤੇ ਪਲ ਰਹੇ ਭਾਜਪਾ ਸੰਘੀ ਗੁੰਡਿਆਂ ਵੱਲੋਂ ਗਿਣੀ ਮਿਥੀ ਸਾਜ਼ਿਸ਼ ਤਹਿਤ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰਕੇਸ਼ ਟਿਕੈਤ ਉੱਪਰ ਮੁਜ਼ੱਫਰਨਗਰ ਵਿਖੇ ਹਮਲਾ ਕਰਕੇ ਉਸ ਦੀ ਪੱਗ ਉਤਾਰਨ ਦੀ ਇਨਕਲਾਬੀ ਕੇਂਦਰ ਪੰਜਾਬ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਰਕੇਸ਼ ਟਿਕੈਤ ਸਿਰਫ਼ ਇਹ ਸਵਾਲ ਕੀਤਾ ਸੀ ਕਿ ਉਸ ਨੇ ਪੁਲਵਾਮਾ ਹਮਲੇ ਲਈ ਮੋਦੀ ਹਕੂਮਤ ਉੱਪਰ ਸਵਾਲ ਕੀਤਾ ਕਿ ਆਖਰ 26 ਨਿਰਦੋਸ਼ ਸੈਲਾਨੀਆਂ ਦੇ ਘਿਨਾਉਣੇ ਕਤਲ ਲਈ ਕੌਣ ਜ਼ਿੰਮੇਵਾਰ ਹੈ? ਇਸ ਤੋਂ ਪਹਿਲਾਂ ਲੋਕ ਗਾਇਕਾ ਅਲੋਚਕ ਨੇਹਾ ਸਿੰਘ ਰਾਠੌਰ ਅਤੇ ਪ੍ਰੋਫੈਸਰ ਮਾਦਰੀ ਕਾਕੋਟੀ (ਡਾ. ਮੇਡਿਊਸਾ) ਖਿਲਾਫ਼ ਰਾਜਧ੍ਰੋਹ ਦੀਆਂ ਧਾਰਾਵਾਂ ਤਹਿਤ ਐਫਆਈਆਰ ਦਰਜ ਕਰਨ ਅਤੇ 4 ਪੀਐਮ ਯੂ ਟਿਊਬ ਚੈਨਲ ਨੂੰ ਬੰਦ ਕਰਨ ਦੀ ਘਿਨਾਉਣੀ ਕਾਰਵਾਈ ਕੀਤੀ ਹੈ।

ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਮੋਦੀ ਹਕੂਮਤ ਦਾ ਅਜਿਹਾ ਵਤੀਰਾ ਪੱਖਪਾਤੀ ਅਤੇ ਬਦਨੀਅਤੀ ਤੋਂ ਪ੍ਰੇਰਿਤ ਹੈ, ਜਿਸ ਨੂੰ ਤੁਰੰਤ ਰੱਦ ਕਰ ਦਿੱਤਾ ਜਾਣਾ ਚਾਹੀਦਾ ਹੈ। ਇਹ ਮਾਮਲਾ ਸਿੱਧੇ ਤੌਰ 'ਤੇ ਕਾਨੂੰਨ ਦੀ ਦੁਰਵਰਤੋਂ ਅਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ ਹੈ।ਪਹਿਲਗਾਮ 'ਚ 22 ਅਪ੍ਰੈਲ ਦੇ ਦਹਿਸ਼ਤਗਰਦੀ ਹਮਲੇ ਨੇ ਕੌਮੀ ਸੁਰੱਖਿਆ ਦੇ ਮਾਮਲੇ 'ਚ ਸਰਕਾਰ ਦੀ ਨਾਕਾਮੀ ਨੂੰ ਉਜਾਗਰ ਕੀਤਾ ਹੈ। ਸਰਕਾਰ ਦੀਆਂ ਨਾਕਾਮੀਆਂ ਪ੍ਰਤੀ ਸਵਾਲ ਖੜ੍ਹੇ ਕਰਨਾ 4 ਪੀ ਐਮ ਯੂ ਟਿਊਬ ਚੈਨਲ ਅਤੇ ਦੋਵਾਂ ਕਾਰਕੁਨਾਂ ਦਾ ਬੁਨਿਆਦੀ ਅਧਿਕਾਰ ਹੈ। ਉਹ ਆਪਣੀ ਕਲਾ, ਲਿਖਤ ਅਤੇ ਬਿਆਨਾਂ ਰਾਹੀਂ ਪੂਰੇ ਹੌਂਸਲੇ ਨਾਲ ਨਿਆਂ ਅਤੇ ਜਨ ਸੁਰੱਖਿਆ ਦੇ ਹਿੱਤ 'ਚ ਸਰਕਾਰ ਦੀਆਂ ਕਮੀਆਂ ਨੂੰ ਉਜਾਗਰ ਕਰਕੇ ਲੋਕਤੰਤਰੀ ਕਦਰਾਂ ਨੂੰ ਮਜ਼ਬੂਤ ਕਰ ਰਹੀਆਂ ਹਨ, ਪਰ ਚਿੰਤਾ ਦੀ ਗੱਲ ਹੈ ਕਿ ਸੱਤਾ ਸੰਸਥਾਵਾਂ ਉਠ ਰਹੇ ਸਵਾਲਾਂ ਦਾ ਜਵਾਬ ਦੇਣ ਦੀ ਬਜਾਏ ਆਪਣੀ ਆਲੋਚਨਾ ਕੀਤੇ ਜਾਣ ਨੂੰ ਹੀ ਅਪਰਾਧ ਐਲਾਨ ਰਹੀਆਂ ਹਨ। ਦੂਜੇ ਪਾਸੇ, ਸਰਕਾਰ ਜੰਗ ਛੇੜਨ ਦੇ ਹੱਕ ਵਿੱਚ ਜਨੂੰਨੀ ਮਾਹੌਲ ਬਣਾ ਕੇ ਆਪਣੀਆਂ ਅਸਫਲਤਾਵਾਂ ਤੋਂ ਜਨਤਾ ਦਾ ਧਿਆਨ ਭਟਕਾਉਣ ਅਤੇ ਮੁਸਲਿਮ ਵਿਰੋਧੀ ਜਨੂੰਨ ਨੂੰ ਭੜਕਾਉਣ 'ਚ ਲੱਗੀ ਹੋਈ ਹੈ। ਇਸ ਦੀ ਆੜ 'ਚ ਵਿਰੋਧ ਦੀਆਂ ਲੋਕਤੰਤਰੀ ਆਵਾਜ਼ਾਂ ਨੂੰ ਦਬਾਇਆ ਜਾ ਰਿਹਾ ਹੈ। ਦਮਨ ਦੇ ਇਸ ਚੱਕਰ ਰਾਹੀਂ ਲੋਕ ਪੱਖੀ ਯੂ ਟਿਊਬਰਾਂ, ਸਰਗਰਮ ਕਾਰਕੁਨਾਂ ਦੇ ਉਤਪੀੜਨ, ਹੁਣ ਕਿਸਾਨ ਆਗੂ ਰਕੇਸ਼ ਟਿਕੈਤ ਉੱਪਰ ਸੰਘੀ ਗੁੰਡਿਆਂ ਰਾਹੀਂ ਹਮਲਾ ਕਰਵਾਉਣ ਕਸ਼ਮੀਰੀਆਂ ਅਤੇ ਮੁਸਲਮਾਨਾਂ ਵਿਰੁੱਧ ਨਫ਼ਰਤ ਭੜਕਾਉਣ ਅਤੇ ਕਾਨੂੰਨ ਦੇ ਰਾਜ ਵਿਰੁੱਧ ਜਾ ਕੇ ਘਰਾਂ 'ਤੇ ਬੁਲਡੋਜ਼ਰ ਚਲਾਉਣ ਦੇ ਰੂਪ 'ਚ ਜਾਰੀ ਹੈ।

ਇਨਕਲਾਬੀ ਕੇਂਦਰ, ਪੰਜਾਬ ਦੇ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਸਿੰਘ ਲਹਿਰਾ ਮੁਹੱਬਤ ਅਤੇ ਜਸਵੰਤ ਨੇ ਸਾਰੇ ਜਮਹੂਰੀਅਤ ਪਸੰਦ ਨਾਗਰਿਕਾਂ ਨੂੰ ਅਪੀਲ ਕਰਦੀ ਹੈ ਕਿ ਉਹ ਰਕੇਸ਼ ਟਿਕੈਤ, ਨੇਹਾ ਸਿੰਘ ਰਾਠੌਰ, ਡਾ. ਮਾਦਰੀ ਕਾਕੋਟੀ ਅਤੇ ਸਰਕਾਰ ਤੋਂ ਸਵਾਲ ਪੁੱਛਣ ਵਾਲੇ ਸਾਰੇ ਇਨਸਾਫ਼ ਪਸੰਦ ਲੋਕਾਂ ਦੇ ਸਮਰਥਨ 'ਚ ਅੱਗੇ ਆਉਣ, ਆਪਣੇ ਹੱਕਾਂ ਦੀ ਜੰਗ ਜਾਰੀ ਰੱਖਣ ਲਈ ਹੋਰ ਵਧੇਰੇ ਦ੍ਰਿੜ੍ਹਤਾ ਨਾਲ ਸੰਘਰਸ਼ਾਂ ਦਾ ਪਿੜ ਮੱਲਣ।

# ਸਿੱਖਿਆ ਢਾਂਚੇ ਦਾ ਵਿਕਾਸ ਕਰ ਕੇ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ: ਚੇਅਰਮੈਨ ਦਲਵੀਰ ਸਿੰਘ ਢਿੱਲੋਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਧੂਰੀ/ਸੰਗਰੂਰ, 2 ਮਈ, 2025: ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਨਾਉਣ ਵਾਸਤੇ ਵਿੱਢੀ ਗਈ ਮੁਹਿੰਮ “ਪੰਜਾਬ ਸਿੱਖਿਆ ਕ੍ਰਾਂਤੀ” ਤਹਿਤ ਸੂਬੇ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ ਜਿਸ ਸਦਕਾ ਸਕੂਲਾਂ ਵਿੱਚ ਸਿੱਖਿਆ ਢਾਂਚੇ ਦਾ ਵਿਕਾਸ ਹੋ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਹਲਕਾ ਧੂਰੀ



ਦੇ ਪਿੰਡ ਕਾਤਰੋਂ ਅਤੇ ਚਾਂਗਲੀ ਦੇ ਸਰਕਾਰੀ ਸਕੂਲਾਂ ਵਿੱਚ ਮਾਨ ਸਰਕਾਰ ਵੱਲੋਂ ਕਰਵਾਏ ਵਿਕਾਸ ਕਾਰਜ ਲੋਕ ਅਰਪਿਤ ਕਰਨ ਮੌਕੇ ਕੀਤਾ।

ਇਸ ਮੌਕੇ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ 20 ਹਜ਼ਾਰ ਸਰਕਾਰੀ ਸਕੂਲਾਂ ਵਿੱਚ ਲਗਭਗ 28 ਲੱਖ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਹਨਾਂ ਵਿੱਚੋਂ ਕਰੀਬ 17 ਹਜ਼ਾਰ ਸਕੂਲਾਂ ਨੂੰ ਵਾਈਫਾਈ ਦੀ ਸਹੂਲਤ ਨਾਲ ਲੈਸ ਕੀਤਾ ਗਿਆ ਹੈ। ਜਿੱਥੇ ਪੰਜਾਬ ਸਰਕਾਰ ਵੱਲੋਂ 20 ਹਜ਼ਾਰ ਅਧਿਆਪਕ ਭਰਤੀ ਕੀਤੇ ਗਏ ਹਨ, ਉੱਥੇ 12,700 ਅਧਿਆਪਕ ਪੱਕੇ ਵੀ ਕੀਤੇ ਗਏ ਹਨ। ਕਰੀਬ 9000 ਸਫਾਈ ਸੇਵਕ ਤੇ ਚੌਂਕੀਦਾਰ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਲਾਏ ਗਏ ਹਨ। ਇਸ ਦੇ ਨਾਲ-ਨਾਲ ਸਕੂਲ ਆਫ ਐਮੀਨੈਂਸ ਦੇ ਰੂਪ ਵਿੱਚ ਪੰਜਾਬ ਦੇ ਵਿਦਿਆਰਥੀਆਂ ਨੂੰ ਇੱਕ ਵੱਡੀ ਸੌਗਾਤ ਦਿੱਤੀ ਗਈ ਹੈ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ।

ਚੇਅਰਮੈਨ ਨੇ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਲੋਕ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋਇਆ ਹੈ।

# ਵਿਧਾਇਕ ਧਾਲੀਵਾਲ ਦਾ ਧੰਨਵਾਦ, ਜੇਸੀਟੀ ਮਿੱਲ ਮਜ਼ਦੂਰਾਂ ਨੂੰ ਪੀਐਫ ਮਿਲਿਆ ਰਿਫੰਡ ਦੀ ਉਮੀਦ: ਸ਼ਰਦਾਨੰਦ ਸਿੰਘ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com

ਫਗਵਾੜਾ 3 ਮਈ (ਸ਼ਿਵ ਕੌੜਾ) ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਮੌਕੇ ‘ਤੇ ਵੱਖ-ਵੱਖ ਮਜ਼ਦੂਰ ਸੰਗਠਨਾਂ ਵੱਲੋਂ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਸਵੀਰ ਸਿੰਘ ਰਿਟਾ. ਇਹ ਪਟਵਾਰੀ ਦੀ ਅਗਵਾਈ ਹੇਠ ਸਥਾਨਕ ਨਗਰ ਨਿਗਮ ਹਾਲ ਵਿੱਚ ਆਯੋਜਿਤ ਕੀਤਾ ਗਿਆ ਸੀ। ਜਿਸ ਵਿੱਚ ਆਈਐਨਟੀਯੂਸੀ ਯੂਨੀਅਨ ਦੇ ਸੀਨੀਅਰ ਆਗੂ ਸ਼ਰਦਾਨੰਦ ਸਿੰਘ ਨੇ ਆਪਣੇ ਸਾਥੀਆਂ ਸਮੇਤ ਸ਼ਿਰਕਤ ਕੀਤੀ। ਇਸ ਦੌਰਾਨ ਸ਼ਿਕਾਗੋ ਦੇ ਸ਼ਹੀਦ ਮਜ਼ਦੂਰਾਂ ਨੂੰ ਯਾਦ




ਕੀਤਾ ਗਿਆ। ਸ਼ਰਦਾਨੰਦ ਸਿੰਘ ਨੇ ਕਿਹਾ ਕਿ 1886 ਵਿੱਚ ਅਮਰੀਕਾ ਦੇ ਸ਼ਿਕਾਗੋ ਵਿੱਚ 8 ਘੰਟੇ ਕੰਮਕਾਜੀ ਦਿਨ ਦੀ ਮੰਗ ਨੂੰ ਲੈ ਕੇ ਹੋਏ ਪ੍ਰਦਰਸ਼ਨ ਦੌਰਾਨ ਬਹੁਤ ਸਾਰੇ ਮਜ਼ਦੂਰ ਸ਼ਹੀਦ ਹੋ ਗਏ ਸਨ। ਜਿਸ ਤੋਂ ਬਾਅਦ 1 ਮਈ 1889 ਨੂੰ ਅੰਤਰਰਾਸ਼ਟਰੀ ਪੱਧਰ ‘ਤੇ ਪਹਿਲਾ ਮਜ਼ਦੂਰ ਦਿਵਸ ਮਨਾਇਆ ਗਿਆ। ਇਹ ਦਿਨ ਮਜ਼ਦੂਰਾਂ ਦੇ ਸਮਰਪਣ, ਅਧਿਕਾਰਾਂ ਅਤੇ ਸੰਘਰਸ਼ ਨੂੰ ਸਮਰਪਿਤ ਹੈ। ਉਨ੍ਹਾਂ ਫਗਵਾੜਾ ਵਿੱਚ ਜੇਸੀਟੀ ਮਿੱਲ ਮਜ਼ਦੂਰਾਂ ਦੇ ਚੱਲ ਰਹੇ ਸੰਘਰਸ਼ ਦਾ ਜ਼ਿਕਰ ਕਰਦਿਆਂ ਕਿਹਾ ਕਿ ਪੰਜਾਬ ਵਿਧਾਨ ਸਭਾ ਵਿੱਚ ਸਿਰਫ਼ ਕਾਂਗਰਸ ਪਾਰਟੀ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਹੀ ਇਹ ਮੁੱਦਾ ਉਠਾਇਆ ਸੀ। ਜਿਸ ਤੋਂ ਬਾਅਦ ਮਿੱਲ ਮਜ਼ਦੂਰਾਂ ਨੂੰ ਮਾਲਕਾਂ ਤੋਂ ਆਪਣਾ ਪੀਐਫ ਬਕਾਇਆ ਮਿਲਦਾ ਹੈ। ਮੈਨੂੰ ਤੁਹਾਨੂੰ ਮਿਲਣ ਦੀ ਉਮੀਦ ਹੈ। ਉਨ੍ਹਾਂ ਵਿਧਾਇਕ ਧਾਲੀਵਾਲ ਦਾ ਵੀ ਧੰਨਵਾਦ ਕੀਤਾ। ਬੁਲਾਰਿਆਂ ਨੇ ਮਜ਼ਦੂਰਾਂ ਦੇ ਅਧਿਕਾਰਾਂ ਅਤੇ ਹੋਰ ਮਹੱਤਵਪੂਰਨ ਮੁੱਦਿਆਂ ‘ਤੇ ਵਿਸਥਾਰ ਨਾਲ ਚਰਚਾ ਕੀਤੀ। ਮੀਟਿੰਗ ਤੋਂ ਬਾਅਦ ਇੱਕ ਰੈਲੀ ਹੋਈ ਜਿਸ ਵਿੱਚ ਸੈਂਕੜੇ ਮਜ਼ਦੂਰ ਯੂਨੀਅਨ ਮੈਂਬਰ ਸ਼ਾਮਲ ਹੋਏ। ਇਸ ਮੌਕੇ ਸੁਜੀਤ ਕੁਮਾਰ, ਕਮਲਜੀਤ ਸੈਣੀ, ਰਾਮਜੀ, ਦੀਪਕ ਹਾਂਡਾ, ਰਾਜੀਵ ਚੌਬੇ, ਵਿਨੋਦ ਪਾਂਡੇ ਆਦਿ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ |

# ਜੱਥੇਬੰਦੀਆਂ ਵੱਲੋਂ ਮਾਸਟਰ ਨਿਰਭੈ ਸਿੰਘ ਖਾਈ ਤੇ ਕਾਤਲਾਨਾ ਹਮਲਾ ਕਰਨ ਵਾਲੇ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਮੰਤਰੀ ਬਰਿੰਦਰ ਗੋਇਲ ਦੇ ਘਰ ਦਾ ਘਿਰਾਓ

## ਜਨਤਕ ਜਮਹੂਰੀ ਜਥੇਬੰਦੀਆਂ ਨੇ ਦੋਸ਼ੀਆਂ ਦੀ ਜਲਦ ਗ੍ਰਿਫਤਾਰੀ ਲਈ ਲਹਿਰਾਗਾਗਾ ਸ਼ਹਿਰ ਦੇ ਮੁੱਖ ਬਾਜ਼ਾਰਾਂ ‘ਚ ਕੀਤਾ ਰੋਸ ਮਾਰਚ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਲਹਿਰਾਗਾਗਾ, 3 ਮਈ, 2025: ਬੀਤੀ 25 ਅਪ੍ਰੈਲ ਨੂੰ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਆਗੂ ਮਾਸਟਰ ਨਿਰਭੈ ਸਿੰਘ ਖਾਈ ਨੂੰ ਰਸਤੇ ਵਿੱਚ ਘੇਰ ਕੇ ਇੱਥੋਂ ਦੇ ਭੂ ਮਾਫੀਆ ਗੁੰਡਾ ਗਰੋਹ ਵੱਲੋਂ ਉਹਨਾਂ ਦੀਆਂ ਲੱਤਾਂ ਬਾਹਾਂ ਤੋੜ ਦਿੱਤੀਆਂ ਗਈਆਂ ਸਨ ਅਤੇ ਅਗਵਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਦੋਸ਼ੀਆਂ ਤੇ ਪਰਚਾ ਦਰਜ ਹੋਣ ਦੇ ਬਾਵਜੂਦ ਅੱਜ ਅੱਠ ਦਿਨ ਬੀਤਣ ਤੇ ਵੀ ਪੁਲਿਸ ਵੱਲੋਂ ਇੱਕ ਵੀ ਦੋਸ਼ੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ। ਦੋਸ਼ੀਆਂ ਦੀ ਗਿਰਫਤਾਰੀ ਲਈ ਅਤੇ ਪਿੰਡ ਖਾਈ ਦੇ ਗਰੀਬ ਪਰਿਵਾਰ ਦੀ ਕੀਤੀ ਗਈ ਜਾਅਲੀ ਰਜਿਸਟਰੀ ਰੱਦ ਕਰਵਾਉਣ ਦੀ ਮੰਗ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਅੱਜ ਸਥਾਨਕ ਅਨਾਜ ਮੰਡੀ ਵਿੱਚ ਸਵੇਰੇ 11 ਵਜੇ ਤੋਂ ਡੇਢ ਵਜੇ ਤੱਕ ਰੋਸ ਰੈਲੀ ਕੀਤੀ ਅਤੇ ਉਸ ਤੋਂ ਬਾਅਦ ਬਾਜ਼ਾਰ ਵਿੱਚੋਂ ਦੀ ਰੋਸ ਮੁਜ਼ਾਹਰਾ ਕਰਦੇ ਹੋਏ ਸਥਾਨਕ ਹਲਕੇ ਦੇ ਮੰਤਰੀ ਵਰਿੰਦਰ ਗੋਇਲ ਦੇ ਘਰ ਦਾ ਘਿਰਾਓ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਕਿਰਤੀ ਕਿਸਾਨ




ਯੂਨੀਅਨ ਦੇ ਸੂਬਾ ਪ੍ਰੈੱਸ ਸਕੱਤਰ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰਮਿੰਦਰ ਸਿੰਘ ਪਟਿਆਲਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਜ਼ਿਲਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ, ਬੀਕੇਯੂ ਏਕਤਾ ਆਜ਼ਾਦ ਦੇ ਆਗੂ ਲੀਲਾ ਸਿੰਘ ਚੋਟੀਆਂ, ਬੀਕੇਯੂ ਏਕਤਾ ਉਗਰਾਹਾਂ ਦੇ ਬਲਾਕ ਸਕੱਤਰ ਬਹਾਦਰ ਸਿੰਘ ਭੁਟਾਲ, ਕੁਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਜਿਲਾ ਪ੍ਰਧਾਨ ਸਤਵੰਤ ਸਿੰਘ ਖੰਡੇਬਾਦ, ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਊਧਮ ਸਿੰਘ ਸੰਤੋਖਪੁਰਾ, ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਿਲਾ ਪ੍ਰਧਾਨ ਸੁਖਵਿੰਦਰ ਗਿਰ ਅਤੇ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਵਿੱਤ ਸਕੱਤਰ ਬਿੱਕਰ ਸਿੰਘ ਤੋਂ ਹਥੋਆ ਨੇ ਦੋਸ਼ ਲਾਇਆ ਕਿ ਸਥਾਨਕ ਇਲਾਕੇ ਵਿੱਚ ਸਰਗਰਮ ਭੂ ਮਾਫੀਆ ਗਰੋਹ ਲੋਕਾਂ ਦੀਆਂ ਆਪਸੀ ਪਰਿਵਾਰਕ ਰੌਲੇ ਵਾਲੀਆਂ ਜਮੀਨਾਂ ਨੂੰ ਸਸਤੇ ਭਾਅ ਖਰੀਦ ਕੇ ਉਹਨਾਂ ਉੱਪਰ ਫਿਰ ਕਬਜ਼ੇ ਕਰਦਾ ਹੈ ਤੇ ਅੱਗੇ ਮਹਿੰਗੇ ਭਾਅ ਵੇਚਦਾ ਹੈ। ਇਸ ਗਰੋਹ ਦੀ ਪੁਸ਼ਤ ਪਨਾਹੀ ਸਥਾਨਕ ਮੰਤਰੀ ਵਰਿੰਦਰ ਗੋਇਲ ਕਰ ਰਹੇ ਹਨ, ਕਿਉਂਕਿ ਪਿੰਡ ਖਾਈ ਵਿੱਚ ਜਦੋਂ ਇਸੇ ਤਰ੍ਹਾਂ ਇਸ ਗਰੋਹ ਨੇ ਇੱਕ ਪਰਿਵਾਰ ਦੀ ਜਮੀਨ ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਤਾਂ ਪੂਰੇ ਪਿੰਡ ਵੱਲੋਂ ਅਤੇ ਮਾਸਟਰ ਨਿਰਭੈ ਸਿੰਘ ਵੱਲੋਂ ਇਸ ਦਾ ਵਿਰੋਧ ਕੀਤਾ ਗਿਆ। ਜਿਸ ਦੀ ਰੰਜਸ ਵਿੱਚ ਉਕਤ ਗਰੋਹ ਨੇ ਨਿਰਭੈ ਸਿੰਘ ਤੇ ਕਾਤਲਾਨਾ ਹਮਲਾ ਕੀਤਾ। ਮੰਤਰੀ ਦੀ ਸਹਿ ਕਾਰਨ ਹੀ ਪੁਲਿਸ ਪ੍ਰਸ਼ਾਸਨ ਕਥਿਤ ਦੋਸ਼ੀਆਂ ਨੂੰ ਗਿਰਫਤਾਰ ਨਹੀਂ ਕਰ ਰਿਹਾ।

ਇਸ ਮੌਕੇ ਹਾਜ਼ਰ ਇਕੱਠ ਨੇ ਡੀਐੱਸਪੀ ਲਹਿਰਾ ਦੀ ਕਾਰਗੁਜ਼ਾਰੀ ਤੇ ਵੀ ਸਵਾਲ ਉਠਾਏ ਅਤੇ ਉਹਨਾਂ ਨਾਲ ਗੱਲ ਕਰਨ ਤੋਂ ਇਨਕਾਰ ਕਰ ਦਿੱਤਾ ਜਿਸ ਤੇ ਡੀਐੱਸਪੀ ਮੂਣਕ ਨੇ ਆ ਕੇ ਧਰਨਾਕਾਰੀਆਂ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ। ਇਸ ਤੋਂ ਬਾਅਦ ਜਥੇਬੰਦੀਆਂ ਨੇ ਘਿਰਾਓ ਖਤਮ ਕਰਕੇ ਐਲਾਨ ਕੀਤਾ ਕਿ ਜੇਕਰ ਜਲਦੀ ਦੋਸ਼ੀਆਂ ਦੀ ਗ੍ਰਿਫਤਾਰੀ ਨਹੀਂ ਹੁੰਦੀ ਤਾਂ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ 13 ਮਈ ਨੂੰ ਸੰਗਰੂਰ ਵਿਖੇ ਇਸ ਮਾਮਲੇ ਨੂੰ ਲੈ ਕੇ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਜਿਸ ਲਈ ਪੰਜਾਬ ਸਰਕਾਰ ਅਤੇ ਸੰਗਰੂਰ ਦਾ ਪ੍ਰਸ਼ਾਸਨ ਜਿੰਮੇਵਾਰ ਹੋਵੇਗਾ।

ਅੱਜ ਦੇ ਰੋਸ ਧਰਨੇ ਨੂੰ ਲੋਕ ਚੇਤਨਾ ਮੰਚ ਦੇ ਆਗੂ ਰਘਬੀਰ ਸਿੰਘ ਭਟਾਲ, ਖੇਤੀਬਾੜੀ ਕਿਸਾਨ ਵਿਕਾਸ ਫਰੰਟ ਦੇ ਆਗੂ ਮਹਿੰਦਰ ਸਿੰਘ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਸਵਰਨ ਸਿੰਘ ਨਵਾਂਗਾਂਓ, ਮਜ਼ਦੂਰ ਮੁਕਤੀ ਮੋਰਚਾ ਦੇ ਆਗੂ ਗੋਬਿੰਦ ਸਿੰਘ ਛਾਜਲੀ, ਜਮਹੂਰੀ ਅਧਿਕਾਰ ਸਭਾ ਦੇ ਆਗੂ ਕੁਲਦੀਪ ਸਿੰਘ, ਮੁਲਾਜ਼ਮ ਆਗੂ ਪੂਰਨ ਖਾਈ, ਰਘਵੀਰ ਸਿੰਘ ਭਵਾਨੀਗੜ੍ਹ, ਦਲਜੀਤ ਸਿੰਘ ਸਫੀਪੁਰ, ਦਰਸ਼ਨ ਸਿੰਘ ਕੁੰਨਰਾਂ ਨੇ ਵੀ ਸੰਬੋਧਨ ਕੀਤਾ।

# ਐਸਏਐਸ ਨਗਰ ਪੁਲਿਸ ਨੇ ਜਵਾਹਰਪੁਰ ਡਕੈਤੀ ਮਾਮਲੇ ਨੂੰ ਤਿੰਨ ਦਿਨਾਂ ਦੇ ਅੰਦਰ ਸੁਲਝਾਇਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 03 ਮਈ INTERNATIONAL PAPER, 94636 01616 hardipchumber57@gmail.com

ਸੰਗਠਿਤ ਅਪਰਾਧ ਅਤੇ ਅਪਰਾਧੀਆਂ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਜ਼ਿਲ੍ਹਾ ਐਸਏਐਸ ਨਗਰ ਪੁਲਿਸ ਨੂੰ ਇੱਕ ਵੱਡੀ ਸਫਲਤਾ ਮਿਲੀ ਜਦੋਂ ਸਬ ਡਿਵੀਜ਼ਨ ਡੇਰਾਬੱਸੀ ਪੁਲਿਸ ਦੀ ਇੱਕ ਟੀਮ ਨੇ ਜੁਰਮ ਦੇ ਤਿੰਨ ਦਿਨਾਂ ਦੇ ਅੰਦਰ ਜਵਾਹਰਾਪੁਰ ਡਕੈਤੀ ਕੇਸ ਨੂੰ ਸੁਲਝਾ ਲਿਆ । ਸ਼੍ਰੀ ਦੀਪਕ ਪਾਰੀਕ, ਆਈਪੀਐਸ, ਐਸਐਸਪੀ ਐਸਏਐਸ ਨਗਰ ਨੇ ਕਿਹਾ ਜੁਰਮ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਫੜੇ ਗਏ ਵਿਅਕਤੀਆਂ ਦੀ ਪਛਾਣ ਰੋਹਿਤ ਕੁਮਾਰ ਉਰਫ਼ ਜਾਮਨ ਵਾਸੀ ਪਿੰਡ ਲਲੋਨੀ ਜ਼ਿਲ੍ਹਾ ਕਰਨਾਲ ਹਰਿਆਣਾ, ਸਤਿੰਦਰ ਸਿੰਘ ਵਾਸੀ ਪਿੰਡ ਭੂੜਾ ਸਾਹਿਬ ਜ਼ਿਲ੍ਹਾ ਐਸਏਐਸ ਨਗਰ ਮੁਹਾਲੀ, ਮੋਤੀ ਵਾਸੀ ਪਿੰਡ ਨੀਲਾ ਖੇੜੀ ਜ਼ਿਲ੍ਹਾ ਕਰਨਾਲ ਹਰਿਆਣਾ ਅਤੇ ਅਕਸ਼ੈ ਵਾਸੀ ਪਿੰਡ ਲਲੋਨੀ ਜ਼ਿਲ੍ਹਾ ਕਰਨਾਲ ਜ਼ਿਲ੍ਹਾ ਕਰਨਾਲ ਤਾਰੀ ਵਜੋਂ ਹੋਈ ਹੈ।

ਵੇਰਵਿਆਂ ਦਾ ਖੁਲਾਸਾ ਕਰਦੇ ਹੋਏ, ਐਸਐਸਪੀ ਨੇ ਕਿਹਾ ਕਿ ਬੁੱਧਵਾਰ ਯਾਨੀ 30 ਮਾਰਚ 2025 ਨੂੰ ਸਵੇਰੇ ਉੱਤਰ ਪ੍ਰਦੇਸ਼ ਦੇ ਇੱਕ ਮੂਲ ਨਿਵਾਸੀ ਜ਼ਿਆ-ਉਲ-




ਹੱਕ ਨੇ ਡੇਰਾ ਬੱਸੀ ਬੱਸ ਸਟੈਂਡ ਤੋਂ ਅੰਬਾਲਾ ਰੇਲਵੇ ਸਟੇਸ਼ਨ ਲਈ ਰਜਿਸਟ੍ਰੇਸ਼ਨ ਨੰਬਰ ਐਚਆਰ 67 ਸੀ 1782 ਵਾਲੀ ਇੱਕ ਟੈਕਸੀ ਹੁੰਡਈ ਐਕਸੈਂਟ ਕਾਰ ਬੁੱਕ ਕੀਤੀ ਸੀ। “ਸਫ਼ਰ ਦੌਰਾਨ, ਚੰਡੀਗੜ੍ਹ-ਅੰਬਾਲਾ ਰਾਸ਼ਟਰੀ ਰਾਜਮਾਰਗ ‘ਤੇ ਜਵਾਹਰਾਪੁਰ ਚੌਂਕ ਨੇੜੇ ਟੈਕਸੀ ਡਰਾਈਵਰ ਸਮੇਤ ਚਾਰ ਅਣਪਛਾਤੇ ਕਾਰ ਸਵਾਰ ਵਿਅਕਤੀਆਂ ਨੇ ਬੰਦੂਕ ਦੀ ਨੋਕ ‘ਤੇ ਉਸ ਤੋਂ 20,600 ਰੁਪਏ ਨਕਦ, ਏਟੀਐਮ ਕਾਰਡ, ਮੋਬਾਈਲ ਫੋਨ ਅਤੇ ਮਹੱਤਵਪੂਰਨ ਦਸਤਾਵੇਜ਼ ਲੁੱਟ ਲਏ। ਘਟਨਾ ਤੋਂ ਬਾਅਦ ਡੀਆਈਜੀ ਰੋਪੜ ਰੇਂਜ ਹਰਚਰਨ ਸਿੰਘ ਭੁੱਲਰ ਆਈਪੀਐਸ ਨੇ ਮਾਮਲੇ ਨੂੰ ਜਲਦੀ ਤੋਂ ਜਲਦੀ ਸੁਲਝਾਉਣ ਲਈ ਕੁਝ ਨਿਰਦੇਸ਼ ਜਾਰੀ ਕੀਤੇ।’’

ਕਾਰਵਾਈ ਸੰਬੰਧੀ ਵੇਰਵੇ ਦਿੰਦੇ ਹੋਏ, ਐਸਐਸਪੀ ਨੇ ਅੱਗੇ ਦੱਸਿਆ ਕਿ ਭਾਰਤੀ ਨਿਆਏ ਸੰਹਿਤਾ (ਬੀਐਨਐਸ) ਦੀ ਧਾਰਾ 309(4), 140(3), 351(1), 351(3), ਅਤੇ 3(5) ਦੇ ਤਹਿਤ ਐਫਆਈਆਰ ਨੰਬਰ 111 ਮਿਤੀ 02.05.2025 ਨੂੰ ਡੇਰਾਬੱਸੀ ਪੁਲਿਸ ਸਟੇਸ਼ਨ ਵਿਖੇ ਦਰਜ ਕੀਤੀ ਗਈ ਸੀ ਅਤੇ ਐਸਪੀ (ਦਿਹਾਤੀ) ਮਨਪ੍ਰੀਤ ਸਿੰਘ ਅਤੇ ਡੀਐਸਪੀ ਡੇਰਾਬੱਸੀ ਬਿਕਰਮਜੀਤ ਸਿੰਘ ਬਰਾੜ ਦੀ ਨਿਗਰਾਨੀ ਹੇਠ ਇੱਕ ਵਿਸ਼ੇਸ਼ ਟੀਮ ਬਣਾਈ ਗਈ ਸੀ। “ਐਸਐਚਓ ਡੇਰਾਬੱਸੀ ਇੰਸਪੈਕਟਰ ਸੁਮਿਤ ਮੋਰ ਦੀ ਅਗਵਾਈ ਵਾਲੀ ਟੀਮ ਨੇ ਅਪਰਾਧ ਵਾਲੀ ਥਾਂ ਤੋਂ ਮੁੱਖ ਸਬੂਤ ਇਕੱਠੇ ਕੀਤੇ ਅਤੇ ਸਥਾਨਕ ਸਰੋਤਾਂ ਤੋਂ ਜਾਣਕਾਰੀ ਇਕੱਠੀ ਕੀਤੀ ਜਿਸ ਨਾਲ ਅਪਰਾਧ ਵਿੱਚ ਸ਼ਾਮਲ ਸਾਰੇ ਚਾਰ ਮੁਲਜ਼ਮਾਂ ਦੀ ਪਛਾਣ ਹੋ ਗਈ। ਮਨੁੱਖੀ ਖੁਫੀਆ ਜਾਣਕਾਰੀ ਅਤੇ ਤਕਨੀਕੀ ਜਾਣਕਾਰੀ ‘ਤੇ ਕਾਰਵਾਈ ਕਰਦੇ ਹੋਏ, ਟੀਮ ਨੇ ਕੱਲ੍ਹ ਸ਼ਾਮ ਨੂੰ ਡੇਰਾਬੱਸੀ ਦੇ ਰਾਮਗੜ੍ਹ ਮੁਬਾਰਕਪੁਰ ਰੋਡ ਤੋਂ ਚਾਰ ਮੁਲਜ਼ਮਾਂ ਨੂੰ ਟਰੈਕ ਕੀਤਾ ਅਤੇ ਗ੍ਰਿਫ਼ਤਾਰ ਕੀਤਾ।

ਹੋਰ ਜਾਣਕਾਰੀ ਦਿੰਦੇ ਹੋਏ, ਐਸਐਸਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਅੰਤਰ-ਰਾਜੀ ਗਿਰੋਹ ਪਹਿਲਾਂ ਵੀ ਟ੍ਰਾਈਸਿਟੀ ਵਿੱਚ ਅਜਿਹੀਆਂ ਕਈ ਘਟਨਾਵਾਂ ਵਿੱਚ ਸ਼ਾਮਲ ਰਿਹਾ ਹੈ। ਐਸਐਸਪੀ ਨੇ ਅੱਗੇ ਕਿਹਾ, “ਗਰੋਹ ਦਾ ਢੰਗ ਯੂਪੀ-ਬਿਹਾਰ ਨਾਲ ਸਬੰਧਤ ਪ੍ਰਵਾਸੀ ਕਾਮਿਆਂ ਨੂੰ ਨਿਸ਼ਾਨਾ ਬਣਾਉਣਾ ਅਤੇ ਯਾਤਰਾ ਦੌਰਾਨ ਉਨ੍ਹਾਂ ਨੂੰ ਲੁੱਟਣਾ ਸੀ।”

ਐਸਐਸਪੀ ਨੇ ਕਿਹਾ, “ਅੱਜ, ਦੋਸ਼ੀ ਸਤਿੰਦਰ ਨੂੰ ਪਿੰਡ ਭੂੜਾ ਨੇੜੇ ਹਥਿਆਰ ਬਰਾਮਦ ਕਰਨ ਲਈ ਲਿਜਾਇਆ ਗਿਆ। ਪੁਲਿਸ ਹਿਰਾਸਤ ਤੋਂ ਭੱਜਣ ਦੀ ਅਸਫਲ ਕੋਸ਼ਿਸ਼ ਵਿੱਚ ਛੱਤ ਤੋਂ ਛਾਲ ਮਾਰਦੇ ਹੋਏ ਉਸਦੇ ਖੱਬੇ ਗਿੱਟੇ ਵਿੱਚ ਫਰੈਕਚਰ ਹੋ ਗਿਆ।” ਉਨ੍ਹਾਂ ਦੇ ਸਬੰਧਾਂ ਅਤੇ ਸਹਿਯੋਗੀਆਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

# ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ, ਜਿਨ੍ਹਾਂ ਨੇ ਨਸ਼ਾ ਤਸਕਰੀ ਰੋਕਣ ਅਤੇ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਠੋਸ ਕਦਮ ਚੁੱਕੇ : ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ

## - ਕਿਹਾ! ਵਿਲੇਜ਼ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਨਸ਼ਿਆਂ ਨੂੰ ਖਤਮ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ, - ਮਾਨ ਸਰਕਾਰ ਨਸ਼ਿਆਂ ਖਿਲਾਫ ਫੈਸਲਾਕੁੰਨ ਜੰਗ ਲੜ ਰਹੀ, ਜਦਕਿ ਕੇਂਦਰ ਸਰਕਾਰ ਪੰਜਾਬ ਦੇ ਪਾਣੀ ਲੁੱਟ ਕੇ ਹੋਰ ਇੱਕ ਜੰਗ ਥੋਪ ਰਹੀ ਹੈ : ਕੈਬਨਿਟ ਮੰਤਰੀ ਬਰਿੰਦਰ ਗੋਇਲ, - ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਬਰਿੰਦਰ ਗੋਇਲ, ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ, ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਮੇਟੀ ਮੈਂਬਰਾਂ ਨੂੰ ਨਸ਼ਾ ਵਿਰੋਧੀ ਲੜਾਈ ਵਿੱਚ ਸਖਤ ਨਿਗਰਾਨੀ ਰੱਖਣ ਲਈ ਪ੍ਰੇਰਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੰਗਰੂਰ, 2 ਮਈ, 2025: ਪੰਜਾਬ ਦੇ ਵਿੱਤ ਮੰਤਰੀ ਅਤੇ "ਯੁੱਧ ਨਸ਼ਿਆਂ ਵਿਰੁੱਧ" ਕੈਬਨਿਟ ਸਬ ਕਮੇਟੀ ਦੇ ਚੇਅਰਮੈਨ* ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਸਥਾਨਕ ਪੈਲੇਸ ਵਿੱਚ ਕਰਵਾਈ ਗਈ ਵਿਲੇਜ਼ ਡਿਫੈਂਸ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ ਹਨ ਜਿਨ੍ਹਾਂ ਨੇ ਨਸ਼ਾ ਤਸਕਰੀ ਰੋਕਣ ਅਤੇ ਪੰਜਾਬ ਦੇ ਪਾਣੀਆਂ ਨੂੰ ਬਚਾਉਣ ਲਈ ਠੋਸ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਰਾਜ ਨਸ਼ਿਆਂ ਖਿਲਾਫ ਜੰਗ ਲੜ ਰਿਹਾ ਹੈ ਅਤੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਉਨ੍ਹਾਂ ਨੇ ਨਸ਼ਾ ਵੇਚਣਾ ਨਾ ਛੱਡਿਆ ਤਾਂ ਉਨ੍ਹਾਂ ਨੂੰ ਪੰਜਾਬ ਛੱਡਣਾ ਪਏਗਾ।

ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਦੇ ਪੈਸੇ ਨਾਲ ਬਣੇ ਮਕਾਨਾਂ ਨੂੰ ਤੋੜਨ ਦੇ ਨਾਲ ਨਾਲ ਨਸ਼ਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਯਕੀਨੀ ਬਣਾ ਰਹੀ ਹੈ। ਉਨ੍ਹਾਂ ਦੱਸਿਆ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਹੇਠ ਜੇਕਰ ਇਕੱਲੇ ਜ਼ਿਲ੍ਹਾ ਸੰਗਰੂਰ ਦੀ ਹੀ ਗੱਲ ਕਰੀ ਜਾਵੇ ਤਾਂ ਹੁਣ ਤੱਕ ਐਨ ਡੀ ਪੀ ਐਸ ਤਹਿਤ 240 ਕੇਸ ਦਰਜ ਹੋਏ ਹਨ ਅਤੇ 332 ਗ੍ਰਿਫਤਾਰੀਆਂ ਹੋਈਆਂ ਹਨ, ਇਨ੍ਹਾਂ ਤੋਂ ਇਲਾਵਾ ਲਗਭਗ 9.20 ਲੱਖ ਰੁਪਏ ਦੀ ਨਕਦੀ ਵੀ ਬਰਾਮਦ ਹੋਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਕਾਰਵਾਈ ਦੇ ਨਾਲ-ਨਾਲ ਸਰਕਾਰ ਨੇ ਪਿੰਡ ਪੱਧਰ ਤੇ ਵਿਲੇਜ ਡਿਫੈਂਸ ਕਮੇਟੀਆਂ (VDCs) ਅਤੇ ਸ਼ਹਿਰੀ ਪੱਧਰ ਤੇ ਵਾਰਡ ਡਿਫੈਂਸ ਕਮੇਟੀਆਂ (WDCs) ਬਣਾਈਆਂ ਹਨ ਜੋ ਨਸ਼ਿਆਂ ਦੇ ਖ਼ਿਲਾਫ ਲੜਾਈ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ। ਉਨ੍ਹਾਂ ਕਿਹਾ ਕਿ ਕਮੇਟੀਆਂ ਦੇ ਮੈਂਬਰ ਆਪਣੇ-ਆਪਣੇ ਖੇਤਰਾਂ ਵਿੱਚ ਸਖਤ ਨਿਗਰਾਨੀ ਰੱਖਣਗੇ ਅਤੇ ਕਿਸੇ ਵੀ ਨਸ਼ੇ ਨਾਲ ਜੁੜੀ ਜਾਣਕਾਰੀ ਤੁਰੰਤ ਪੁਲਿਸ ਜਾਂ ਪ੍ਰਸ਼ਾਸਕੀ ਅਧਿਕਾਰੀਆਂ ਨੂੰ ਦੇਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਮੈਂਬਰ








ਨਸ਼ਾ ਆਦੀ ਵਿਅਕਤੀਆਂ ਨੂੰ ਨਸ਼ਾ ਮੁਕਤੀ ਕੇਂਦਰਾਂ ਵਿੱਚ ਇਲਾਜ ਲਈ ਭੇਜਣ ਅਤੇ ਉਨ੍ਹਾਂ ਨੂੰ ਮੁੱਖ ਧਾਰਾ ਸਮਾਜ ਨਾਲ ਜੋੜਨ ਵਿੱਚ ਵੀ ਮਦਦ ਕਰਨਗੇ।

ਇਸ ਦੌਰਾਨ, ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਵੀ ਵੀ.ਡੀ.ਸੀ ਅਤੇ ਡਬਲਯੂ.ਡੀ.ਸੀ ਮੈਂਬਰਾਂ ਨੂੰ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨਸ਼ਾ ਤਸਕਰੀ ਨੂੰ ਪੰਜਾਬ ਤੋਂ ਖਤਮ ਕਰਨ ਲਈ ਦਿਨ ਰਾਤ ਕੰਮ ਕਰ ਰਹੀ ਹੈ ਅਤੇ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਸਰਹੱਦਾਂ 'ਤੇ ਡਰੋਨ ਰਾਹੀਂ ਆਉਣ ਵਾਲੀਆਂ ਨਸ਼ਿਆਂ ਦੀਆਂ ਖੇਪਾਂ ਨੂੰ ਲੈਣ ਲਈ ਕੋਈ ਵੀ ਨਹੀਂ ਬਚਿਆ ਕਿਉਂਕਿ ਨਸ਼ਾ ਤਸਕਰ ਆਪਣੇ ਘਰਾਂ 'ਤੇ ਤਾਲੇ ਲਾ ਕੇ ਹੋਰ ਰਾਜਾਂ ਵੱਲ ਭੱਜ ਗਏ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਅਜੇ ਤੱਕ ਲਗਭਗ 60 ਅਜਿਹੇ ਘਰ ਢਾਹੇ ਜਾ ਚੁੱਕੇ ਹਨ ਜੋ ਨਸ਼ਿਆਂ ਦੇ ਪੈਸੇ ਨਾਲ ਬਣਾਏ ਗਏ ਸਨ।

ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਮਾਨ ਸਰਕਾਰ ਨਸ਼ਿਆਂ ਵਿਰੁੱਧ ਫੈਸਲਾਕੁੰਨ ਜੰਗ ਲੜ ਰਹੀ ਹੈ ਅਤੇ ਹੁਣ ਕੇਂਦਰ ਨੇ ਪੰਜਾਬ ਉੱਤੇ ਹੋਰ ਇੱਕ ਜੰਗ ਥੋਪ ਦਿੱਤੀ ਹੈ, ਜਿਸ ਰਾਹੀਂ ਪੰਜਾਬ ਦੇ ਪਾਣੀਆਂ ਦੀ ਲੁੱਟ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੀ.ਬੀ.ਐਮ.ਬੀ ਵੱਲੋਂ ਹਰਿਆਣਾ ਨੂੰ ਵਾਧੂ ਪਾਣੀ ਦੇਣ ਦਾ ਫੈਸਲਾ ਪੂਰੀ ਤਰ੍ਹਾਂ ਗੈਰਕਾਨੂੰਨੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਪਹਿਲਾਂ ਹੀ ਭੂ-ਜਲ ਪੱਧਰ ਦੇ ਮਾਮਲੇ ਵਿੱਚ ਦਬਾਅ ਹੇਠ ਹੈ ਅਤੇ ਜਦੋਂ ਮੌਜੂਦਾ ਸਰਕਾਰ ਨੇ ਖੇਤਾਂ ਨੂੰ ਸਿੰਚਾਈ ਲਈ ਨਹਿਰਾਂ ਰਾਹੀਂ ਪਾਣੀ ਦੇਣ ਦੀ ਪਹਿਲ ਕੀਤੀ ਹੈ, ਤਾਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਇਸ ਨਹਿਰੀ ਪਾਣੀ ਦੀ ਖੁੱਲ੍ਹੀ ਲੁੱਟ ਕਰਨਾ ਚਾਹੁੰਦੀਆਂ ਹਨ।

ਇਸ ਮੌਕੇ 'ਤੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਅਗਵਾਈ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਨਸ਼ੇ ਦੀ ਸਮੱਸਿਆ ਨੂੰ ਸੰਸਦ ਵਿੱਚ ਵੀ ਉਠਾਇਆ ਗਿਆ ਹੈ ਅਤੇ ਪੰਜਾਬ ਦੇ ਮੁੱਖ ਮੰਤਰੀ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਲਿਖਿਆ ਹੈ ਕਿ ਡਰੋਨਾਂ ਦੀ ਰਜਿਸਟਰੇਸ਼ਨ ਹੋਣੀ ਚਾਹੀਦੀ ਹੈ ਅਤੇ ਸਰਹੱਦ 'ਤੇ ਉੱਚ ਤਕਨੀਕੀ ਉਪਕਰਨ ਲਗਾਏ ਜਾਣ ਕਿ ਜਿਨ੍ਹਾਂ ਰਾਹੀਂ ਡਰੋਨਾਂ ਰਾਹੀਂ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਦੀ ਤਸਕਰੀ ਰੋਕਣ ਲਈ ਕੋਈ ਠੋਸ ਕਦਮ ਨਹੀਂ ਚੁੱਕੇ ਪਰ ਮਾਨ ਸਰਕਾਰ ਇਸ ਨੂੰ ਜੜ ਤੋਂ ਖਤਮ ਕਰਨ ਲਈ ਪੱਕੇ ਅਤੇ ਠੋਸ ਕਦਮ ਚੁੱਕ ਰਹੀ ਹੈ।

ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਇਹ ਲੋਕਾਂ, ਪ੍ਰਸ਼ਾਸਨ, ਪੁਲਿਸ ਅਤੇ ਸਰਕਾਰ ਦੀ ਸਮੂਹਿਕ ਜ਼ਿੰਮੇਵਾਰੀ ਹੈ ਅਤੇ ਸਾਰੇ 3 ਕਰੋੜ ਪੰਜਾਬੀਆਂ ਨੂੰ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮਾਨ ਸਰਕਾਰ ਦੇ ਨਾਲ ਖੜ੍ਹੇ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੀ ਡੀ ਸੀ ਮੈਂਬਰਾਂ ਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਉਹ ਨਸ਼ਿਆਂ ਦੀ ਤਸਕਰੀ ਨੂੰ ਰੋਕਣਗੇ ਅਤੇ ਨਸ਼ੇ ਦੀ ਲਤ ਤੋਂ ਪੀੜਤ ਮਰੀਜ਼ਾਂ ਦਾ ਮੁੜ ਵਸੇਬਾ ਵੀ ਕਰਨਗੇ।

ਪ੍ਰੋਗਰਾਮ ਦੌਰਾਨ ਐਸਐਸਪੀ ਸਰਤਾਜ ਸਿੰਘ ਚਾਹਲ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਿਤ ਬੈਂਬੀ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਨਸ਼ਿਆਂ ਦੇ ਪ੍ਰਕੋਪ ਨੂੰ ਰੋਕਣ ਲਈ ਕੀਤੇ ਜਾ ਰਹੇ ਯਤਨਾਂ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਵੀ ਡੀ ਸੀ ਮੈਂਬਰਾਂ ਨੂੰ ਉਨ੍ਹਾਂ ਦੇ ਆਪਣੇ ਖੇਤਰਾਂ ਤੋਂ ਨਸ਼ਿਆਂ ਦੀ ਦੁਰਵਰਤੋਂ ਨੂੰ ਰੋਕਣ ਲਈ ਹਰ ਸੰਭਵ ਮਦਦ ਦਾ ਭਰੋਸਾ ਵੀ ਦਿੱਤਾ।

ਇਸ ਮੌਕੇ ਤੇ ਚੇਅਰਮੈਨ ਗੁਰਮੈਲ ਸਿੰਘ ਘਰਾਚੋਂ, ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਚੇਅਰਮੈਨ ਅਸ਼ੋਕ ਕੁਮਾਰ ਸਿੰਗਲਾ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ੋਨ ਕੋਆਰਡੀਨੇਟਰ ਜਗਦੀਪ ਜੱਗਾ, ਏ.ਡੀ.ਸੀ. (ਡੀ) ਸੁਖਚੈਨ ਸਿੰਘ ਪਾਪੜਾ, ਐਸ.ਪੀ. ਨਵਰੀਤ ਸਿੰਘ ਵਿਰਕ, ਐਸ.ਪੀ. ਦਿਲਪਰੀਤ ਸਿੰਘ, ਐਸ.ਡੀ.ਐਮ. ਚਰਨਜੋਤ ਸਿੰਘ ਵਾਲੀਆ, ਐਸ.ਡੀ.ਐਮ. ਰਿਸ਼ਵ ਗਰਗ, ਜਸਵੀਰ ਸਿੰਘ ਜੱਸੀ ਸੇਖੋਂ ਸਮੇਤ ਹੋਰ ਪ੍ਰਮੁੱਖ ਵਿਅਕਤੀ ਵੀ ਮੌਜੂਦ ਸਨ।

# ਪਹਿਲੀ ਕੌਮਾਂਤਰੀ ਮਜਦੂਰ ਦਿਵਸ ਤੇ ਸਾਮਰਾਜੀ ਹੱਲੇ ਤੇ ਨਿਹੱਕੀ ਜੰਗ ਦੇ ਵਿਰੋਧ ਦਾ ਸੱਦਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਲੁਧਿਆਣਾ, 2 ਮਈ 2025: ਅੱਜ ਇੱਥੇ ਸਥਾਨਕ ਬੱਸ ਸਟੈਂਡ ਤੇ ਵੱਖ ਵੱਖ ਟਰੇਡ ਤੇ ਜਮਹੂਰੀ ਜਥੇਬੰਦੀਆ ਵੱਲੋ ਸਾਂਝੇ ਤੌਰ ਤੇ ਕੌਮਾਂਤਰੀ ਮਜਦੂਰ ਦਿਵਸ ਦੇ ਮਹਾਨ ਸ਼ਹੀਦਾਂ ਦੀ ਯਾਦ 'ਚ ਸ਼ਰਧਾਂਜਲੀ ਕਾਨਫਰੰਸ ਕੀਤੀ ਗਈ। ਇਸ ਕਾਨਫਰੰਸ ਚ ਸਭ ਤੋ ਪਹਿਲਾਂ ਦੋ ਮਿੰਟ ਦਾ ਮੋਨ ਧਾਰ ਕੇ ਮਈ ਦੇ ਸ਼ਹੀਦਾਂ ਅਤੇ ਪਹਿਲਗਾਮ ਚ ਮਾਰੇ ਗਏ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਸਮੇ ਸਭਨਾਂ ਬੁਲਾਰਿਆ ਨੇ ਅਮਰੀਕਨ





ਸਾਮਰਾਜੀ ਕਾਰਪੋਰੇਟਾਂ ਵਲੋ ਲਿਆਂਦੀ ਨਵੀ ਟੈਰਿਫ ਨੀਤੀ ਰਾਹੀ ਸੰਸਾਰ ਵਪਾਰ ਯੁੱਧ ਤੇ ਸੰਭਾਵਿਤ ਤਬਾਹੀ ਨੂੰ ਨਿਸ਼ਾਨਾ ਬਣਾਇਆ। ਉਨ੍ਹਾਂ ਕਿਹਾ ਕਿ ਦੇਸ਼ ਦੀ ਮੋਦੀ ਹਕੂਮਤ ਅਮਰੀਕਾ ਦੀਆ ਲੋਕ ਵਿਰੋਧੀ ਨੀਤੀਆਂ ਨੂੰ ਦੋਹੇਂ ਹੱਥੀ ਸਵੀਕਾਰ ਕਰਕੇ ਲੋਕਾਂ ਨਾਲ ਧਰੋਹ ਕਮਾ ਰਹੀ ਹੈ। ਬੁਲਾਰਿਆਂ ਨੇ ਅਮਰੀਕਾ ਦੀ ਸ਼ਹਿ ਤੇ ਇਜਰਾਈਲ ਵਲੋ ਗਾਜਾ (ਫਲੀਸਤੀਨ) 'ਚ ਮਚਾਈ ਜਾ ਰਹੀ ਅੰਨੀ ਤਬਾਹੀ ਅਤੇ ਕਤਲੋਗਾਰਤ ਤੇ ਚਿੰਤਾ ਪ੍ਰਗਟ ਕਰਦਿਆਂ ਇਸ ਹਮਲੇ ਨੂੰ ਰੋਕਣ ਲਈ ਅਵਾਜ ਉਠਾਉਣ ਦਾ ਸੱਦਾ ਦਿੱਤਾ।

ਬੁਲਾਰਿਆ ਨੇ ਕਿਹਾ ਕਿ ਪਹਿਲਗਾਮ ਘਟਨਾ ਚ ਦਰਿੰਦਿਆ ਵਲੋ ਨਿਰਦੋਸ਼ ਲੋਕਾਂ ਦੇ ਕਤਲਾਂ ਨੇ ਸਾਬਤ ਕਰ ਦਿੱਤਾ ਕਿ ਇਹ ਮਸਲਾ ਗੋਲੀ ਨਾਲ ਨਹੀ ਰਾਜਸੀ ਇੱਛਾ ਸ਼ਕਤੀ ਨਾਲ ਹੱਲ ਹੋਣ ਵਾਲਾ ਹੈ। ਉਨ੍ਹਾਂ ਇਸ ਘਟਨਾ ਦੀ ਆੜ ਚ ਫਿਰਕੂ ਸ਼ਾਵਨਵਾਦ ਖੜਾ ਕਰਦਿਆਂ ਮੋਦੀ ਹਕੂਮਤ ਵਲੋ ਦੇਸ਼ ਦੇ ਲੋਕਾਂ ਤੇ ਠੋਸੀ ਜਾ ਰਹੀ ਨਿਹੱਕੀ ਜੰਗ ਖਿਲਾਫ਼ ਸੜਕਾਂ ਤੇ ਆਉਣ ਦਾ ਸੱਦਾ ਦਿੱਤਾ ਹੈ। ਉਨਾਂ ਦੇਸ਼ ਦੇ ਹਾਕਮਾਂ ਵਲੋ ਬੋਲਣ ਦੀ ਅਜਾਦੀ ਉਪਰ ਕਾਲੇ ਕਨੂੰਨ ਲਾਗੂ ਕਰਨ ਦੀ ਵੀ ਜੋਰਦਾਰ ਨਿੰਦਾ ਕਰਦਿਆਂ ਝਾਰਖੰਡ , ਛੱਤੀਸਗੜ ਆਦਿ ਸੂਬਿਆਂ ਚ ਜਲ ਜੰਗਲ ਜਮੀਨ ਦੀ ਰਾਖੀ ਲਈ ਲੜ ਰਹੇ ਆਦਿਵਾਸੀਆਂ ਦੀ ਨਕਸਲਵਾਦ ਖਤਮ ਕਰਨ ਦੇ ਨਾਮ ਤੇ ਕੀਤੀ ਜਾ ਰਹੀ ਕਤਲੋਗਾਰਤ ਅਤੇ ਤਬਾਹੀ ਨੂੰ ਰੋਕਣ ਦੀ ਮੰਗ ਕੀਤੀ।

ਬੁਲਾਰਿਆ 'ਚ ਕੰਵਲਜੀਤ ਖੰਨਾ, ਬਲਰਾਜ ਕੋਟਉਮਰਾ, ਸੁਰਜੀਤ ਦੌਧਰ, ਬਲਜਿੰਦਰ ਸਿੰਘ , ਗੁਰਮੇਲ ਰੂਮੀ, ਮਦਨ ਸਿੰਘ, ਹੁਕਮ ਰਾਜ ਦੇਹੜਕਾ, ਅਵਤਾਰ ਸਿੰਘ ਬਿੱਲਾ, ਅਵਤਾਰ ਸਿੰਘ ਗਗੜਾ ਨੇ ਸੰਬੋਧਨ ਕੀਤਾ। ਪੈਨਸ਼ਨਰ ਆਗੂ ਜਗਦੀਸ਼ ਸਿੰਘ ਨੇ ਮੰਚ ਸੰਚਾਲਨ ਕੀਤਾ। ਰਾਮ ਸਿੰਘ ਹਠੂਰ ਨੇ ਇਨਕਲਾਬੀ ਗੀਤ ਪੇਸ਼ ਕੀਤੇ । ਉਪਰੰਤ ਵਰਕਰਾਂ ਨੇ ਤਹਿਸੀਲ ਰੋਡ ਤੇ ਸ਼ਹੀਦਾਂ ਦੀ ਯਾਦ ਚ ਮਾਰਚ ਕੀਤਾ। ਇਸ ਸਮੇ ਮਜਦੂਰ ਆਗੂ ਦੇਵ ਰਾਜ , ਸਵਰਨ ਸਿੰਘ ਹਠੂਰ, ਜਗਸੀਰ ਸਿੰਘ, ਹਰਦੇਵ ਸਿੰਘ ਮੁਲਾਂਪੁਰ, ਧਰਮ ਸਿੰਘ ਸੂਜਾਪੁਰ, ਜਸਵਿੰਦਰ ਸਿੰਘ ਭਮਾਲ, ਬਲਜੀਤ ਸਿੰਘ ਗੋਰਸੀਆਂ, ਬਹਾਦਰ ਸਿੰਘ ਅਖਾੜਾ, ਮਾਸਟਰ ਅਵਤਾਰ ਸਿੰਘ ਆਦਿ ਹਾਜਰ ਸਨ।

# ਪੰਜਾਬ 'ਚ ਲੜਕੇ ਨੇ ਲੜਕੀ ਨੂੰ ਗੋਲੀ ਮਾਰਨ ਤੋਂ ਬਾਅਦ ਖੁਦ ਮਾਰੀ ਗੋਲੀ, ਦੋਵਾਂ ਦੀ ਮੌਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਬਠਿੰਡਾ, 3 ਮਈ,

ਅੱਜ ਇੱਥੇ ਇਕ ਦਿਲ ਕੰਬਾਊ ਘਟਨਾ ਵਾਪਰੀ ਜਿੱਥੇ ਇਕ ਨੌਜਵਾਨ ਨੇ ਪਹਿਲਾਂ ਲੜਕੀ ਨੂੰ ਗੋਲੀ ਮਾਰ ਦਿੱਤੀ ਅਤੇ ਬਾਅਦ ਵਿੱਚ ਆਪਣੇ ਆਪ ਨੂੰ ਗੋਲੀ ਮਾਰ ਲਈ। ਦੋਵਾਂ ਦੀ ਮੌਕੇ ਉਤੇ ਮੌਤ ਹੋਣ ਦੀ ਖਬਰ ਹੈ। ਮਿਲੀ ਜਾਣਕਾਰੀ ਅਨੁਸਾਰ ਪਰਸਰਾਮ ਨਗਰ ਵਿੱਚ ਇਕ ਨੌਜਵਾਨ ਨੇ ਲੜਕੀ ਨੂੰ ਗੋਲੀ ਮਾਰ ਦਿੱਤੀ। ਇਸ ਤੋਂ ਬਾਅਦ ਖੁਦ ਨੂੰ ਵੀ ਗੋਲੀ ਮਾਰ ਲਈ। ਗੋਲੀ ਮਾਰਨ ਵਾਲਾ ਲੜਕਾ ਰਾਜਸਕਾਨ ਦੇ ਗੰਗਾਨਗਰ ਤੋਂ ਆਇਆ ਸੀ। ਮ੍ਰਿਤਕ ਲੜਕੀ ਦੀ ਪਹਿਚਾਣ ਕਸ਼ਿਸ਼ ਵਜੋਂ ਹੋਈ ਹੈ, ਉਹ ਬਠਿੰਡਾ ਦੀ ਰਹਿਣ ਵਾਲੀ ਸੀ। ਕਿਹਾ ਜਾ ਰਿਹਾ ਹੈ ਕਿ ਦੋਵਾਂ ਦੀ ਆਪਸ ਵਿੱਚ ਪਹਿਲਾਂ ਦੋਸਤੀ ਸੀ। ਇਸ ਘਟਨਾ ਦਾ



ਪਤਾ ਚਲਦਿਆਂ ਪੁਲਿਸ ਮੌਕੇ ਉਤੇ ਪਹੁੰਚ ਗਈ। ਪੁਲਿਸ ਵੱਲੋਂ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

# ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਨਹੀਂ ਛੱਡੀ ਜਾ ਰਹੀ ਕੋਈ ਕਸਰ: ਚੇਅਰਮੈਨ ਢਿੱਲੋਂ

## ਕਰੀਬ 26.40 ਲੱਖ ਦੀ ਲਾਗਤ ਨਾਲ ਘਨੌਰ ਕਲਾਂ ਤੇ ਮੀਮਸਾ ਦੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 9463601616
hardipchumber57@gmail.com




ਦਲਜੀਤ ਕੌਰ

ਯੂਰੀ/ਸੰਗਰੂਰ, 3 ਮਈ, 2025: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਸਿੱਖਿਆ ਦਾ ਪੱਧਰ ਹੋਰ ਉੱਚਾ ਚੁੱਕਣ ਲਈ ਵਚਨਬੱਧ ਹੈ, ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜਬੂਤ ਕਰਨ ਲਈ ਲਾਹੇਵੰਦ ਸਾਬਤ ਹੋਵੇਗੀ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਪਿੰਡ ਘਨੌਰ ਕਲਾਂ ਤੇ ਮੀਮਸਾ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਸਦਕਾ ਸਰਕਾਰੀ ਸਕੂਲਾਂ ਨੂੰ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਸਾਫ਼ ਪੀਣ ਵਾਲਾ ਪਾਣੀ, ਹਾਈ ਸਪੀਡ ਵਾਈਫਾਈ ਕੁਨੈਕਸ਼ਨ, ਲੜਕੀਆਂ ਅਤੇ ਲੜਕਿਆਂ ਲਈ ਵੱਖਰੇ ਪਖਾਨੇ, ਡੈਸਕ ਤੇ ਕੁਰਸੀਆਂ ਅਤੇ ਚਾਰਦੀਵਾਰੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਹਰ ਖੇਤਰ ਵਿੱਚ ਮੋਹਰੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਚੇਅਰਮੈਨ ਢਿੱਲੋਂ ਨੇ ਸਰਕਾਰੀ ਹਾਈ ਸਕੂਲ ਘਨੌਰ ਕਲਾਂ ਵਿਖੇ 10 ਲੱਖ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੀਮਸਾ ਵਿਖੇ 16.40 ਲੱਖ ਦੀ ਲਾਗਤ ਨਾਲ ਕਰਵਾਏ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ ਕੀਤਾ।

ਇਸ ਮੌਕੇ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਮੇਸ਼ਾ ਹੀ ਸਿੱਖਿਆ ਅਤੇ ਸਿਹਤ ਦੇ ਖੇਤਰਾਂ ਨੂੰ ਤਰਜੀਹੀ ਖੇਤਰਾਂ ਵਜੋਂ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਚ 12 ਫੀਸਦੀ ਵਾਧਾ ਕਰਕੇ ਇੱਕ ਮਿਸਾਲ ਕਾਇਮ ਕੀਤੀ ਹੈ

ਸਮਾਗਮਾਂ ਦੌਰਾਨ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਦੱਸਿਆ ਕਿ ਮੌਜੂਦਾ ਵਰ੍ਹੇ ਸਰਕਾਰੀ ਸਕੂਲਾਂ ਦੇ ਲਗਭਗ 200 ਵਿਦਿਆਰਥੀਆਂ ਨੇ ਜੇ.ਈ.ਈ. ਦਾ ਟੈਸਟ ਪਾਸ ਕਰਕੇ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਾਰਨ ਪੱਛੜ ਗਏ ਸਨ ਜਿਸ ਨੂੰ ਸੂਬਾ ਸਰਕਾਰ ਵੱਲੋਂ ਮੁੜ ਲੀਹਾਂ ਤੇ ਲਿਆਉਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੁਨਿਆਦੀ ਢਾਂਚੇ ਦੇ ਨਾਲ-ਨਾਲ ਬਿਨਾਂ ਕਿਸੇ ਸਿਫ਼ਾਰਸ਼ ਜਾਂ ਰਿਸ਼ਵਤ ਤੋਂ ਅਧਿਆਪਕਾਂ ਦੀ ਪੱਕੀ ਭਰਤੀ ਕਰਨੀ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਹੀ ਅੱਜ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਵਧੀਆ ਸਹੂਲਤਾਂ ਉਪਲਬਧ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲ ਹੈੱਡ ਪਰਮਜੀਤ ਸਿੰਘ ਕੈਂਥ, ਕੰਪਿਊਟਰ ਅਧਿਆਪਕਾ ਨਵਜੋਤ ਕੌਰ, ਜਸਵਿੰਦਰ ਸਿੰਘ ਸਰਪੰਚ, ਅਮਨਦੀਪ ਸਿੰਘ ਚੇਅਰਮੈਨ ਐੱਸਐੱਮਸੀ ਕਮੇਟੀ, ਵੀ ਹਾਜ਼ਰ ਸਨ।

# ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਦੀ ਜ਼ਰੂਰੀ ਸਮੀਖਿਆ ਮੀਟਿੰਗ 5 ਮਈ ਨੂੰ

## ਮਿਤੀ 5 ਮਈ 2025 ਦਿਨ ਸੋਮਵਾਰ ਨੂੰ ਸਵੇਰੇ 9,30 ਵਜੇ ਸਵੇਰੇ*ਸ੍ਰੀ ਗੁਰੂ ਰਵਿਦਾਸ ਹਰਮਿੰਦਰ ਸਾਹਿਬ . ਬੇਗਮਪੁਰਾ ਹਾਲ ਫੈਕਟਰੀ ਏਰੀਆ ਪਟਿਆਲਾ ਵਿਖੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 9463601616
hardipchumber57@gmail.com

ਜੈ ਭੀਮ। ਜੈ ਭਾਰਤ।

ਸਤਿਕਾਰਯੋਗ ਸਾਥੀਉ ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਦੀ ਜ਼ਰੂਰੀ ਸਮੀਖਿਆ ਮੀਟਿੰਗ ਮਿਤੀ 5 ਮਈ 2025 ਦਿਨ ਸੋਮਵਾਰ ਨੂੰ ਸਵੇਰੇ 9,30 ਵਜੇ ਸਵੇਰੇ *ਸ੍ਰੀ ਗੁਰੂ ਰਵਿਦਾਸ ਹਰਮਿੰਦਰ ਸਾਹਿਬ . ਬੇਗਮਪੁਰਾ ਹਾਲ ਫੈਕਟਰੀ ਏਰੀਆ ਪਟਿਆਲਾ ਵਿਖੇ ਰੱਖੀ ਗਈ ਹੈ।

ਮੀਟਿੰਗ ਵਿੱਚ ਮੁੱਖ ਮਹਿਮਾਨ ਤੌਰ ਤੇ ਸ੍ਰੀ ਵਿਪਲ ਕੁਮਾਰ ਇੰਚਾਰਜ ਬਸਪਾ ਪੰਜਾਬ ਡਾ ਅਵਤਾਰ ਸਿੰਘ ਸਿੰਘ ਕਰੀਮਪੁਰੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਇੰਚਾਰਜ ਜੰਮੂ ਕਸ਼ਮੀਰ, ਚੰਡੀਗੜ੍ਹ ਅਜੀਤ ਸਿੰਘ ਭੈਣੀ ਸੂਬਾ ਇੰਚਾਰਜ ਬਸਪਾ ਪਹੁੰਚ ਰਹੇ ਹਨ। ਸ ਬਲਦੇਵ ਸਿੰਘ ਮਹਿਰਾ ਜਰਨਲ ਸਕੱਤਰ ਪੰਜਾਬ ਵਿਸ਼ੇਸ਼ ਮਹਿਮਾਨ, ਸ ਜੋਗਾ ਸਿੰਘ ਪਨੋਦੀਆ,ਸ, ਅਮਰਜੀਤ ਸਿੰਘ ਜਲੂਰ (ਸਾਰੇ ਪਟਿਆਲਾ ਜੋਨ ਇੰਚਾਰਜ) ਮੀਟਿੰਗ ਵਿੱਚ ਪਹੁੰਚ ਰਹੇ ਹਨ। ਮੀਟਿੰਗ ਦੀ ਪ੍ਰਧਾਨਗੀ ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ ਪਟਿਆਲਾ ਕਰਨਗੇ ਇਸ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਸਾਰੀ ਜ਼ਿਲ੍ਹਾ ਬਾਡੀ, ਸਾਰੀਆਂ ਵਿਧਾਨ ਸਭਾ ਕਮੇਟੀਆਂ,ਬੀ ਵੀ ਐਫ਼, ਸਾਰੇ ਸਰਗਰਮ ਸਾਥੀ ਮੀਟਿੰਗ ਵਿੱਚ ਹਾਜ਼ਰ ਹੋਣਾ ਜੀ।

ਨੋਟ,,, ਪਾਰਟੀ ਦੀਆਂ ਤਾਜ਼ਾ ਹਦਾਇਤਾਂ ਅਨੁਸਾਰ ਪੰਜਾਬ ਸੰਭਾਲੋ ਲਹਿਰ ਨੂੰ ਸਫਲ ਬਣਾਉਣ ਲਈ ਅਤੇ ਜਿਲੇ ਦੀਆਂ ਸਾਰੀਆਂ ਵਿਧਾਨ ਸਭਾ ਵਿਧਾਨ ਸਭਾਵਾਂ ਦੀ ਕੰਮ ਦੀ ਸਮਿਖੀਆ ਕੀਤੀ ਜਾਵੇ ਜਾਵੇਗੀ।

ਇਸ ਲਈ ਸਾਰੇ ਸਾਥੀਆਂ ਨੂੰ ਬੇਨਤੀ ਹੈ ਕਿ ਉਹ ਮੀਟਿੰਗ ਵਿੱਚ ਦਿੱਤੇ ਸਮੇਂ ਅਤੇ ਸਥਾਨ ਉੱਪਰ ਜ਼ਰੂਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ।



ਧੰਨਵਾਦ ਸਹਿਤ।

(ਨੋਟ ਸਾਰੇ ਵਿਧਾਨ ਸਭਾਵਾਂ ਦੇ ਕੋਆਰਡੀਨੇਟਰ ਆਪਣੇ ਆਪਣੇ ਵਿਧਾਨ ਸਭਾ ਕੇਮਟੀ ਦੇ ਫੋਲਡਰ ਭਰ ਕੇ ਜਮਾਂ ਕਰਵਾਉਣ)

ਜਗਮੇਲ ਸਿੰਘ ਜੱਸਲ
ਦਫਤਰ ਸਕੱਤਰ ਬਸਪਾ ਪਟਿਆਲਾ ।

ਯੂਨਿਟ ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ

# ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਤੇ ਮਨੁੱਖਤਾ ਦੇ ਭਲੇ ਲਈ ਖੂਨਦਾਨ ਕੈਂਪ ਲਾਇਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 9463601616
hardipchumber57@gmail.com



ਲੁਧਿਆਣਾ (ਗੁਰਦੀਪ ਸਿੰਘ) ਖਾਲਸਾ ਵੈਲਫੇਅਰ ਸੁਸਾਇਟੀ ਅਤੇ ਗੁਰਦੁਆਰਾ ਗੁਰੂ ਅਰਜਨ ਦੇਵ ਸਤਿਸੰਗ ਸਭਾ ਵੱਲੋਂ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਅਤੇ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵੱਲੋਂ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 801ਵਾ ਮਹਾਨ ਖੂਨਦਾਨ ਕੈਂਪ ਅਕਾਲ ਖਾਲਸਾ ਵੈਲਫੇਅਰ ਸੁਸਾਇਟੀ ਅਤੇ ਗੁਰਦੁਆਰਾ ਗੁਰੂ ਅਰਜਨ ਦੇਵ ਸਤਿਸੰਗ ਸਭਾ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਮਰਾਲਾ ਚੌਕ ਲੁਧਿਆਣਾ ਵਿਖੇ ਲਗਾਇਆ ਗਿਆ। ਇਸ ਮਹਾਨ ਖੂਨਦਾਨ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਪੁੱਜੇ ਹਲਕਾ ਪੂਰਬੀ ਦੇ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ ਨੇ ਖੂਨਦਾਨ ਕਰ ਰਹੇ ਸਮਰਾਜ ਸਿੰਘ, ਪਰਮਜੀਤ ਸਿੰਘ ਬਬੁ ਅਤੇ ਵਿਨੇ ਮਹਾਜਨ ਸਮੇਤ ਖੂਨਦਾਨੀਆਂ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਖੂਨਦਾਨ ਰਾਹੀਂ ਕਈ ਕੀਮਤੀ ਜ਼ਿੰਦਗੀਆਂ ਨੂੰ ਮੌਤ ਦੇ ਮੂੰਹ ਵਿਚੋਂ ਬਚਾਇਆ ਜਾ ਸਕਦਾ ਹੈ। ਇਸ ਸਮੇਂ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ ਅਤੇ ਇਲਾਕੇ ਦੇ ਕੌਂਸਲਰ ਲਵਲੀ ਮਨੋਚਾ ਨੇ ਖੂਨਦਾਨੀਆਂ ਨੂੰ ਸਰਟੀਫਿਕੇਟ ਦੇਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸੁਸਾਇਟੀ ਦੇ ਸਿਨੀਅਰ ਮੀਤ ਪ੍ਰਧਾਨ ਭਾਈ ਹਰਪਾਲ ਸਿੰਘ ਨਿਮਾਣਾ ਅਤੇ ਸਕੱਤਰ ਜਰਨਲ ਪਰਵਿੰਦਰ ਸਿੰਘ ਗਿੰਦਰਾ ਨੇ ਦੱਸਿਆ ਖੂਨਦਾਨ ਕੈਂਪ ਦੌਰਾਨ ਇਕੱਤਰ ਕੀਤਾ ਖੂਨ ਦਾ ਇਕ-ਇਕ ਕਤਰਾ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿੱਚ ਲੈਕੇ ਦਿੱਤਾ ਜਾਵੇਗਾ। ਇਸ ਮੌਕੇ ਤੇ ਬਲਦੇਵ ਸਿੰਘ ਸੰਧੂ,ਜਸਵਿੰਦਰ ਸਿੰਘ ਸਿੱਖਿਆ ਕੋਆਰਡੀਨੇਟਰ, ਦਲਜੀਤ ਸਿੰਘ ਲਾਂਬ, ਹਰਵਿੰਦਰ ਸਿੰਘ, ਅਤਿੰਦਰਪਾਲ ਸਿੰਘ,ਰਜਿੰਦਰ ਸਿੰਘ ਰਾਜਾ,ਅਮਰੀਕ ਸਿੰਘ ਅਵਲ,ਐਡਵੋਕੇਟ ਜਸਦੀਪ ਸਿੰਘ ਬਾਵਾ,ਦਲਵਿੰਦਰ ਸਿੰਘ ਆਸ਼ੂ, ਦਵਿੰਦਰ ਸਿੰਘ ਸ਼ਾਨ, ਸਰਬਜੀਤ ਸਿੰਘ ਸੋਹਲ, ਅਕਾਲ ਖਾਲਸਾ ਵੈਲਫੇਅਰ ਸੁਸਾਇਟੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਹਾਜ਼ਰ ਸਨ।

# ਖਿਆਲਾਂ ਦਾ ਸਫ਼ਰ, ਆਪਣੇ ਆਪ ਦੀ ਖੋਜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 9463601616
hardipchumber57@gmail.com

ਕਦੇ ਕਦੇ ਦਿਲ ਵਿੱਚ ਅਜੀਬ ਜਿਹੇ ਖਿਆਲ ਆਉਂਦੇ ਹਨ, ਬਿਨਾਂ ਕਿਸੇ ਕਾਰਨ ਤੋਂ, ਬਿਨਾਂ ਕਿਸੇ ਵਜ੍ਹਾ ਤੋਂ, ਇੱਕ ਉਦਾਸੀ ਦੀ ਪਰਤ ਮਨ 'ਤੇ ਛਾ ਜਾਂਦੀ ਹੈ। ਲੱਗਦਾ ਹੈ ਜਿਵੇਂ ਕੋਈ ਪੁਰਾਣੀ ਯਾਦ ਦਰਵਾਜ਼ਾ ਖੜਕਾ ਰਹੀ ਹੋਵੇ ਜਾਂ ਭਵਿੱਖ ਦੀ ਕੋਈ ਅਣਜਾਣੀ ਚਿੰਤਾ ਦਿਲ ਨੂੰ ਪਰੇਸ਼ਾਨ ਕਰ ਰਹੀ ਹੋਵੇ। ਇਹ ਉਹ ਪਲ ਹੁੰਦੇ ਹਨ ਜਦੋਂ ਅਸੀਂ ਆਪਣੀ ਰੋਜ਼ਾਨਾ ਦੀ ਭੱਜ-ਦੌੜ ਤੋਂ ਥੋੜ੍ਹਾ ਜਿਹਾ ਰੁਕ ਕੇ ਆਪਣੇ ਅੰਦਰ ਝਾਤੀ ਮਾਰਦੇ ਹਾਂ।

ਇਹ ਖਿਆਲ ਕਿਸੇ ਪੁਰਾਣੇ ਦੋਸਤ ਦੀ ਯਾਦ ਹੋ ਸਕਦੀ ਹੈ, ਜਿਸ ਨਾਲ ਸਮੇਂ ਦੀ ਧੂੜ ਨੇ ਸੰਪਰਕ ਨੂੰ ਧੁੰਦਲਾ ਕਰ ਦਿੱਤਾ ਹੈ। ਇਹ ਕਿਸੇ ਗੁਜ਼ਰੇ ਹੋਏ ਪਿਆਰ ਦੀ ਮਿੱਠੀ ਜਿਹੀ ਟੀਸ ਹੋ ਸਕਦੀ ਹੈ ਜੋ ਅੱਜ ਵੀ ਦਿਲ ਦੇ ਕਿਸੇ ਕੋਨੇ ਵਿੱਚ ਦੱਬੀ ਬੈਠੀ ਹੈ। ਕਦੇ ਇਹ ਖਿਆਲ ਕਿਸੇ ਅਧੂਰੇ ਸੁਪਨੇ ਦਾ ਹੋ ਸਕਦਾ ਹੈ ਜੋ ਅੱਜ ਵੀ ਸਾਡੀਆਂ ਰਾਤਾਂ ਵਿੱਚ ਆ ਕੇ ਸਾਨੂੰ ਜਗਾਉਂਦਾ ਹੈ।

ਜ਼ਿੰਦਗੀ ਇੱਕ ਨਦੀ ਦੀ ਤਰ੍ਹਾਂ ਵਹਿੰਦੀ ਰਹਿੰਦੀ ਹੈ। ਅਸੀਂ ਇਸ ਦੇ ਵਹਾਅ ਵਿੱਚ ਅੱਗੇ ਵਧਦੇ ਜਾਂਦੇ ਹਾਂ ਅਤੇ ਕਈ ਚੀਜ਼ਾਂ ਨੂੰ ਪਿੱਛੇ ਛੱਡ ਜਾਂਦੇ ਹਾਂ। ਪਰ ਕਦੇ ਕਦੇ ਇਹ ਪਿੱਛੇ ਛੱਡੀਆਂ ਚੀਜ਼ਾਂ ਖਿਆਲਾਂ ਦੇ ਰੂਪ ਵਿੱਚ ਸਾਡੇ ਸਾਹਮਣੇ ਆ ਖੜ੍ਹੀਆਂ ਹੁੰਦੀਆਂ ਹਨ। ਇਹ ਖਿਆਲ ਸਾਨੂੰ ਦੱਸਦੇ ਹਨ ਕਿ ਅਸੀਂ ਕਿੱਥੋਂ ਆਏ ਹਾਂ, ਅਸੀਂ ਕੀ ਗੁਆਇਆ ਹੈ ਅਤੇ ਅਸੀਂ ਕੀ ਬਣ ਗਏ ਹਾਂ।

ਇਨ੍ਹਾਂ ਖਿਆਲਾਂ ਵਿੱਚ ਇੱਕ ਤਰ੍ਹਾਂ ਦੀ ਮਿਠਾਸ ਵੀ ਹੁੰਦੀ ਹੈ ਅਤੇ ਇੱਕ ਤਰ੍ਹਾਂ ਦਾ ਦਰਦ ਵੀ। ਮਿਠਾਸ ਇਸ ਗੱਲ ਦੀ ਕਿ ਕਦੇ ਉਹ ਪਲ ਸਾਡੀ ਜ਼ਿੰਦਗੀ ਦਾ ਹਿੱਸਾ ਸਨ ਅਤੇ ਦਰਦ ਇਸ ਗੱਲ ਦਾ ਕਿ ਉਹ ਹੁਣ ਸਿਰਫ਼ ਯਾਦਾਂ ਬਣ ਕੇ ਰਹਿ ਗਏ ਹਨ। ਪਰ ਇਹ ਖਿਆਲ ਸਾਨੂੰ ਜਿਉਣ ਦਾ ਇੱਕ ਨਵਾਂ ਢੰਗ ਵੀ ਸਿਖਾਉਂਦੇ ਹਨ। ਇਹ ਸਾਨੂੰ ਦੱਸਦੇ ਹਨ ਕਿ ਜ਼ਿੰਦਗੀ ਵਿੱਚ ਤਬਦੀਲੀ ਆਉਣੀ ਲਾਜ਼ਮੀ ਹੈ, ਅਤੇ ਸਾਨੂੰ ਇਸ ਤਬਦੀਲੀ ਨੂੰ ਖਿੜੇ ਮੱਥੇ ਸਵੀਕਾਰ ਕਰਨਾ ਚਾਹੀਦਾ ਹੈ।

ਕਦੇ ਕਦੇ ਦਿਲ ਵਿੱਚ ਖਿਆਲ ਆਉਂਦਾ ਹੈ ਕਿ ਕੀ ਅਸੀਂ ਸਹੀ ਰਸਤੇ 'ਤੇ ਜਾ ਰਹੇ ਹਾਂ? ਕੀ ਅਸੀਂ ਆਪਣੀ ਜ਼ਿੰਦਗੀ ਨੂੰ ਉਸ ਤਰੀਕੇ ਨਾਲ ਜੀਅ ਰਹੇ ਹਾਂ, ਜਿਸ ਤਰ੍ਹਾਂ ਅਸੀਂ ਚਾਹੁੰਦੇ ਸੀ? ਇਹ ਉਹ ਸਵਾਲ ਹਨ ਜੋ ਸਾਨੂੰ ਆਪਣੇ ਆਪ ਨਾਲ ਪੁੱਛਣੇ ਚਾਹੀਦੇ ਹਨ। ਇਹ ਖਿਆਲ ਸਾਨੂੰ ਆਪਣੀਆਂ ਤਰਜੀਹਾਂ 'ਤੇ ਮੁੜ ਵਿਚਾਰ ਕਰਨ ਦਾ ਮੌਕਾ ਦਿੰਦੇ ਹਨ।

ਇਨ੍ਹਾਂ ਖਿਆਲਾਂ ਤੋਂ ਭੱਜਣਾ ਨਹੀਂ ਚਾਹੀਦਾ। ਸਗੋਂ ਇਨ੍ਹਾਂ ਨੂੰ ਸ਼ਾਂਤੀ ਨਾਲ ਸੁਣਨਾ ਚਾਹੀਦਾ ਹੈ। ਇਹ ਖਿਆਲ ਸਾਡੇ ਅੰਦਰਲੇ ਮਨ ਦੀ ਆਵਾਜ਼ ਹਨ, ਜੋ ਸਾਨੂੰ ਕੁਝ ਕਹਿਣਾ ਚਾਹੁੰਦੇ ਹਨ। ਇਹ ਖਿਆਲ ਸਾਨੂੰ ਜ਼ਿੰਦਗੀ ਨੂੰ ਇੱਕ ਨਵੇਂ ਦ੍ਰਿਸ਼ਟੀਕੋਣ



ਚਾਨਣਦੀਪ ਸਿੰਘ ਔਲਖ, ਪਿੰਡ ਗੁਰਨੇ ਖੁਰਦ (ਮਾਨਸਾ), ਸੰਪਰਕ 9876888177

ਤੋਂ ਦੇਖਣ ਵਿੱਚ ਮਦਦ ਕਰ ਸਕਦੇ ਹਨ।

ਤਾਂ, ਜਦੋਂ ਕਦੇ ਤੁਹਾਡੇ ਦਿਲ ਵਿੱਚ ਵੀ ਕੋਈ ਅਜਿਹਾ ਖਿਆਲ ਆਵੇ, ਤਾਂ ਉਸ ਨੂੰ ਅਣਸੁਣਿਆ ਨਾ ਕਰੋ। ਥੋੜ੍ਹਾ ਸਮਾਂ ਕੱਢ ਕੇ ਉਸ ਬਾਰੇ ਸੋਚੋ। ਸ਼ਾਇਦ ਉਸ ਖਿਆਲ ਵਿੱਚ ਤੁਹਾਡੀ ਜ਼ਿੰਦਗੀ ਦਾ ਕੋਈ ਅਹਿਮ ਸੱਚ ਛੁਪਿਆ ਹੋਵੇ। ਕਦੇ ਕਦੇ ਦਿਲ ਵਿੱਚ ਆਉਣ ਵਾਲੇ ਇਹ ਖਿਆਲ ਹੀ ਸਾਨੂੰ ਅਸਲ ਵਿੱਚ ਆਪਣੇ ਆਪ ਨਾਲ ਜੋੜਦੇ ਹਨ।

# ਬਿਹਾਰ 'ਚ MBBS ਕਰਨਗੇ ਨੌਜਵਾਨ ਨੇ ਕਾਲਜ ਦੇ ਹੋਸਟਲ ਦੇ ਕਮਰੇ 'ਚ ਫਾਹਾ ਲੈ ਕੀਤੀ ਆਤਮਹੱਤਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 03 ਮਈ
INTERNATIONAL PAPER, 9463601616
hardipchumber57@gmail.com

ਬਿਹਾਰ ਵਿੱਚ ਐਮਬੀਬੀਐਸ ਕਰਨਗੇ ਗੁਰਦਾਸਪੁਰ ਦੇ ਨੌਜਵਾਨ ਨੇ ਕਾਲਜ ਦੇ ਹੋਸਟਲ ਦੇ ਕਮਰੇ ਵਿੱਚ ਫਾਹਾ ਲੈ ਕੇ ਆਤਮਹੱਤਿਆ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੀ ਪਹਿਚਾਣ ਸਹਿਜਵੀਰ ਉਮਰ 19 ਸਾਲ ਵਜੋਂ ਹੋਈ ਹੈ, ਜੋ ਕਿ ਐਮਬੀਬੀਐਸ ਦੇ ਪਹਿਲੇ ਸਮੈਸਟਰ ਵਿੱਚ ਪੜ੍ਹ ਰਿਹਾਂ ਸੀ ਦੱਸਿਆ ਜਾ ਰਿਹਾ ਹੈ। ਨੌਜਵਾਨ ਸਹਿਜਵੀਰ ਪੜ੍ਹਾਈ ਨੂੰ ਲੈਕੇ ਡਿਪਰੈਸ਼ਨ ਵਿੱਚ ਚੱਲ ਰਿਹਾ ਸੀ ਜਿਸ ਕਰਕੇ ਉਸਨੇ ਇਹ ਕਦਮ ਚੁੱਕਿਆ ਹੈ ਫਿਲਹਾਲ ਪਰਿਵਾਰ ਉਸ ਦੀ ਮ੍ਰਿਤਕ ਦੇਹ ਲੈਣ ਦੇ ਲਈ ਬਿਹਾਰ ਗਿਆ ਹੈ।



# ਇਸ ਸ਼ੁਕਰਵਾਰ ਡੇਂਗੂ ਦੇ ਵਾਰ ਐਕਟੀਵਿਟੀ ਸਿਵਲ ਹਸਪਤਾਲ ਬੰਗਾ ਕੀਤੀ ਗਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਬੰਗਾ( ਚਰਨਜੀਤ ਸੱਲ੍ਹਾ )ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਸਰਜਨ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਸਿਵਲ ਹਸਪਤਾਲ ਬੰਗਾ ਦੇ ਐਸਐਮਓ ਡਾਕਟਰ ਜਸਵਿੰਦਰ ਸਿੰਘ ਜੀ ਦੀ ਰਹਿਨੁਮਾਈ ਹੇਠ ਸਿਵਲ ਹਸਪਤਾਲ ਬੰਗਾ ਤੇ ਸ਼ਹਿਰ ਦੇ ਵੱਖ-ਵੱਖ ਮੁਹੱਲਿਆਂ ਵਿੱਚ ਹਰ ਸ਼ੁਕਰਵਾਰ ਡੇਂਗੂ ਤੇ ਬਾਰ ਐਕਟੀਵਿਟੀ ਕੀਤੀ ਗਈ। ਇਸ ਦੇ ਵਿੱਚ ਦੱਸਿਆ ਗਿਆ ਕਿ ਮਲੇਰੀਆ, ਡੇਂਗੂ ਅਤੇ ਚਿਕਨਗੁਨੀਆ ਦੀ ਬਿਮਾਰੀ ਤੋਂ ਬਚਾ ਲਈ ਸਫਾਈ ਰੱਖਣੀ ਬਹੁਤ ਜਰੂਰੀ ਹੈ। ਕੂਲਰ, ਟੁੱਟੇ ਬਰਤਨ, ਟਾਇਰ, ਟੈਂਕੀਆਂ ਨੂੰ ਢੱਕ ਕੇ ਰੱਖਣਾ, ਕੱਪੜੇ ਇਸ ਤਰ੍ਹਾਂ ਦੇ ਪੈਨੋ ਜਿਸ ਨਾਲ ਪੂਰਾ ਸਰੀਰ ਢਕਿਆ ਹੋਵੇ। ਮੱਛਰ ਭੁਜਾਉਣ ਵਾਲੇ ਜੰਤਰ ਅਤੇ ਕਰੀਮਾ ਲਗਾਓ ਬੁਖਾਰ ਹੋਣ ਤੇ ਖੂਨ ਦੀ ਸਰਕਾਰੀ ਹਸਪਤਾਲ ਵਿੱਚ ਜਾਂਚ ਕਰਵਾਓ। ਦਵਾਈ ਫਰੀ ਮਿਲਦੀ ਹੈ। ਇਸ ਵਿੱਚ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਵਾਂ ਕਲੇਰਾਂ ਦੇ ਸਟੂਡੈਂਟ ਡਾਕਟਰ ਬਲਜਿੰਦਰ ਕੁਮਾਰ, ਮੈਡਮ ਮਨਜੀਤ ਕੌਰ ਹੈਲਥ ਸੁਪਰਵਾਈਜ਼ਰ, ਬਲਵੀਰ ਕੌਰ, ਕਮਲਾ ਰਾਣੀ, ਸੁਖਦੇਵ ਕੌਰ ਅਤੇ ਆਸ਼ਾ ਵਰਕਰਾਂ ਅਤੇ ਬਰੀਡਿੰਗ ਚੈੱਕ ਕਰ ਸ਼ਾਮਿਲ ਸਨ।

# ਕਰਨ ਹਸਪਤਾਲ ਬੰਗਾ ਦਾ 33ਵਾਂ 'ਸਥਾਪਨਾ ਦਿਵਸ' ਮਨਾਇਆ

## ਡਾ. ਬਖਸ਼ੀਸ਼ ਸਿੰਘ ਅਤੇ ਡਾ. ਬਲਵੀਰ ਕੌਰ ਨੇ ਲੋਕਾਂ ਵਲੋਂ ਪ੍ਰਗਟਾਏ ਵਿਸ਼ਵਾਸ ਲਈ ਕੀਤਾ ਧੰਨਵਾਦ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



'ਸਥਾਪਨਾ ਦਿਵਸ' ਦੀ ਖੁਸ਼ੀ 'ਚ ਕੇਕ ਕੱਟਦੇ ਹੋਏ ਡਾ. ਬਖਸ਼ੀਸ਼ ਸਿੰਘ ਅਤੇ ਡਾ. ਬਲਵੀਰ ਕੌਰ।

ਬੰਗਾ, 3 ਮਈ(ਚਰਨਜੀਤ ਸੱਲ੍ਹਾ)

ਕਰਨ ਹਸਪਤਾਲ ਬੰਗਾ ਦਾ 33ਵਾਂ ਸਥਾਪਨਾ ਦਿਵਸ ਮਨਾਉਂਦਿਆਂ ਇਸ ਦੀ ਮੈਡੀਕਲ ਟੀਮ ਨੇ ਲੋਕਾਂ ਵਲੋਂ ਪ੍ਰਗਟਾਏ ਵਿਸ਼ਵਾਸ ਲਈ ਧੰਨਵਾਦ ਕੀਤਾ। ਹਸਪਤਾਲ ਦੇ ਸੰਸਥਾਪਕ ਡਾ. ਬਖਸ਼ੀਸ਼ ਸਿੰਘ ਅਤੇ ਡਾ. ਬਲਵੀਰ ਕੌਰ ਨੇ ਇਲਾਕੇ ਭਰ ਅਤੇ ਦੂਰ ਦਰੇਡਿਓਂ ਇਲਾਜ ਲਈ ਪੁੱਜਣ ਵਾਲੇ ਸਾਰੇ ਲਾਭਪਾਤਰੀਆਂ ਨੂੰ ਆਪਣੀਆਂ ਸੇਵਾਵਾਂ ਦੀ ਤਸਦੀਕ ਦੱਸਿਆ। ਉਹਨਾਂ ਤਿੰਨ ਦਹਾਕਿਆਂ ਤੋਂ ਇਸ ਹਸਪਤਾਲ ਵਿਖੇ ਨਿਰਵਿਘਨ ਚੱਲੀਆਂ ਸੇਵਾਵਾਂ ਲਈ ਕੁਦਰਤ ਦਾ ਸ਼ੁਕਰਾਨਾ ਵੀ ਕੀਤਾ। ਇਸ ਮੌਕੇ ਭਾਈ ਜਸਵੰਤ ਸਿੰਘ ਵਲੋਂ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।

ਹਸਪਤਾਲ ਦੇ ਵਿਹੜੇ ਇਹ ਖੁਸ਼ੀ ਸਾਂਝੀ ਕਰਨ ਸਮੇਂ ਹਸਪਤਾਲ ਦੀ ਸਮੁੱਚੀ ਮੈਡੀਕਲ ਟੀਮ ਵਲੋਂ ਸਾਂਝੇ ਰੂਪ ਵਿੱਚ ਕੇਕ ਕੱਟਿਆ ਗਿਆ ਅਤੇ ਹਾਜ਼ਰੀਨ ਵੱਲੋਂ ਭਰਵੇਂ ਹੁੰਗਾਰੇ ਨਾਲ ਮੁਬਾਰਕਾਂ ਸਾਂਝੀਆਂ ਕੀਤੀਆਂ ਗਈਆਂ। ਹਸਪਤਾਲ ਦੇ ਸੰਸਥਾਪਕ ਡਾ. ਬਖਸ਼ੀਸ਼ ਸਿੰਘ ਅਤੇ ਡਾ ਬਲਵੀਰ ਕੌਰ ਨੇ ਦੱਸਿਆ ਕਿ ਉਹਨਾਂ ਨੂੰ ਬੰਗਾ ਵਾਸੀਆਂ ਵਲੋਂ ਸਦਾ ਆਪਣਿਆਂ ਵਰਗਾ ਮਾਹੌਲ ਦਿੱਤਾ ਗਿਆ ਅਤੇ ਉਹਨਾਂ ਦੇ ਅਦਾਰੇ ਵਲੋਂ ਵੀ ਇਸ ਸ਼ਹਿਰ ਦੇ ਦੁੱਖ ਸੁੱਖ ਵਿੱਚ ਸਕਾਰਾਤਮਕ ਸਾਂਝ ਪਾਈ ਗਈ।

ਇਸ ਮੌਕੇ ਸਮਾਜਿਕ ਸਮੀਖਿਅਕ ਸੁਰਜੀਤ ਮਜਾਰੀ, ਸੇਵਾ ਮੁਕਤ ਬੈਂਕ ਅਧਿਕਾਰੀ ਮਲਕੀਅਤ ਸਿੰਘ, ਮਹਿੰਦਰ ਸਿੰਘ, ਪ੍ਰਿਤਪਾਲ ਸਿੰਘ, ਲੈਬ ਟੈਕਨੀਸ਼ੀਅਨ ਪਰਮਜੀਤ ਕੁਮਾਰ, ਸਹਾਇਕ ਚਮਨ ਲਾਲ ਹੱਪੋਵਾਲ, ਓ ਟੀ ਟੈਕਨੀਸ਼ੀਅਨ ਰਾਜਿੰਦਰ ਕੁਮਾਰ, ਗੁਰਮੁੱਖ ਸਿੰਘ, ਸੰਜੀਵ ਅਟਾਰੀ, ਨਰਸਿੰਗ ਸਟਾਫ਼ ਮਨਪ੍ਰੀਤ ਕੌਰ , ਗੁਰਦੀਪ ਕੌਰ, ਬਬੀਤਾ, ਸੰਦੀਪ ਕੌਰ, ਲਖਵਿੰਦਰ ਕੌਰ, ਹਰਮਨ, ਕਾਜਲ, ਜਸਪ੍ਰੀਤ ਕੌਰ, ਸ਼ਿਵਾਨੀ ਅਤੇ ਡਾਕਟਰ ਸਾਹਿਬ ਦੇ ਸਾਕ ਆਦਿ ਸ਼ਾਮਲ ਸਨ।

ਦੱਸਣਯੋਗ ਹੈ ਕਿ ਡਾ. ਬਖਸ਼ੀਸ਼ ਸਿੰਘ ਸਮਾਜਿਕ ਕਾਰਜਾਂ ਹਿੱਤ ਹਮੇਸ਼ਾਂ ਕਾਰਜਸ਼ੀਲ ਰਹਿੰਦੇ ਹਨ ਜਿਸ ਤਹਿਤ ਉਹਨਾਂ ਨੇ ਸਕੂਲ ਵੀ ਗੋਦ ਲਿਆ ਹੋਇਆ ਹੈ, ਉਹ ਸਮਾਜਿਕ ਕਾਰਜਾਂ ਲਈ ਆਰਥਿਕ ਸਹਿਯੋਗ ਕਰਦੇ ਰਹਿੰਦੇ ਅਤੇ ਸਮੇਂ ਸਮੇਂ ਮੁਫ਼ਤ ਮੈਡੀਕਲ ਕੈਂਪ ਵੀ ਲਾਉਂਦੇ ਰਹਿੰਦੇ ਹਨ। ਇਸ ਮੌਕੇ ਕਰਨ ਹਸਪਤਾਲ ਦੇ ਵਿਹੜੇ ਇਸ ਐਤਵਾਰ ਨੂੰ ਲੱਗ ਰਹੇ ਮੁਫ਼ਤ ਮੈਡੀਕਲ ਕੈਂਪ ਦਾ ਲਾਭ ਹਾਸਲ ਕਰਨ ਲਈ ਲੋਕਾਂ ਨੂੰ ਅਪੀਲ ਵੀ ਕੀਤੀ ਗਈ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਲੂ ਪੋਤਾ ਵਿਖੇ ਲੈਕਚਰਾਰ ਬਲਦੀਸ਼ ਲਾਲ ਵੱਲੋਂ ਕਿਤਾਬਾਂ ਦਾ ਸੈੱਟ ਭੇਟ ਕੀਤਾ ਗਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com




ਬੰਗਾ( ਚਰਨਜੀਤ ਸੱਲ੍ਹਾ )ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੱਲੂ ਪੋਤਾ ਵਿਖੇ ਲੈਕਚਰਾਰ ਸ੍ਰੀ ਬਲਦੀਸ਼ ਲਾਲ ਵੱਲੋਂ ਇੱਕ ਕਿਤਾਬਾਂ ਦਾ ਸੈੱਟ ਸਕੂਲ ਪ੍ਰਿੰਸੀਪਲ ਸ੍ਰੀ ਨਰਿੰਦਰ ਪਾਲ ਸਿੰਘ ਜੀ ਨੂੰ ਭੇਂਟ ਕੀਤਾ ਇਸ ਮੌਕੇ ਸ੍ਰੀ ਬਲਦੀਸ਼ ਲਾਲ ਜੀ ਨੇ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਵਿੱਚ ਕਿਤਾਬਾਂ ਦੀ ਮਹੱਤਤਾ ਦੱਸਦੇ ਹੋਏ ਉਨਾਂ ਨੂੰ ਵੱਧ ਤੋਂ ਵੱਧ ਪੜ੍ਹ ਕੇ ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਉਹਨਾਂ ਨੇ ਕਿਹਾ ਕਿ ਕਿਤਾਬਾਂ ਹੀ ਸਾਡੇ ਜੀਵਨ ਦਾ ਮਾਰਗ ਦਰਸ਼ਨ ਕਰਦੀਆਂ ਹਨ। ਇਸ ਮੌਕੇ ਸ੍ਰੀ ਸ਼ਨੀ ਕੁਮਾਰ ਮੈਥ ਮਾਸਟਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਖੀਰ ਵਿੱਚ ਪ੍ਰਿੰਸੀਪਲ ਸਾਹਿਬ ਸ੍ਰੀ ਨਰਿੰਦਰ ਪਾਲ ਸਿੰਘ ਜੀ ਨੇ ਲੈਕਚਰਾਰ ਬਲਦੀਸ਼ ਲਾਲ ਦਾ ਸਕੂਲ ਨੂੰ ਕਿਤਾਬਾਂ ਭੇਂਟ ਕਰਨ ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਸਾਨੂੰ ਵਿਦਿਆਰਥੀਆਂ ਨੂੰ ਹਰ ਵੇਲੇ ਕਿਤਾਬਾਂ ਨਾਲ ਜੋੜਨਾ ਚਾਹੀਦਾ ਹੈ । ਇਸ ਸਮੇਂ ਸਕੂਲ ਲਾਈਬਰੇਰੀ ਦੇ ਇੰਚਾਰਜ ਸ੍ਰੀਮਤੀ ਸੋਨੀਆ ਕੁਮਾਰੀ ਸੁਖਜੀਤ ਕੌਰ ਨੀਲਮ ਕੁਮਾਰੀ ਸੁਰਿੰਦਰਾ ਚਮਨ ਲਾਲ ਕੈਂਪਸ ਮੈਨੇਜਰ ਸ੍ਰੀ ਸੁਰਜੀਤ ਸਿੰਘ ਅਤੇ ਗੁਰਪ੍ਰੀਤ ਕੌਰ ਅਤੇ ਸਾਰਾ ਸਟਾਫ ਸ਼ਾਮਿਲ ਸੀ।

# ਇਸ ਮੀਟਿੰਗ ਵਿੱਚ ਬਹੁਜਨ ਸਮਾਜ ਨੂੰ ਪਿਆਰ ਕਰਨ ਵਾਲਾ ਜ਼ਰੂਰੀ ਪਹੁੰਚੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com



ਲੁਧਿਆਣਾ( ਚਰਨਜੀਤ ਸੱਲ੍ਹਾ )ਜਰੂਰੀ ਮੀਟਿੰਗ ਮਿਤੀ 3 ਮਈ 2025, ਦਿਨ ਸ਼ਨੀਵਾਰ ਸ਼ਾਮ 4.30 ਵਜੇ ਸਥਾਨ ਗੁਰਦੁਆਰਾ ਗੁਰੂ ਰਵਿਦਾਸ ਜੀ, ਜਮਾਲਪੁਰ ਅਵਾਣਾ, ਚੰਡੀਗੜ੍ਹ ਰੋਡ , ਲੁਧਿਆਣਾ। ਸੰਪਰਕ -9876975655

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ।ਜੈ ਭੀਮ ਜੈ ਭਾਰਤ।

ਜੈ ਗੁਰਦੇਵ ਧੰਨ ਗੁਰਦੇਵ। ਜੈ ਭਗਵਾਨ ਵਾਲਮੀਕਿ ਜੀ- ਜੈ ਸਤਿਗੁਰੂ ਰਵਿਦਾਸ ਜੀ ।

ਸਾਰੇ ਬਹੁਜਨ ਸਮਾਜ ਨੂੰ ਬੇਨਤੀ ਹੈ ਕਿ ਗੁਰਦੁਆਰਾ ਗੁਰੂ ਰਵਿਦਾਸ ਜੀ, ਜਮਾਲਪੁਰ ਅਵਾਣਾ, ਚੰਡੀਗੜ੍ਹ ਰੋਡ , ਲੁਧਿਆਣਾ ਨੂੰ ਗਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਿਟੀ (ਗਲਾਡਾ) ਵੱਲੋ ਪੱਤਰ ਨੰਬਰ:ਮਿ.ਅ/ਗਲਾਡਾ/ਲੁਧਿ/1499 ਮਿਤੀ 25/3/25 ਦਾ ਇੱਕ ਨੋਟਿਸ ਆਇਆ ਹੈ ਕਿ ਗੁਰਦੁਆਰਾ ਸਾਹਿਬ ਦੀ ਜ਼ਮੀਨ ਮਾਲਕੀ ਦਾ ਸਬੂਤ ਦਿਖਾਓ ਜਾਂ ਫਿਰ ਪੰਜਾਬ ਹਰਿਆਣਾ ਹਾਈ ਕੋਰਟ ਦੇ ਹੁਕਮ ਮੁਤਾਬਿਕ ਇਹ ਜਗਾਹ ਗਲਾਡਾ ਵੱਲੋ ਜਬਰੀ ਖਾਲੀ ਕਰਵਾ ਲਈ ਜਾਵੇਗੀ ।ਇਸ ਵਿੱਚ ਕਿਹਾ ਗਿਆ ਹੈ ਕਿ ਤੁਸੀਂ ਗਲਾਡਾ ਦੀ ਉਕਤ ਜਮੀਨ ਤੇ ਗੁਰਦੁਆਰਾ ਨਾਮ ਦੀ ਦੁਕਾਨ ਬਣਾ ਕੇ ਨਾਜਾਇਜ ਕਬਜਾ ਕੀਤਾ ਹੋਇਆ ਹੈ।ਇਸ ਨੋਟਿਸ ਮੁਤਾਬਿਕ ਸੱਤ ਦਿਨਾਂ ਅੰਦਰ ਜਮੀਨ ਦੀ ਮਾਲਕੀ ਦੇ ਕਾਗਜਾਤ ਨਾ ਦਿਖਾਉਣ ਦੀ ਸੂਰਤ ਵਿੱਚ ਗਲਾਡਾ ਵੱਲੋਂ ਇੱਕ ਤਰਫਾ ਕਾਰਵਾਈ ਕਰਦੇ ਹੋਏ ਇਸ ਜਮੀਨ ਤੋਂ ਗੁਰਦੁਆਰਾ ਸਾਹਿਬ ਦਾ ਨਾਜਾਇਜ ਕਬਜਾ ਖਾਲੀ ਕਰਵਾਉਣ ਦੀ ਧਮਕੀ ਦਿੱਤੀ ਗਈ ਹੈ।

ਉਪਰੋਕਤ ਨੋਟਿਸ ਕਰਕੇ ਗੁਰਦੁਆਰਾ ਗੁਰੂ ਰਵਿਦਾਸ ਜੀ ਨਾਲ ਜੁੜੀਆਂ ਸਾਰੀਆਂ ਸੰਗਤਾਂ ਵਿੱਚ ਭਾਰੀ ਰੋਸ ਅਤੇ ਸਹਿਮ ਪੈਦਾ ਹੋ ਗਿਆ ਹੈ।ਭਾਰਤ ਪਾਕਿਸਤਾਨ ਦੀ ਵੰਡ ਵੇਲੇ ਸਾਡੇ ਬਜੁਰਗਾਂ ਨੇ ਆਪਣੇ ਨਾਲ ਲਿਆਂਦੇ ਗੁਰੂ ਗਰੰਥ ਸਾਹਿਬ ਦੇ ਸਰੂਪ ਇਸ ਗੁਰਦੁਆਰਾ ਸਾਹਿਬ ਦੇ ਕੱਚੇ ਕੋਠੇ ਵਿੱਚ ਲਿਆ ਕੇ ਸੁਸ਼ੋਭਿਤ ਕੀਤੇ ਸਨ ਅਤੇ ਉਦੋਂ ਤੋਂ ਸਾਡੇ ਪਰਿਵਾਰਾਂ ਅਤੇ ਸਮਾਜ ਦੇ ਮਰਨੇ/ ਪਰਨੇ ਖੁਸ਼ੀਆਂ/ ਗਮੀਆਂ ਹਰ ਸਮੇਂ ਇਸ ਗੁਰੂ ਘਰ ਦੇ ਓਟ ਆਸਰੇ ਹੁੰਦੇ ਆਏ ਹਨ।ਅਸਟੇਟ ਅਫਸਰ ਗਲਾਡਾ ਅਮਨ ਗੁਪਤਾ ਵੱਲੋਂ ਗੁਰਦੁਆਰਾ ਸਾਹਿਬ ਨੂੰ "ਦੁਕਾਨ" ਦਸ ਕੇ ਸਾਡੇ ਹਿਰਦਿਆਂ ਤੇ ਬੇਹਦ ਗਹਿਰੀ ਚੋਟ ਕੀਤੀ ਗਈ ਹੈ। ਇਹ ਸਭ ਇਸ ਅਫਸਰ ਦੀ ਜਾਤੀਵਾਦੀ ਮਾਨਸਿਕਤਾ ਕਰਕੇ ਹੋ ਰਿਹਾ ਹੈ।ਇਹੋ ਜਿਹਾ ਹੀ ਇੱਕ ਨੋਟਿਸ – ਪੱਤਰ ਨੰਬਰ:/ਮਿ.ਅ./ਗਲਾਡਾ/ਲੁਧਿ/ 3106 ਮਿਤੀ 14 ਅਗਸਤ 2019 ਨੂੰ ਵੀ ਜਾਰੀ ਕੀਤਾ ਗਿਆ ਸੀ। ਉਸ ਸਮੇਂ ਵੀ ਸੰਗਤਾਂ ਦੇ ਸਹਿਯੋਗ ਨਾਲ਼ ਤਪ ਅਸਥਾਨ ਖੁਰਾਲਗੜ੍ਹ ਸਾਹਿਬ ਤੋਂ ਬਾਬਾ ਕੇਵਲ ਸਿੰਘ ਜੀ , ਸਤਿਗੁਰੂ ਰਵਿਦਾਸ ਸੰਤ ਸਮਾਜ ਪੰਜਾਬ, ਬਹੁਜਨ ਸਮਾਜ ਪਾਰਟੀ ਪੰਜਾਬ, ਸਤਿਗੁਰੂ ਰਵਿਦਾਸ ਧਰਮ ਸਮਾਜ ਪ੍ਰਧਾਨ ਆਨੰਦ ਕਿਸ਼ੋਰ ਜੀ, ਸਤਿਗੁਰੂ ਰਵਿਦਾਸ ਫੈਡਰੇਸ਼ਨ ਮੁਲਾਂਪੁਰ ਦਾਖਾ, ਅੰਬੇਦਕਰ ਨਵਯੁਵਕ ਦਲ,ਪ੍ਰਧਾਨ Dr. ਭੀਮ ਰਾਓ ਅੰਬੇਡਕਰ ਕਲੱਬ ਸਾਹਨੇਵਾਲ, ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਅੰਬੇਦਕਰੀ ਵਕੀਲ ਸਾਹਿਬਾਨ ਅਤੇ ਹੋਰ ਬਹੁਤ ਸਾਰੀਆਂ ਸਮਾਜਿਕ ਧਾਰਮਿਕ ਜੱਥੇਬੰਦੀਆਂ ਦੇ ਸਾਥੀਆਂ ਅਤੇ ਸਮੁੱਚੀ ਲੀਡਰਸ਼ਿਪ ਦੀ ਅਗਵਾਈ ਵਿੱਚ ਕੀਤੇ ਤਿੱਖੇ ਸੰਘਰਸ਼ ਸਦਕਾ ਗਲਾਡਾ ਵੱਲੋਂ ਗੁਰਦੁਆਰਾ ਗੁਰੂ ਰਵਿਦਾਸ ਜੀ ਨੂੰ ਢਾਹੁਣ ਲਈ ਆਏ ਹੋਏ ਗਲਾਡਾ ਦੇ ਸਰਕਾਰੀ ਬੁਲਡੋਜਰ ਸਿਰ ਤਲੀ ਤੇ ਧਰਕੇ ਹਜਾਰਾਂ ਦੀ ਗਿਣਤੀ ਚ ਇਕੱਠੀ ਹੋਈ ਸੰਗਤ ਦੇ ਵਿਰੋਧ ਕਾਰਨ ਗੁਰਦੁਆਰਾ ਸਾਹਿਬ ਦੀ ਇੱਟ ਵੀ ਨਹੀਂ ਹਿਲਾ ਸਕੇ ਸਨ ਜਦਕਿ ਗੁਰੂ ਘਰ ਦੇ ਨਜਦੀਕ ਲਗਭਗ 100 ਨਾਜਾਇਜ ਕਬਜੇ ਭਾਰੀ ਪੁਲਿਸ ਬਲਾਂ ਨੂੰ ਨਾਲ਼ ਲੈ ਕੇ ਬੁਲਡੋਜਰਾਂ ਨਾਲ਼ ਢਹਿ ਢੇਰੀ ਕਰ ਦਿੱਤੇ ਗਏ ਸਨ।ਅਸਲ ਵਿੱਚ ਲੁਧਿਆਣਾ ਚੰਡੀਗੜ੍ਹ ਮੁੱਖ ਮਾਰਗ (ਹਾਈਵੇ) ਤੇ ਸਥਿੱਤ ਹੋਣ ਕਰਕੇ ਇਹ ਜਮੀਨ ਅਰਬਾਂ ਰੁਪਏ ਮੁੱਲ ਦੀ ਹੈ ਅਤੇ ਸੱਤਾਧਾਰੀ ਰਾਜਨੀਤਕ ਨੇਤਾਵਾਂ ਨਾਲ਼ ਮਿਲ਼ ਕੇ ਲੈਂਡ ਮਾਫੀਆ ਗਲਾਡਾ ਅਫਸਰਾਂ ਦੇ ਜਰੀਏ ਗੰਢ-ਤੁਪ ਕਰਕੇ ਇਸ ਜਮੀਨ ਨੂੰ ਖਾਲੀ ਕਰਵਾ ਕੇ ਕੌਡੀਆਂ ਦੇ ਭਾਅ ਵਿੱਚ ਖਰੀਦਣਾ ਚਾਹੁੰਦਾ ਹੈ ਤਾਂ ਜੋ ਇਸ ਤੋਂ ਅੰਨੀ ਕਮਾਈ ਕੀਤੀ ਜਾ ਸਕੇ।ਅਸੀਂ ਕਿਸੇ ਵੀ ਕੀਮਤ ਤੇ ਇਹਨਾਂ ਦੇ ਮਾੜੇ ਇਰਾਦੇ ਪੂਰੇ ਨਹੀਂ ਹੋਣ ਦਿਆਂਗੇ।

ਦਿੱਲੀ ਤੁਗਲਕਾਬਾਦ ਵਿੱਚ ਵੀ ਗੁਰੂ ਰਵਿਦਾਸ ਮੰਦਿਰ ਦਾ ਇਹੋ ਜਿਹਾ ਹੀ ਮਸਲਾ ਸੀ।ਦਿੱਲੀ ਦੀ ਤਰਾਂ ਜੇਕਰ ਕੋਈ ਮੰਦਭਾਗੀ ਕਾਰਵਾਈ ਹੋਣ ਤੋਂ ਬਾਅਦ ਵਿੱਚ ਸੜਕਾਂ ਤੇ ਆਏ ਤਾਂ ਕੋਈ ਫਾਇਦਾ ਨਹੀ ਹੋਏਗਾ। ਇਸ ਲਈ ਸਮਾਂ ਰਹਿੰਦੇ ਸੰਘਰਸ਼ ਕਰਨਾ ਜਰੂਰੀ ਹੈ। ਪੂਰੇ ਪੰਜਾਬ ਵਿੱਚ ਜਿਆਦਾਤਰ ਗੁਰੂ ਰਵਿਦਾਸ ਅਤੇ ਗੁਰੂ ਘਰ / ਮੰਦਿਰ ਸ਼ਾਮਲਾਟ ਜਾਂ ਸਰਕਾਰੀ ਜ਼ਮੀਨ ਵਿੱਚ ਹੀ ਬਣੇ ਹਨ । ਸਰਕਾਰ ਵੱਲੋਂ ਗੁਰਦੁਆਰਾ ਗੁਰੂ ਰਵਿਦਾਸ ਜੀ ਜਮਾਲਪੁਰ ਅਵਾਣਾ ਤੋਂ ਸ਼ੁਰੂ ਕਰਕੇ ਇਹ ਕਬਜੇ ਹਟਾਉਣ ਦਾ ਕੰਮ ਪੂਰੇ ਪੰਜਾਬ ਵਿੱਚ ਕੀਤਾ ਜਾਵੇਗਾ। ਸਰਕਾਰ ਕੋਲ ਬਹਾਨਾ ਹੈ ਹਾਈ ਕੋਰਟ ਦੇ ਹੁਕਮਾਂ ਦਾ । ਸਾਡੇ ਕੋਲ ਤਾਂ ਰਹਿਣ ਲਈ ਘਰ ਵੀ ਜਿਆਦਾਤਰ ਲਾਲ ਲਕੀਰਾਂ ਵਾਲੇ ਨੇ ਜਿਨ੍ਹਾ ਦੀ ਮਾਲਕੀ ਦਾ ਕੋਈ ਸਬੂਤ ਨਹੀਂ। ਕੱਲ ਨੂੰ ਘਰਾਂ ਦੀ ਵੀ ਵਾਰੀ ਆ ਜਾਣੀ ਹੈ।ਇਸ ਲਈ ਸਮਾ ਰਹਿੰਦੇ ਉਠਣਾ ਪੈਣਾ । ਆਰ ਜਾਂ ਪਾਰ ਦੇ ਸੰਘਰਸ਼ ਦਾ ਸਮਾ ਆ ਗਿਆ ਹੈ। ਇਸ ਵੇਲ਼ੇ ਸਮੁੱਚੇ ਭਾਈਚਾਰੇ ਨੇ ਇਹ ਤਹਿ ਕੀਤਾ ਹੈ ਕਿ ਅਸੀਂ ਸਰਕਾਰ ਨੂੰ ਜਾਂ ਗਲਾਡਾ ਨੂੰ ਇਹ ਨਹੀਂ ਕਹਿੰਦੇ ਕਿ ਤੁਸੀਂ ਇਸ ਨੋਟਿਸ ਦੀ ਧਮਕੀ ਪੂਰੀ ਕਰਨ ਲਈ ਗੁਰਦੁਆਰਾ ਸਾਹਿਬ ਢਾਹੁਣ ਲਈ ਨਾਂ ਆਓ। ਜੀ ਸਦਕੇ ਆਓ ਪਰ ਯਕੀਨ ਕਰਿਓ ਕਿ ਜਿੰਨੀ ਵੀ ਸਰਕਾਰੀ ਮਸ਼ੀਨਰੀ ਲਿਆ ਸਕਦੇ ਲਿਆਇਓ ਅਸੀਂ ਸਿਰ ਧੜ ਦੀ ਬਾਜੀ ਲਗਾ ਕੇ ਗੁਰਦੁਆਰਾ ਸਾਹਿਬ ਦੀ ਇੱਕ ਇੱਟ ਵੀ ਹਿੱਲਣ ਨਹੀਂ ਦੇਵਾਂਗੇ। ਅਸੀਂ ਹੁਣ ਸੰਘਰਸ਼ ਉਲੀਕਣ ਜਾ ਰਹੇ ਹਾਂ ਕਿ ਅਨੁਸੂਚਿਤ ਜਾਤੀ ਨਾਲ ਸਬੰਧਿਤ ਪੂਰੇ ਪੰਜਾਬ ਦੀਆਂ ਧਾਰਮਿਕ ਸਥਾਨਾ ਦੀਆ ਜਮੀਨਾਂ ਉਨ੍ਹਾਂ ਸਬੰਧਿਤ ਸਥਾਨਾਂ ਦੇ ਨਾਮ ਕੀਤੀਆਂ ਜਾਣ।ਪੰਜਾਬ ਭਰ ਵਿੱਚ ਕੇਂਦਰ ਸਰਕਾਰ ਦੀ ਯੋਜਨਾ ਤਹਿਤ ਲਾਲ ਲਕੀਰ ਵਾਲ਼ੇ ਘਰਾਂ ਦੀਆ ਰਜਿਸਟਰੀਆਂ ਕਰਾਈਆਂ ਜਾਣ ਤਾਂ ਕਿ ਦਬੇ ਕੁਚਲੇ ਗਰੀਬ ਲੋਕ ਵੀ ਇਸ ਧਰਤੀ ਦੇ ਕਿਸੇ ਟੁਕੜੇ ਨੂੰ ਆਪਣਾ ਕਹਿ ਸਕਣ।ਇਸ ਸੰਘਰਸ਼ ਨੂੰ ਸ਼ੁਰੂ ਕਰਨ ਅਤੇ ਇਸ ਦੀ ਵਿਉਂਤਬੰਦੀ ਬਨਾਉਣ ਖਾਤਿਰ ਜਰੂਰੀ ਮੀਟਿੰਗ ਮਿਤੀ 3 ਮਈ 2025, ਦਿਨ ਸ਼ਨੀਵਾਰ ਸ਼ਾਮ 4.30 ਵਜੇ ਸਥਾਨ ਗੁਰਦੁਆਰਾ ਗੁਰੂ ਰਵਿਦਾਸ ਜੀ, ਜਮਾਲਪੁਰ ਅਵਾਣਾ, ਚੰਡੀਗੜ੍ਹ ਰੋਡ , ਲੁਧਿਆਣਾ ਵਿਖੇ ਰੱਖੀ ਗਈ ਹੈ । ਸੰਪਰਕ -9876975655

ਪੰਜਾਬ ਦੇ ਬਹੁਜਨ ਸਮਾਜ ਦੀਆਂ ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਰਵਿਦਾਸੀਆ ਜਥੇਬੰਦੀਆਂ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ , ਸਮਾਨਤਾਵਾਦੀ ਤੇ ਭਰਾਤਰੀ ਸੋਚ ਵਾਲੀਆਂ ਸਿੱਖ, ਮੁਸਲਿਮ ,ਈਸਾਈ , ਬੋਧੀ ਅਤੇ ਹੋਰ ਘਟ ਗਿਣਤੀ ਨਾਲ ਸੰਬੰਧਿਤ ਜਥੇਬੰਦੀਆਂ ਤੇ ਹਰੇਕ ਤਰਾਂ ਨਾਲ ਮਨੁਵਾਦੀ ਸੋਚ ਤੋਂ ਪੀੜ੍ਹਿਤ ਸੰਘਰਸ਼ ਸ਼ੀਲ ਲੋਕਾਂ ਨੂੰ ਇਸ ਜਰੂਰੀ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ । ਗਲਾਡਾ ਨੋਟਿਸ ਦੀ ਕਾਪੀ ਨਾਲ ਭੇਜ ਰਹੇ ਹਾਂ ਜੀ। ਧੰਨਵਾਦ ਸਹਿਤ ਬੇਨਤੀ ਕਰਤਾ ਪ੍ਰਬੰਧਕ ਕਮੇਟੀ ਗੁਰਦੁਆਰਾ ਗੁਰੂ ਰਵਿਦਾਸ ਜੀ, ਜਮਾਲਪੁਰ ਅਵਾਣਾ , ਚੰਡੀਗੜ੍ਹ ਰੋਡ ਲੁਧਿਆਣਾ।ਮਨਜੀਤ ਸਿੰਘ ਮੁੱਖ ਸੇਵਾਦਾਰ ਮੋਬਾਇਲ ਨੰਬਰ 9876975655

# ਕੀ ਹੈ ਸਿੰਧੂ ਜਲ ਸਮਝੌਤਾ?

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਸ ਕਸ਼ਮੀਰ ਸਿੰਘ ਭੁਲੱਥ
8146091954 :

ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਨੇ ਸਖ਼ਤ ਕਦਮ ਚੁੱਕਦਿਆਂ ਪਾਕਿਸਤਾਨ ਨਾਲ ਸਿੰਧੂ ਜਲ ਸਮਝੌਤੇ ਨੂੰ ਰੱਦ ਕਰਨ ਹੁਕਮ ਜਾਰੀ ਕਰ ਦਿੱਤਾ ਹੈ। ਇਹ ਫੈਸਲਾ ਬੁੱਧਵਾਰ 23 ਅਪ੍ਰੈਲ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਸੁਰੱਖਿਆ ਬਾਰੇ ਕੈਬਨਿਟ ਕਮੇਟੀ ਦੀ ਮੀਟਿੰਗ ਵਿੱਚ ਲਿਆ ਗਿਆ। ਇਸ ਤਰ੍ਹਾਂ, ਭਾਰਤ ਨੇ ਕੂਟਨੀਤਕ ਪੱਧਰ 'ਤੇ ਪਾਕਿਸਤਾਨ ਵਿਰੁੱਧ ਕਾਰਵਾਈ ਕੀਤੀ ਹੈ।

## ਸਿੰਧੂ ਜਲ ਸਮਝੌਤਾ ਕੀ ਹੈ?

ਭਾਰਤ ਨੇ 19 ਸਤੰਬਰ, 1960 ਨੂੰ ਪਾਕਿਸਤਾਨ ਨਾਲ ਸਿੰਧੂ ਜਲ ਸੰਧੀ 'ਤੇ ਦਸਤਖਤ ਕੀਤੇ ਸਨ, ਜਿਸ ਨੂੰ ਸਰਹੱਦ ਪਾਰ ਪਾਣੀ ਦੀ ਵੰਡ ਲਈ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ। ਇਹ ਸਮਝੌਤਾ 9 ਸਾਲਾਂ ਦੀ ਲੰਬੀ ਗੱਲਬਾਤ ਤੋਂ ਬਾਅਦ ਵਿਸ਼ਵ ਬੈਂਕ ਦੀ ਵਿਚੋਲਗੀ ਹੇਠ ਹੋਇਆ ਸੀ।

ਇਸ 'ਤੇ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਤੇ ਪਾਕਿਸਤਾਨ ਦੇ ਰਾਸ਼ਟਰਪਤੀ ਅਯੂਬ ਖਾਨ ਨੇ ਦੋਵਾਂ ਦੇਸ਼ਾਂ ਵਿੱਚ ਵਗਦੀਆਂ ਨਦੀਆਂ ਦੇ ਪਾਣੀ ਪ੍ਰਬੰਧਨ ਲਈ ਦਸਤਖਤ ਕੀਤੇ ਸਨ।

ਸੰਧੀ ਦੀ ਲੋੜ ਕਿਉਂ ਪਈ ਸੀ?

ਬ੍ਰਿਟਿਸ਼ ਸ਼ਾਸਨ ਦੌਰਾਨ ਦੱਖਣੀ ਪੰਜਾਬ ਵਿੱਚ ਸਿੰਧੂ ਨਦੀ ਘਾਟੀ 'ਤੇ ਇੱਕ ਵੱਡੀ ਨਹਿਰ ਬਣਾਈ ਗਈ ਸੀ। ਇਸ ਕਾਰਨ




ਇਸ ਖੇਤਰ ਦੇ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਅਤੇ ਇਹ ਇੱਕ ਪ੍ਰਮੁੱਖ ਖੇਤੀਬਾੜੀ ਖੇਤਰ ਵਜੋਂ ਉਭਰਿਆ।

1947 ਵਿੱਚ ਭਾਰਤ ਦੀ ਵੰਡ ਤੋਂ ਬਾਅਦ ਪੰਜਾਬ ਵੀ ਦੋ ਹਿੱਸਿਆਂ ਵਿੱਚ ਵੰਡਿਆ ਗਿਆ। ਪੂਰਬੀ ਪੰਜਾਬ ਭਾਰਤ ਵਿੱਚ ਆ ਗਿਆ, ਜਦੋਂ ਕਿ ਪੱਛਮੀ ਪੰਜਾਬ ਪਾਕਿਸਤਾਨ ਵਿੱਚ ਚਲਾ ਗਿਆ। ਇਸ ਦੌਰਾਨ ਸਿੰਧੂ ਨਦੀ ਘਾਟੀ ਅਤੇ ਇਸ ਦੀਆਂ ਨਹਿਰਾਂ ਵੀ ਵੰਡੀਆਂ ਗਈਆਂ। ਪਾਕਿਸਤਾਨ ਇਸ ਤੋਂ ਮਿਲਣ ਵਾਲੇ ਪਾਣੀ ਲਈ ਪੂਰੀ ਤਰ੍ਹਾਂ ਭਾਰਤ 'ਤੇ ਨਿਰਭਰ ਸੀ।

ਪਾਣੀ ਦੀ ਸਪਲਾਈ ਨੂੰ ਬਣਾਈ ਰੱਖਣ ਦੇ ਉਦੇਸ਼ ਨਾਲ 20 ਦਸੰਬਰ 1947 ਨੂੰ ਪੂਰਬੀ ਅਤੇ ਪੱਛਮੀ ਪੰਜਾਬ ਦੇ ਮੁੱਖ ਇੰਜੀਨੀਅਰਾਂ ਵਿਚਕਾਰ ਇੱਕ ਸਮਝੌਤਾ ਹੋਇਆ। ਇਹ ਫੈਸਲਾ ਕੀਤਾ ਗਿਆ ਕਿ ਭਾਰਤ 31 ਮਾਰਚ 1948 ਤੱਕ ਦੇਸ਼ ਦੀ ਵੰਡ ਤੋਂ ਪਹਿਲਾਂ ਤੈਅ ਕੀਤੇ ਗਏ ਨਿਸ਼ਚਿਤ ਪਾਣੀ ਵਿੱਚੋਂ ਪਾਕਿਸਤਾਨ ਨੂੰ ਆਪਣਾ ਹਿੱਸਾ ਦਿੰਦਾ ਰਹੇਗਾ। ਸਮਝੌਤਾ ਖਤਮ ਹੋਣ ਤੋਂ ਬਾਅਦ ਭਾਰਤ ਨੇ 1 ਅਪ੍ਰੈਲ 1948 ਨੂੰ ਦੋ ਨਹਿਰਾਂ ਦਾ ਪਾਣੀ ਬੰਦ ਕਰ ਦਿੱਤਾ ਸੀ, ਜਿਸ ਕਾਰਨ ਪਾਕਿਸਤਾਨ ਦੇ ਪੰਜਾਬ ਦੇ ਹਿੱਸੇ ਵਿੱਚ ਲੱਖਾਂ ਏਕੜ ਖੇਤੀਬਾੜੀ ਵਾਲੀ ਜ਼ਮੀਨ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਗਈ ਸੀ।ਹਾਲਾਂਕਿ, ਦੋਵਾਂ ਦੇਸ਼ਾਂ ਵਿਚਕਾਰ ਬਾਅਦ ਵਿੱਚ ਹੋਏ ਸਮਝੌਤੇ ਤੋਂ ਬਾਅਦ ਭਾਰਤ ਪਾਣੀ ਛੱਡਣ ਲਈ ਰਾਜ਼ੀ ਹੋ ਗਿਆ ਸੀ।

ਰਿਪੋਰਟ ਦੇ ਅਨੁਸਾਰ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੇ 1951 ਵਿੱਚ ਟੈਨੇਸੀ ਵੈਲੀ ਅਥਾਰਟੀ ਦੇ ਸਾਬਕਾ ਚੇਅਰਮੈਨ ਡੇਵਿਡ ਲਿਲੀਅਨਥਲ ਨੂੰ ਭਾਰਤ ਬੁਲਾਇਆ ਸੀ। ਉਨ੍ਹਾਂ ਨੇ ਪਾਕਿਸਤਾਨ ਦਾ ਵੀ ਦੌਰਾ ਕੀਤਾ ਸੀ। ਅਮਰੀਕਾ ਵਾਪਸ ਆਉਣ ਤੋਂ ਬਾਅਦ ਲਿਲੀਅਨਥਲ ਨੇ ਸਿੰਧੂ ਨਦੀ ਘਾਟੀ ਦੇ ਪਾਣੀ ਦੀ ਵੰਡ 'ਤੇ ਇੱਕ ਲੇਖ ਲਿਖਿਆ। ਇਹ ਲੇਖ ਉਸ ਸਮੇਂ ਦੇ ਵਿਸ਼ਵ ਬੈਂਕ ਮੁਖੀ ਡੇਵਿਡ ਬਲੈਕ ਦੁਆਰਾ ਵੀ ਪੜ੍ਹਿਆ ਗਿਆ ਸੀ, ਜੋ ਲਿਲੀਅਨਥਲ ਦੇ ਦੋਸਤ ਸਨ। ਲੇਖ ਪੜ੍ਹਨ ਤੋਂ ਬਾਅਦ ਡੇਵਿਡ ਬਲੈਕ ਨੇ ਭਾਰਤ ਅਤੇ ਪਾਕਿਸਤਾਨ ਦੇ ਰਾਜਾਂ ਦੇ ਮੁਖੀਆਂ ਨਾਲ ਸੰਪਰਕ ਕੀਤਾ। ਇਸ ਤੋਂ ਬਾਅਦ ਇਸ ਸਬੰਧ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਮੀਟਿੰਗਾਂ ਦਾ ਇੱਕ ਸਿਲਸਿਲਾ ਸ਼ੁਰੂ ਹੋ ਗਿਆ।

## ਸਿੰਧੂ ਜਲ ਸੰਧੀ ਕਿਵੇਂ ਕੰਮ ਕਰਦੀ ਹੈ?

ਸੰਧੀ ਦੇ ਅਨੁਸਾਰ ਭਾਰਤ ਨੂੰ ਪੂਰਬੀ ਨਦੀਆਂ - ਰਾਵੀ, ਬਿਆਸ ਅਤੇ ਸਤਲੁਜ ਤੋਂ ਪਾਣੀ ਮਿਲਦਾ ਹੈ, ਜਦੋਂ ਕਿ ਪਾਕਿਸਤਾਨ ਨੂੰ ਪੱਛਮੀ ਨਦੀਆਂ - ਸਿੰਧੂ, ਜੇਹਲਮ ਅਤੇ ਚਨਾਬ ਤੋਂ ਪਾਣੀ ਮਿਲਦਾ ਹੈ। ਇਹ ਸੰਧੀ ਪਾਕਿਸਤਾਨ ਲਈ ਲਾਭਦਾਇਕ ਹੈ ਕਿਉਂਕਿ ਇਸ ਨੂੰ ਇਨ੍ਹਾਂ ਨਦੀਆਂ ਤੋਂ ਕੁੱਲ ਪਾਣੀ ਦੇ ਪ੍ਰਵਾਹ ਦਾ ਲਗਭਗ 80 ਪ੍ਰਤੀਸ਼ਤ ਪ੍ਰਾਪਤ ਹੁੰਦਾ ਹੈ, ਜੋ ਕਿ ਪਾਕਿਸਤਾਨ ਵਿੱਚ ਖੇਤੀਬਾੜੀ ਲਈ ਮਹੱਤਵਪੂਰਨ ਹੈ, ਖਾਸ ਕਰਕੇ ਪੰਜਾਬ ਅਤੇ ਸਿੰਧ ਪ੍ਰਾਂਤਾਂ ਵਿੱਚ ਖੇਤੀਬਾੜੀ ਲਈ ਮਹੱਤਵਪੂਰਨ ਹੈ।

ਵਿਸ਼ਵ ਬੈਂਕ ਦੇ ਅਨੁਸਾਰ, ਸੰਧੀ ਨੇ ਸਿੰਧੂ ਨਦੀ ਪ੍ਰਣਾਲੀ ਦੇ ਬਰਾਬਰ ਅਤੇ ਸਹਿਯੋਗੀ ਪ੍ਰਬੰਧਨ ਲਈ ਇੱਕ ਢਾਂਚਾ ਤਿਆਰ ਕੀਤਾ, ਜੋ ਕਿ ਭਾਰਤ ਅਤੇ ਪਾਕਿਸਤਾਨ ਦੋਵਾਂ ਵਿੱਚ ਖੇਤੀਬਾੜੀ, ਪੀਣ ਵਾਲੇ ਪਾਣੀ ਅਤੇ ਉਦਯੋਗ ਲਈ ਬਹੁਤ ਜ਼ਰੂਰੀ ਹੈ। ਸੰਧੀ ਨੇ ਨਦੀ ਅਤੇ ਇਸ ਦੀਆਂ ਸਹਾਇਕ ਨਦੀਆਂ ਦੇ ਪਾਣੀਆਂ ਦੀ ਬਰਾਬਰ ਵੰਡ ਲਈ ਸਪੱਸ਼ਟ ਦਿਸ਼ਾ-ਨਿਰਦੇਸ਼ ਦਿੱਤੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਦੋਵੇਂ ਦੇਸ਼ ਆਪਣੀਆਂ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰ ਸਕਣ।

ਇਹ ਜਾਣਕਾਰੀ ਸੋਸ਼ਲ ਮੀਡੀਆ ਤੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਅਖ਼ਬਾਰਾਂ ਦੀਆਂ ਸੁਰਖੀਆਂ ਤੋਂ ਪ੍ਰਾਪਤ ਕੀਤੀ ਗਈ ਹੈ।

# ਪੁਰਾਣੇ ਗਾਣੇ ਸੁਣਨਾ ਇੱਕ ਸੁੱਖਦ ਅਹਸਾਸ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਸਮੇਂ ਦੇ ਪਲਟਨ ਨਾਲ ਮਨੋਰੰਜ਼ਨ ਦੇ ਸਾਧਨ ਬਹੁਤ ਵੱਧ ਗਏ ਹਨ। ਪਰ ਅੱਜ ਵੀ ਪੁਰਾਣੇ ਫਿਲਮੀ ਗੀਤ ਸੁਣਨ ਦੀ ਅਹਿਮੀਅਤ ਘੱਟ ਨਹੀਂ ਹੋਈ। 80ਵੇਂ ਅਤੇ 90ਵੇਂ ਦਹਾਕੇ ਦੌਰਾਨ ਫਿਲਮਾਂ ਦੇ ਜ਼ਿਆਦਾਤਰ ਗੀਤ ਉਦਾਸ ਸੁਰ ਵਾਲੇ ਹੀ ਹੁੰਦੇ ਸਨ। ਯਕੀਨ ਮੰਨੋ ਉਹਨਾਂ ਸਮਿਆਂ ਦੇ ਦੁੱਖ ਭਰੇ ਗੀਤ ਅੱਜ ਵੀ ਸੁਣ ਕੇ ਸਕੂਨ ਮਹਿਸੂਸ ਹੁੰਦਾ ਹੈ। ਉਹਨਾਂ ਦਿਨਾਂ ਵਿੱਚ ਰੇਡੀਓ ਤੇ ਆਉਂਦੇ ਗੀਤਾਂ ਦੇ ਗਾਇਕਾਂ ਦੇ ਨਾਂ ਤੋਂ ਇਲਾਵਾ ਫਿਲਮ ਦਾ ਨਾਂ, ਮਿਊਜ਼ਿਕ ਡਰੈਕਟਰ ਦਾ ਨਾਂ, ਗੀਤ ਲਿਖਣ ਵਾਲੇ ਦਾ ਨਾਂ ਤੱਕ ਵੀ ਯਾਦ ਹੁੰਦੇ ਸੀ।

ਕਿਸੇ ਵਿਅਕਤੀ ਦੀ ਗੀਤਾਂ ਦੀ ਪਸੰਦ ਤੋਂ ਅਸੀਂ ਉਸਦੀਆਂ ਭਾਵਨਾਵਾਂ ਬਾਰੇ ਅੰਦਾਜਾ ਲਗਾ ਸਕਦੇ ਹਾਂ।ਪੁਰਾਣੇ ਫਿਲਮੀ ਗੀਤ ਸਾਡੇ ਮਾਨਸਿਕ ਸਿਹਤ ਤੇ ਵੀ ਸਕਾਰਾਤਮਕ ਪ੍ਰਭਾਵ ਪਾਉਂਦੇ ਹਨ ਜਦੋਂ ਅਸੀਂ ਕਿਸੇ ਔਖੇ ਸਮੇਂ ਵਿੱਚ ਲੰਘਦੇ ਹਾਂ ਤਾਂ ਵੀ ਇਹ ਸਹਾਰਾ ਬਣ ਸਕਦੇ ਹਨ ਇਸ ਨੂੰ ਕਥਾਰਸਿਸ ਕਿਹਾ ਜਾਂਦਾ ਹੈ। ਪੁਰਾਣੇ ਫਿਲਮ ਗੀਤਾਂ ਦਾ ਸੰਗੀਤ,ਬੋਲ ਅਤੇ ਗਾਇਕੀ ਕਮਾਲ ਦੀ ਸੀ। ਇਸ ਤਰਾਂ ਦੇ ਗੀਤ ਸੁਣ ਕੇ ਸਾਨੂੰ ਲੱਗਦਾ ਹੈ ਕਿ ਇਸ ਦੁਨੀਆ ਵਿੱਚ ਅਸੀਂ ਇਕੱਲੇ ਹੀ ਦੁਖੀ ਨਹੀਂ ਹਾਂ ਬਲਕਿ ਦੂਸਰੇ ਵੀ ਇਸ ਤਰ੍ਹਾਂ ਦੇ ਦੁੱਖ ਦਾ ਅਨੁਭਵ ਕਰ ਰਹੇ ਹਨ।

ਪੁਰਾਣੇ ਗੀਤ ਸੁਣਨਾ ਮਾਨਸਿਕ ਪੱਧਰ ਤੇ ਡੋਪਾਮਿਨ ਅਤੇ ਆਕਸੀਟੋਸਿਕ ਵਰਗੇ ਹਾਰਮੋਨ ਰਿਲੀਜ਼ਹੁੰਦੇ ਹਨ। ਜੋ ਸਾਨੂੰ ਖੁਸ਼ੀ ਦਿੰਦੇ ਹਨ। ਜੋ ਸਾਨੂੰ ਮਾਨਸਿਕ ਤੌਰ ਤੇ ਸਕਾਰਾਤਮਕ ਰੱਖਦੇ ਹਨ। ਭਾਵੇਂ ਹੁਣ ਰੇਡੀਓ ਤੇ ਪੁਰਾਣੇ ਗੀਤ ਸੁਣਨ ਦਾ ਸਮਾਂ ਚਲਾ ਗਿਆ ਹੈ। ਪਰ ਮੋਬਾਈਲ, ਟੀਵੀ, ਪੈੱਨ ਡਰਾਈਵ, ਸਪੀਕਰ ਅਤੇਤੇ ਐੱਫ.ਐਮ. ਰਾਹੀਂ ਗੀਤ ਸੁਣਨੇ ਮਨ ਨੂੰ ਸਕੂਨ ਪ੍ਰਦਾਨ ਕਰਦੇ ਹਨ।

ਉਸ ਸਮੇਂ ਦੇ ਰੇਡੀਓ ਦੀ ਤਰਜ਼ ਤੇ ਹੀ ਐੱਫ.ਐਮ. ਚੈਨਲਾਂ ਤੇ ਪੁਰਾਣੇ ਫਿਲਮੀ ਗੀਤ ਅਕ੍ਸਰ ਚਲਦੇ ਰਹਿੰਦੇ ਹਨ। ਪਰ ਅਫਸੋਸ ਅੱਜ ਦੀ ਭੱਜ ਦੌੜ ਵਾਲੀ ਜੀਵਨ ਸ਼ੈਲੀ ਨੇ ਸਾਨੂੰ ਅਜਿਹੇ ਸਕੂਨ ਭਰੇ ਸ਼ੌਂਕਾ ਤੋਂ ਦੂਰ ਕਰ ਦਿੱਤਾ ਹੈ। ਜਿਸ ਕਰਕੇ ਸਾਡੀ ਭਾਵਨਾਤਮਕ ਅਤੇ ਸਮਝਣ ਦੀ ਸ਼ਕਤੀ ਘੱਟਦੀ ਜਾ ਰਹੀ ਹੈ। ਪਰ ਅਫ਼ਸੋਸ ਪਰਿਵਰਤਨਸ਼ੀਲਤਾ ਕੁਦਰਤ ਦਾ ਨਿਯਮ ਹੈ, ਜਿਸ ਕਰਕੇ ਨਵੀਂ ਪੀੜ੍ਹੀ ਇਸ ਅਹਿਸਾਸ,ਸਕੂਨ,ਆਨੰਦ ਦਾ



**ਚਰਨਜੀਤ ਸਿੰਘ ਮੁਕਤਸਰ,**

ਮਜ਼ਾ ਨਹੀਂ ਲੈ ਸਕਦੀ। ਇਸਦਾ ਮਜ਼ਾ ਤਾਂ 70ਵੇਂ,80ਵੇਂ,90ਵੇਂ ਦਹਾਕੇ ਵਿੱਚ ਜਨਮੀ ਪੀੜੀ ਹੀ ਲੈ ਸਕਦੀ ਹੈ।

-/ਚਰਨਜੀਤ ਸਿੰਘ ਮੁਕਤਸਰ, ਸੈਂਟਰ ਹੈੱਡ ਟੀਚਰ, ਸਰਕਾਰੀ ਪ੍ਰਾਇਮਰੀ ਸਕੂਲ ਝਬੇਲਵਾਲੀ, ਜਿਲਾ ਸ਼੍ਰੀ ਮੁਕਤਸਰ ਸਾਹਿਬ।
ਮੋਬਾਈਲ ਨੰਬਰ 951300716

# ਫਗਵਾੜਾ ਨਗਰ ਨਿਗਮ ਕੋਲ ਇੱਕ ਵੀ ਮ੍ਰਿਤਕਾਂ ਲਈ ਵੈਨ ਨਾ ਹੋਣਾ ਮੰਦਭਾਗੀ ਗੱਲ : ਮਨੀਸ਼

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਫਗਵਾੜਾ 3 ਮਈ (ਸ਼ਿਵ ਕੌੜਾ) ਫਗਵਾੜਾ ਨਗਰ ਨਿਗਮ ਕੋਲ ਇੱਕ ਵੀ ਮ੍ਰਿਤਕਾਂ ਲਈ ਵੈਨ ਨਾ ਹੋਣ ਕਾਰਨ ਸ਼ਹਿਰ ਵਾਸੀਆਂ ਨੂੰ ਲੰਬੇ ਸਮੇਂ ਤੋਂ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਪ੍ਰਗਟਾਵਾ ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਅਤੇ ਕੌਂਸਲਰ ਮਨੀਸ਼ ਪ੍ਰਭਾਕਰ ਨੇ ਅੱਜ ਇੱਥੇ ਗੱਲਬਾਤ ਦੌਰਾਨ ਕੀਤਾ। ਉਹਨਾਂ ਨੇ ਮੇਅਰ ਰਾਮ ਪਾਲ ਉੱਪਲ ਨੂੰ ਨਿਗਮ ਹਾਊਸ ਦੀ ਮੀਟਿੰਗ ਵਿੱਚ ਇੱਕ ਮ੍ਰਿਤਕ ਵੈਨ ਖਰੀਦਣ ਲਈ ਮਤਾ ਪਾਸ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਫਗਵਾੜਾ ਵਿੱਚ ਮੁੱਖ ਤੌਰ 'ਤੇ ਤਿੰਨ ਸ਼ਮਸ਼ਾਨਘਾਟ ਬੰਗਾ ਰੋਡ, ਹੁਸ਼ਿਆਰਪੁਰ ਰੋਡ ਅਤੇ ਹਦੀਆਬਾਦ ਵਿਖੇ ਸਥਿਤ ਹਨ। ਅੱਜਕੱਲ੍ਹ ਜ਼ਿਆਦਾਤਰ ਲੋਕ ਅੰਤਿਮ ਸੰਸਕਾਰ ਲਈ ਮ੍ਰਿਤਕ ਦੇਹ ਨੂੰ ਸ਼ਮਸ਼ਾਨਘਾਟ ਤੱਕ ਲਿਜਾਣ ਲਈ ਮ੍ਰਿਤਕ ਵੈਨ ਦੀ ਵਰਤੋਂ ਕਰਦੇ ਹਨ। ਮੰਦਭਾਗੀ ਗੱਲ ਇਹ ਹੈ ਕਿ ਫਗਵਾੜਾ ਵਿੱਚ ਸਿਰਫ਼ ਇੱਕ ਹੀ ਮ੍ਰਿਤਕ ਵੈਨ ਹੈ। ਜਿਸਦਾ ਪ੍ਰਬੰਧ ਵੀ ਇਕ ਦਾਨੀ ਸੱਜਣ ਵਲੋਂ ਲੋਕਾਂ ਦੀ ਸਹੂਲਤ ਲਈ ਕੀਤਾ ਗਿਆ ਹੈ। ਸਿਰਫ਼ ਇੱਕ ਹੀ ਗੱਡੀ ਹੋਣ ਕਾਰਨ, ਲੋਕਾਂ ਨੂੰ ਆਪਣੀ ਵਾਰੀ ਲਈ ਘੰਟਿਆਂਬੱਧੀ ਇੰਤਜ਼ਾਰ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਫਗਵਾੜਾ ਇੱਕ ਵੱਡਾ ਸ਼ਹਿਰ ਹੈ ਜੋ ਤੇਜ਼ੀ ਨਾਲ ਫੈਲ ਰਿਹਾ ਹੈ। ਨਗਰ ਨਿਗਮ ਦੇ ਗਠਨ ਤੋਂ ਬਾਅਦ ਸ਼ਹਿਰ ਦੇ ਆਲੇ-ਦੁਆਲੇ ਦੀਆਂ 14 ਪੰਚਾਇਤਾਂ ਨੂੰ ਸ਼ਾਮਲ ਕਰਨ ਦੇ ਚਲਦਿਆਂ ਸ਼ਹਿਰ ਦਾ ਖੇਤਰਫਲ ਹੋਰ ਵੀ ਵੱਡਾ ਹੋ ਗਿਆ ਹੈ। ਇਸ ਲਈ ਫਗਵਾੜਾ ਨਗਰ ਨਿਗਮ ਕੋਲ ਇੱਕ ਵੀ ਮ੍ਰਿਤਕ ਵੈਨ ਨਾ ਹੋਣਾ ਬਹੁਤ ਗੰਭੀਰ ਸਮੱਸਿਆ ਹੈ। ਉਨ੍ਹਾਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਘੱਟੋ-ਘੱਟ ਤਿੰਨ ਮ੍ਰਿਤਕ ਵੈਨਾਂ ਲਈ ਗ੍ਰਾਂਟ ਜਾਰੀ ਕਰਨ ਦੀ ਮੰਗ ਕੀਤੀ ਅਤੇ ਇਹ ਵੀ ਕਿਹਾ ਕਿ ਜੇਕਰ ਸਰਕਾਰ ਅਤੇ ਨਿਗਮ ਕੋਲ ਮ੍ਰਿਤਕ ਵੈਨਾਂ ਖਰੀਦਣ ਲਈ ਪੈਸੇ ਨਹੀਂ ਹਨ,



ਤਾਂ ਉਹ ਨਿਗਮ ਦੇ ਕੁੱਲ ਪੰਜਾਹ ਕੌਂਸਲਰਾਂ ਨੂੰ ਅਪੀਲ ਕਰਦੇ ਹਨ ਕਿ ਉਹ ਜਨਤਕ ਹਿੱਤ ਵਿੱਚ ਘੱਟੋ-ਘੱਟ ਇੱਕ ਮਹੀਨੇ ਦੀ ਤਨਖਾਹ ਦਾਨ ਕਰਨ ਤਾਂ ਜੋ ਆਮ ਲੋਕਾਂ ਦੀ ਸਹੂਲਤ ਲਈ ਨਿਗਮ ਪੱਧਰ 'ਤੇ ਇੱਕ ਮ੍ਰਿਤਕ ਵੈਨ ਦਾ ਪ੍ਰਬੰਧ ਕੀਤਾ ਜਾ ਸਕੇ।

# ਮਿਸ਼ਨ ਆਰਗਨਾਈਜੇਸ਼ਨ ਸੰਗਰੂਰ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਲੱਡਾ, ਸੰਗਰੂਰ ਦੇ ਵਿਦਿਆਰਥੀਆਂ ਨੂੰ ਵਰਦੀਆਂ ਤੇ ਬੂਟ ਵੰਡੇ ਗਏ, ਪ੍ਰਧਾਨ ਸੁਬੇਗ ਸਿੰਘ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਪਟਿਆਲਾ ਜਗਤਾਰ ਸਿੰਘ ਰੋੜੇਵਾਲ/ਬੇਅੰਤ ਸਿੰਘ ਰੋਹਟੀ ਖਾਸ ,ਮਿਸ਼ਨ ਹੈਲਪ ਆਰਗੇਨਾਈਜੇਸਨ,ਸੰਗਰੂਰ ਦੀ ਟੀਮ ਦੇ ਮੈਂਬਰਾਂ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ,ਲੱਡਾ(ਸੰਗਰੂਰ) ਵਿਖੇ ਪਹੁੰਚਕੇ ਸਕੂਲ ਦੇ 110 ਵਿਦਿਆਰਥੀਆਂ ਨੂੰ ਕਮੀਜ਼,ਪੈਂਟ,ਬੂਟ ਅਤੇ ਜੁਰਾਬਾਂ ਵੰਡੀਆਂ ਗਈਆਂ

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਬੇਗ ਸਿੰਘ ਪ੍ਰਧਾਨ ਨੇ ਦੱਸਿਆ ਕਿ ਇਸ ਮੌਕੇ,ਸੰਸਥਾ ਦੇ ਪ੍ਰਧਾਨ ਤੋਂ




ਇਲਾਵਾ,ਸੰਸਥਾ ਦੇ ਸੀਨੀਅਰ ਮੈਂਬਰ ਸਰਦਾਰ ਸ਼ੇਰ ਸਿੰਘ ਬਾਲੇਵਾਲ, ਸਰਦਾਰ ਜਗਜੀਤ ਇੰਦਰ ਸਿੰਘ, ਕਾਮਰੇਡ ਨਿਰੰਜਨ ਸਿੰਘ ਚੁਨੱਗਰਾ, ਸਕੂਲ ਦਾ ਸਮੂਹ ਸਟਾਫ਼, ਪੰਚਾਇਤ ਮੈਂਬਰ,ਪਿੰਡ ਦੇ ਪਤਵੰਤੇ ਸੱਜਣ ਅਤੇ ਸਕੂਲ ਦੇ ਵਿਦਿਆਰਥੀ ਵੀ ਹਾਜਰ ਸਨ।ਇਸ ਸਮੇਂ ਬੁਲਾਰਿਆਂ ਨੇ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਨ, ਸਖ਼ਤ ਮਿਹਨਤ ਕਰਨ, ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨਾ ਦੀ ਸਿੱਖਿਆ ਵੀ ਦਿੱਤੀ। ਸਕੂਲ ਦੀ ਮੁੱਖ ਅਧਿਆਪਕਾ ਨੇ ਟੀਮ ਦੇ ਮੈਂਬਰਾਂ ਨੂੰ ਜੀ ਆਇਆਂ ਕਿਹਾ।ਪਿੰਡ ਦੀ ਪੰਚਾਇਤ ਅਤੇ ਪਤਵੰਤਿਆਂ ਵੱਲੋਂ,ਜਿੱਥੇ ਸੰਸਥਾ ਦਾ ਇਸ ਮੱਦਦ ਲਈ,ਧੰਨਵਾਦ ਕੀਤਾ ਗਿਆ,ਉੱਥੇ ਨਾਲ ਹੀ ਟੀਮ ਦੇ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨ ਵੀ ਕੀਤਾ ਗਿਆ। ਇਸ ਮੱਦਦ ਲਈ ਸ੍ਰੀ ਮਨੂ ਬਾਂਸਲ ਜੀ ਖਰੜ ਦਾ ਵਿਸ਼ੇਸ਼ ਯੋਗਦਾਨ ਰਿਹਾ। ਸੰਸਥਾ ਵੱਲੋਂ, ਭਵਿੱਖ ਚ ਵੀ ਬੱਚਿਆਂ ਦੀ ਮੱਦਦ ਕਰਨ ਦਾ ਵਾਅਦਾ ਕੀਤਾ ਗਿਆ। ਇੱਥੇ ਇਹ ਗੱਲ ਵੀ ਵਰਨਣਯੋਗ ਹੈ,ਕਿ ਸੰਸਥਾ ਵੱਲੋਂ,ਪਹਿਲਾਂ ਵੀ ਵੱਖ 2 ਮੌਕਿਆਂ ਤੇ ਬੱਚਿਆਂ ਦੀ ਮੱਦਦ ਕੀਤੀ ਜਾ ਚੁੱਕੀ ਹੈ।ਪਿੰਡ ਦੇ ਪਤਵੰਤੇ ਅਤੇ ਸਕੂਲ ਦੇ ਸਮੂਹ ਸਟਾਫ਼ ਵੱਲੋਂ, ਸੰਸਥਾ ਦੇ ਇਸ ਕਾਰਜ ਦੀ ਬੜੀ ਸਰਾਹਨਾ ਵੀ ਕੀਤੀ ਗਈ।ਕਿਉਂਕਿ,ਅਜੋਕੇ ਦੌਰ ਚ ਵਿੱਦਿਆ ਹਰ ਵਿਅਕਤੀ ਲਈ, ਬੇਹੱਦ ਮਹੱਤਵਪੂਰਨ ਅਤੇ ਜ਼ਰੂਰੀ ਹੈ।

# ਰਾਕੇਸ ਟਿਕੈਤ ਨਾਲ ਕੀਤੀ ਬਦਸਲੂਕੀ ਦੀ ਸਖ਼ਤ ਨਿਖੇਧੀ

## ਪਹਿਲਗਾਮ ਹਮਲੇ ਦੀ ਨਿਰਪੱਖ ਜਾਂਚ ਕਰਵਾਕੇ ਦੋਸ਼ੀਆਂ ਨੂੰ ਦਿੱਤੀਆਂ ਜਾਣ ਸਖ਼ਤ ਸਜ਼ਾਵਾਂ,,,,-ਰੁਲਦੂ ਸਿੰਘ ਮਾਨਸਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਮਾਨਸਾ 3 ਮਈ ( ਆਤਮਾ ਸਿੰਘ ਪਮਾਰ ) ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਨੇ ਸ਼ਰਾਰਤੀ ਅਨਸਰਾਂ ਵੱਲੋਂ ਕਿਸਾਨੀ ਅੰਦੋਲਨ ਦਾ ਮੁੱਖ ਚਿਹਰਾ ਰਹੇ ਰਾਕੇਸ਼ ਟਿਕੈਤ ਨਾਲ ਜਾਣਬੁੱਝ ਕੇ ਕੀਤੀ ਗਈ ਧੱਕਾਮੁੱਕੀ ਦੀ ਪੁਰਜ਼ੋਰ ਨਿਖੇਧੀ ਕੀਤੀ ਹੈ I ਜਿਕਰਯੋਗ ਹੈ ਕਿ ਮੁਜ਼ੱਫਰਨਗਰ ਦੇ ਟਾਊਨ ਹਾਲ ਦੇ ਕੋਲ ਪਹਿਲਗਾਮ ਹਮਲੇ ਨੂੰ ਲੈ ਕੇ ਜਨਤਕ ਰੋਸ ਚੱਲ ਰਿਹਾ ਸੀ,ਜਿਸ ਵਿੱਚ ਕਿਸਾਨ ਆਗੂ ਰਾਕੇਸ਼ ਟਿਕੈਤ ਆਪਣੀ ਗੱਲ ਰੱਖਣ ਲਈ ਪਹੁੰਚੇ ਹੋਏ ਸਨ I ਇਹਨਾਂ ਦੇ ਪਹੁੰਚਦਿਆਂ ਹੀ ਬੀ.ਜੇ. ਪੀ ਦੇ ਵਰਕਰਾਂ ਵੱਲੋਂ ਤਹਿਸੁਦਾ ਰਣਨੀਤੀ ਤਹਿਤ ਉਹਨਾਂ ਨੂੰ ਸਟੇਜ ਤੇ ਜਾਣ ਤੋਂ ਰੋਕਿਆ ਗਿਆ ਤਾਂ ਜੋ ਉਹ ਆਪਸੀ ਭਾਈਚਾਰੇ ਨੂੰ ਬਣਾਈ ਰੱਖਣ ਦੀ ਗੱਲ ਸਟੇਜ ਤੋਂ ਨਾਂ ਕਰ ਸਕਣ I ਜਿਸਦਾ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਅਤੇ ਆਲ ਇੰਡੀਆਂ ਕਿਸਾਨ ਮਹਾਂਸਭਾ ਦੇ ਕੌਮੀਂ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੇ ਨੋਟਿਸ ਲੈਂਦਿਆਂ ਸਖਤ ਸਬਦਾਂ ਵਿੱਚ ਨਿਖੇਧੀ ਵੀ ਕੀਤੀ I ਉਨਾਂ ਕਿਹਾ ਕਿ ਕਿਸਾਨ ਆਗੂ ਅਜਿਹੇ ਇਕੱਠ ਵਿੱਚ ਥੋੜੀ ਗਿਣਤੀ ਵਿੱਚ ਜਾਣ ਦੀ ਬਜਾਏ ਵੱਡੀ ਗਿਣਤੀ ਨਾਲ ਹੀ ਸਮੂਲੀਅਤ ਕਰਨ , ਨਾਲ ਹੀ ਮੋਰਚੇ ਦੇ ਕਿਸਾਨ ਫਰੰਟਾਂ ਅਤੇ ਜਮਹੂਰੀ ਇਨਸਾਫ਼ ਪਸੰਦ ਜਨਤਕ ਜੱਥੇਬੰਦੀਆਂ ਦੇ ਸਾਂਝੇ ਪਲੇਟਫਾਰਮਾਂ ਤੋਂ ਪਹਿਲਗਾਮ ਹਮਲੇ ਦੇ ਪੀੜਤਾਂ ਲਈ ਇਨਸਾਫ਼ ਅਤੇ ਅਜਿਹੇ ਹੋਰ ਦੇਸ ਦਾ ਮਾਹੌਲ ਖ਼ਰਾਬ ਕਰਨ ਵਾਲੇ ਮਸਲਿਆਂ ਉੱਤੇ ਆਪਣੀ ਨਿਰਪੱਖ ਰਾਇ,ਸਾਂਝੀਵਾਲਤਾ ਦੀ ਨੀਤੀ ਨੂੰ ਲੋਕਾਂ ਵਿੱਚ ਲਿਜਾਣ



I ਉਨਾਂ ਦੇਸ ਭਰ ਦੇ ਲੋਕਾਂ ਨੂੰ ਫਿਰਕੂ ਦਹਿਸਤਗਰਦੀ ਤੋਂ ਚੁਕੰਨੇ ਰਹਿੰਦਿਆਂ ਸਾਂਤੀ ਬਣਾਈ ਰੱਖਣ ਦੀ ਅਪੀਲ ਵੀ ਕੀਤੀ I ਰੁਲਦੂ ਸਿੰਘ ਮਾਨਸਾ ਨੇ ਸਰਕਾਰ ਤੋਂ ਪਹਿਲਗਾਮ ਮਸਲੇ ਦੀ ਤੱਥ ਅਧਾਰਿਤ ਛਾਣਬੀਣ ਉਪਰੰਤ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਵੀ ਕੀਤੀ I

# ਮੰਡੀਆਂ ਵਿੱਚ ਲਿਫਟਿੰਗ ਯਕੀਨੀ ਅਤੇ ਅਗਨੀ ਪੀੜਤ ਕਿਸਾਨਾਂ ਨੂੰ ਕੇਂਦਰ ਰਾਹਤ ਮੁਹਾਈਆ ਕਰਵਾਵੇ : ਸੁਰਿੰਦਰ ਜੌੜਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਜ਼ੀਰਾ 3 ਮਈ ( ਅੰਗਰੇਜ਼ ਬਰਾੜ ) – ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਨੇ ਮੰਡੀਆਂ ਵਿੱਚ ਕਣਕ ਦੀ ਢਿੱਲੀ ਚੱਲ ਰਹੀ ਲਿਫਟਿੰਗ ਅਤੇ ਹਾਲੀਆ ਅੱਗ ਨਾਲ ਸੜ ਗਈ ਕਣਕ ਦੇ ਮੁੱਦੇ ਨੂੰ ਲੈ ਕੇ ਕੇਂਦਰ ਸਰਕਾਰ ਵਿਰੁੱਧ ਨਾਰਾਜਗੀ ਜਤਾਉਂਦੇ ਹੋਏ ਮਜ਼ਬੂਤ ਬਿਆਨ ਦਿੱਤਾ ਹੈ। ਉਨ੍ਹਾਂ ਨੇ ਕੇਂਦਰ ਸਰਕਾਰਾਂ ਨੂੰ ਆੜ੍ਹਤੀ ਤੇ ਕਿਸਾਨ ਵਿਰੋਧੀ ਕਰਾਰ ਦਿੰਦਿਆਂ ਦੋਸ਼ ਲਾਇਆ ਕਿ ਸਰਕਾਰਾਂ ਨੇ ਨਾਹ ਹੀ ਲਿਫਟਿੰਗ ਲਈ ਕੋਈ ਯੋਗ ਰਣਨੀਤੀ ਬਣਾਈ ਅਤੇ ਨਾਹ ਹੀ ਅੱਗ ਨਾਲ ਨੁਕਸਾਨ ਦਾ ਅੰਦਾਜ਼ਾ ਲਾ ਕੇ ਕਿਸਾਨਾਂ ਦੀ ਵਾਅਜ਼ੀਨ ਮਦਦ ਕੀਤੀ। ਸੁਰਿੰਦਰ ਸਿੰਘ ਜੌੜਾ ਨੇ ਕਿਹਾ ਕਿ ਪੰਜਾਬ ਦੇ ਵੱਖ-ਵੱਖ ਮੰਡੀਆਂ ਵਿੱਚ ਕਿਸਾਨ ਆਪਣੀ ਕਣਕ ਲੈ ਕੇ ਮੋਸਮ ਦੀ ਮਿਹਰਬਾਨੀ ਦੇ ਸਹਾਰੇ ਪਏ ਹੋਏ ਹਨ!

ਉਹਨਾਂ ਨੇ ਇਸ ਗੱਲ ਦਾ ਵੀ ਖੁਲਾਸਾ ਕੀਤਾ ਕਿ ਕਈ ਥਾਵਾਂ 'ਤੇ ਕਣਕ ਪਿਛਲੇ ਕਈ ਦਿਨਾਂ ਤੋਂ ਮੰਡੀ ਵਿੱਚ ਪਈ ਹੈ ਜਿਸਨੂੰ ਨਾ ਹੀ ਢਕਿਆ ਗਿਆ, ਜਿਸ ਕਰਕੇ ਕਣਕ ਗਿੱਲੀ ਹੋਣ ਕਾਰਨ ਸੜ ਗਈ। ਇਹ ਸਿਰਫ਼ ਕਿਸਾਨ ਦੀ ਆਮਦਨ ਦਾ ਨੁਕਸਾਨ ਨਹੀਂ ਸਗੋਂ ਉਹਨਾਂ ਦੇ ਘਰਾਂ ਦੇ ਚੁਲ੍ਹੇ ਠੰਢੇ ਪੈ ਜਾਣ ਵਾਲਾ ਹਾਲ ਬਣ ਗਿਆ ਹੈ।

ਸੁਰਿੰਦਰ ਸਿੰਘ ਜੌੜਾ ਨੇ ਮੰਗ ਕੀਤੀ ਕਿ ਮੰਡੀ ਬੋਰਡ, ਖੇਤੀਬਾੜੀ ਵਿਭਾਗ, ਰਾਜ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਤੁਰੰਤ ਸਾਂਝੀ ਰਣਨੀਤੀ ਤਹਿਤ ਲਿਫਟਿੰਗ ਦੀ ਸਮੱਸਿਆ ਦਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਜਿਨ੍ਹਾਂ ਕਿਸਾਨਾਂ ਦੀ ਕਣਕ ਸੜ ਗਈ ਹੈ, ਉਹਨਾਂ ਲਈ ਕੇਂਦਰ ਸਰਕਾਰ ਵਿਸ਼ੇਸ਼ ਪੈਕਜ ਦਾ ਐਲਾਨ ਕਰੇ ਤਾਂ ਜੋ ਉਹ ਕਿਸਾਨ ਮੁੜ ਆਰਥਿਕ ਤੌਰ 'ਤੇ ਖੜ੍ਹੇ ਹੋ ਸਕਣ। ਉਨ੍ਹਾਂ ਆਖਿਆ ਕਿ ਜਿੱਥੇ ਸਰਕਾਰਾਂ ਨੇ ਕਿਸਾਨਾਂ ਦੀ ਪਿੱਠ ਫੇਰੀ ਹੋਈ ਹੈ, ਉੱਥੇ ਸਮਾਜ ਸੇਵੀ ਸੰਗਠਨਾਂ, ਕਿਸਾਨ



ਜਥੇਬੰਦੀਆਂ ਅਤੇ ਸੂਝਵਾਨ ਲੋਕਾਂ ਨੇ ਮੰਡੀ ਚ ਪਹੁੰਚ ਕੇ ਕਿਸਾਨਾਂ ਨਾਲ ਸਾਥ ਦਿੱਤਾ ਹੈ। ਇਨ੍ਹਾਂ ਦੀ ਕਾਰਗੁਜ਼ਾਰੀ ਪ੍ਰਸੰਸਾਯੋਗ ਹੈ ਕਿਉਂਕਿ ਉਹਨਾਂ ਨੇ ਨਾ ਸਿਰਫ਼ ਹੌਸਲਾ ਦਿੱਤਾ ਸਗੋਂ ਕਈ ਥਾਵਾਂ ਤੇ ਸਹਾਇਤਾ ਦਾ ਵੀ ਪ੍ਰਬੰਧ ਕੀਤਾ।

ਉਨ੍ਹਾਂ ਕਿਹਾ ਕਿ ਕਿਸਾਨ ਪੰਜਾਬ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨੂੰ ਨਜ਼ਰ ਅੰਦਾਜ਼ ਕਰਨਾ ਪੰਜਾਬੀਅਤ ਦੇ ਵਿਰੁੱਧ ਹੈ।

# ਨਵੀਆਂ ਕਲਮਾਂ, ਨਵੀਂ ਉਡਾਣ: ਇੱਕ ਇਤਿਹਾਸਕ ਅੰਤਰਰਾਸ਼ਟਰੀ ਬੱਚਿਆਂ ਦਾ ਸੰਮੇਲਨ ਮੁੰਬਈ 'ਚ 18 ਮਈ ਨੂੰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਜ਼ੀਰਾ 3 ਮਈ ( ਅੰਗਰੇਜ਼ ਬਰਾੜ ) - ਮੁੰਬਈ ਦੇ ਇਤਿਹਾਸ ਵਿੱਚ ਪਹਿਲੀ ਵਾਰੀ, ਇੱਕ ਅੰਤਰਰਾਸ਼ਟਰੀ ਬੱਚਿਆਂ ਦਾ ਸਾਹਿਤ ਸੰਮੇਲਨ 18 ਮਈ 2025 ਨੂੰ ਆਯੋਜਿਤ ਕੀਤਾ ਜਾ ਰਿਹਾ ਹੈ, ਜੋ ਕਿ ਪੰਜਾਬ ਭਵਨ ਕੈਨੇਡਾ ਵਲੋਂ ਸ਼ੁਰੂ ਕੀਤੇ ਗਏ ਦਰਸ਼ਨਾਤਮਕ ਉਪਰਾਲੇ ਨਵੀਆਂ ਕਲਮਾਂ, ਨਵੀਂ ਉਡਾਣ ਦੇ ਤਹਿਤ ਹੋਵੇਗਾ। ਇਸ ਗਲੋਬਲ ਪ੍ਰਾਜੈਕਟ ਦੀ ਅਗਵਾਈ ਸੁਖੀ ਬਾਠ ਨੇ ਕੀਤੀ ਹੈ, ਜੋ ਕਿ ਪੰਜਾਬ ਭਵਨ ਸਰੀ ਦੇ ਸੰਸਥਾਪਕ ਹਨ। ਇਹ ਉਪਰਾਲਾ ਪੰਜਾਬ ਅਤੇ ਭਾਰਤ ਦੇ ਹੋਰ ਰਾਜਾਂ ਵਿੱਚ ਬੱਚਿਆਂ ਵੱਲੋਂ ਲਿਖੀਆਂ ਕਿਤਾਬਾਂ ਨੂੰ ਛਪਵਾ ਕੇ ਬੱਚਿਆਂ ਦੇ ਸਾਹਿਤ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾ ਰਿਹਾ ਹੈ।

ਨਵੀਆਂ ਕਲਮਾਂ, ਨਵੀਂ ਉਡਾਣ ਦੀ ਮਹਾਰਾਸ਼ਟਰ ਸੂਬੇ ਦੀ ਪ੍ਰਧਾਨ ਮਨਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਨਵੀ ਮੁੰਬਈ ਵਿੱਚ ਹੋਣ ਵਾਲਾ ਇਹ ਇਕ ਦਿਨ ਦਾ ਸੰਮੇਲਨ ਬੱਚਿਆਂ ਦੀ ਰਚਨਾਤਮਕਤਾ, ਸੱਭਿਆਚਾਰ ਅਤੇ ਵਿਰਾਸਤ ਦਾ ਜਸ਼ਨ ਹੋਵੇਗਾ। ਇਸ ਦੌਰਾਨ ਰੰਗਮੰਚ ਨਾਟਕ, ਗਾਇਕੀ ਅਤੇ ਕਵਿਤਾ ਮੁਕਾਬਲੇ ਆਯੋਜਿਤ ਕੀਤੇ ਜਾਣਗੇ, ਜਿੱਥੇ ਨੌਜਵਾਨ ਹਿਸੇਦਾਰ ਆਪਣੇ ਵਿਚਾਰ ਅਤੇ ਕਲਾ ਰਾਹੀਂ ਆਪਣੀ ਅਭਿਵਿਆਕਤੀ ਕਰ ਸਕਣਗੇ। ਇਸ ਦਿਨ ਦੀ ਇੱਕ ਵੱਡੀ ਖਾਸ ਗੱਲ ਇਹ ਹੋਵੇਗੀ ਕਿ ਮਹਾਰਾਸ਼ਟਰ ਦੇ ਬੱਚਿਆਂ ਵੱਲੋਂ ਲਿਖੀ ਗਈ ਪਹਿਲੀ ਕਿਤਾਬ ਜਨਤਕ ਤੌਰ 'ਤੇ ਰਿਲੀਜ਼ ਕੀਤੀ ਜਾਵੇਗੀ! ਇਹ ਸਿਰਫ਼ ਖੇਤਰ ਲਈ ਹੀ ਨਹੀਂ, ਸਗੋਂ ਸਾਰੇ ਪ੍ਰਾਜੈਕਟ ਲਈ ਇੱਕ ਮਾਣਯੋਗ ਮੋੜ ਹੋਵੇਗਾ। ਇਹ ਵੱਡਾ ਸਾਹਿਤਕ ਮੇਲਾ ਮਨਪ੍ਰੀਤ ਕੌਰ ਸੰਧੂ ਦੀ ਅਗਵਾਈ ਵਿੱਚ ਉਨ੍ਹਾਂ ਦੀ ਨਿਰੰਤਰ ਮਹਿਨਤੀ ਟੀਮ ਸਿਮਰ ਕੌਰ, ਜਸਪਾਲ ਸਿੰਘ, ਸੁਖਵਿੰਦਰ ਕੌਰ, ਪਰਮਿੰਦਰ ਸਿੰਘ, ਜੈਦੀਪ ਸਿੰਘ, ਚਮਕੌਰ ਸਿੰਘ ਸੰਧੂ ਅਤੇ ਗੁਰਭਾਈ ਸਿੰਘ ਦੀ ਕੋਸ਼ਿਸ਼ ਨਾਲ ਸੰਭਵ ਹੋਇਆ ਹੈ। ਉਨ੍ਹਾਂ ਦੀ ਮਿਹਨਤ ਕਾਰਨ ਮਹਾਰਾਸ਼ਟਰ ਦੇ ਵੱਖ-ਵੱਖ ਸ਼ਹਿਰਾਂ ਤੋਂ ਬੱਚੇ ਉਤਸ਼ਾਹ ਨਾਲ ਇਸ ਸੰਮੇਲਨ ਵਿੱਚ ਭਾਗ ਲੈ ਰਹੇ ਹਨ।

ਸੰਸਥਾ ਦੇ ਸੰਸਥਾਪਕ



ਮਨਪ੍ਰੀਤ ਕੌਰ ਸੰਧੂ

ਸੁਖੀ ਬਾਠ ਮੁੱਖ ਮਹਿਮਾਨ ਵਜੋਂ ਸਮਾਗਮ ਵਿੱਚ ਸ਼ਾਮਲ ਹੋਣਗੇ। ਇਸ ਦੇ ਨਾਲ, ਮੁੰਬਈ ਦੇ ਸਾਹਿਤਕ ਅਤੇ ਸ਼ਿਖਿਆਵਾਂ ਸਮਾਜ ਦੀਆਂ ਵਿਅਕਤੀਆਂ ਦੀ ਵੀ ਉਮੀਦ ਹੈ ਕਿ ਉਹ ਉਤਸ਼ਾਹ ਨਾਲ ਪਹੁੰਚਣਗੇ। ਇਹ ਸਿਰਫ਼ ਇੱਕ ਸੰਮੇਲਨ ਨਹੀਂ ਇਹ ਇੱਕ ਸੱਭਿਆਚਾਰਕ ਪਲ ਹੈ ਜੋ ਸਾਡੇ ਸਭ ਤੋਂ ਨੌਜਵਾਨ ਕਹਾਣੀਕਾਰਾਂ ਦੀ ਆਵਾਜ਼ ਨੂੰ ਪ੍ਰੇਰਿਤ, ਸਰੋਤਸ਼ਾਲੀ ਅਤੇ ਉਤਸ਼ਾਹਿਤ ਕਰਨ ਵਾਲਾ ਹੈ।

# ਮਜ਼ਦੂਰ ਦਿਵਸ ਨੂੰ ਸਮਰਪਿਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮਨਾ ਰਹੇ ਸਾਰੇ ਕਿਰਤੀ, ਕਾਮਿਆਂ , ਮਜ਼ਦੂਰਾਂ ਨੂੰ ਬਹੁਤ ਬਹੁਤ ਮੁਬਾਰਕਾਂ ਪ੍ਰਵਾਨ ਹੋਵਣ ਜੀ।

ਵਾਹਿਗੁਰੂ ਅੱਗੇ ਅਰਦਾਸ ਕਰਦੀ ਹਾਂ ਕਿ ਦੁਨੀਆ ਵਿੱਚ ਹਰ ਮਜ਼ਦੂਰ ਨੂੰ ਉਸ ਦੀ ਕੀਤੀ ਹੋਈ ਨੇਕ ਕਮਾਈ, ਮਿਹਨਤ ਦੇ ਹੱਕ ਦੀ ਬਣਦੀ ਮਜ਼ਦੂਰੀ ਜ਼ਰੂਰ ਮਿਲੇ, ਹਰ ਮਜ਼ਦੂਰ ਨੂੰ ਮਾਲਕ ਤੰਦਰੁਸਤੀ ਤੇ ਇਮਾਨਦਾਰੀ ਨਾਲ ਮਜ਼ਦੂਰੀ ਕਰਨ ਦੀ ਸਰੀਰਕ ਤੇ ਮਾਨਸਿਕ ਤਾਕਤ ਜ਼ਰੂਰ ਦੇਵੇ।

ਮਜ਼ਦੂਰ ਸਮਾਜ ਵਿੱਚ ਸਭ ਤੋਂ ਮਹੱਤਵਪੂਰਨ ਹੁੰਦਾ ਹੈ ਜੋ ਸਮਾਜ ਦੇ ਵਿਕਾਸ ਅਤੇ ਤਰੱਕੀ ਵਿੱਚ ਆਪਣੀ ਪੂਰੀ ਵਾਹ ਲਗਾਉਂਦਾ ਹੋਇਆ ਆਪਣਾ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ। ਮਜ਼ਦੂਰ ਵਰਗ ਸਮਾਜ ਦਾ ਢਿੱਡ ਭਰਨ ਲਈ ਮੁੱਖ ਭੂਮਿਕਾ ਨਿਭਾਉਂਦੇ ਹਨ। ਉਹ ਨਾਲ ਹੀ ਵੱਖ ਵੱਖ ਖੇਤਰਾਂ ਵਿੱਚ ਕੰਮ ਕਰਦੇ ਹਨ ਜਿਵੇਂ ਕਿ ਕਿਸਾਨ, ਸੰਗਠਨਾਂ, ਉਦਯੋਗਿਕ, ਸਿੱਖਿਆ ਪ੍ਰਨਾਲੀ, ਹਸਪਤਾਲ, ਤਕਨੀਕੀ ਖੇਤਰ, ਕਲਾ ਅਤੇ ਸਾਹਿਤਕ ਖੇਤਰ, ਵਣਜ ਅਤੇ ਵਿਤੀਅਕ ਖੇਤਰ, ਸਾਮਾਜਿਕ ਅਤੇ ਸੰਸਥਾਈ ਖੇਤਰ ਆਦਿ ਸ਼ਾਮਲ ਹਨ।

ਭਾਵੇਂ ਕਿ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਨੂੰ ਮਨਾਉਣ ਦੀ ਸ਼ੁਰੂਆਤ 1 ਮਈ 1886 ਨੂੰ ਅਮਰੀਕਾ ਤੋਂ ਹੋਈ ਸੀ ਪਰ ਅੱਜ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਲਗਭਗ ਦੁਨੀਆ ਭਰ ਵਿੱਚ ਮਨਾਇਆ ਜਾਂਦਾ ਹੈ। ਅੰਤਰਰਾਸ਼ਟਰੀ ਮਜ਼ਦੂਰ ਦਿਵਸ ਵਾਲੇ ਦਿਨ ਲਗਭਗ ਸਾਰੇ ਸਰਕਾਰੀ ਤੇ ਪ੍ਰਾਈਵੇਟ ਅਦਾਰਿਆਂ ਵਿਚ ਛੁੱਟੀ ਹੁੰਦੀ ਹੈ। ਪੰਜਾਬ ਵਿੱਚ ਪੰਜਾਬੀ ਮਜ਼ਦੂਰਾਂ ਦੀ ਦਿਨੋ ਦਿਨ ਘੱਟ ਰਹੀ ਗਿਣਤੀ ਪੰਜਾਬ ਦੇ ਵਿਕਾਸ ਲਈ ਅੱਜ ਸਭ ਤੋਂ ਵੱਡਾ ਤੇ ਅਹਿਮ ਚਿੰਤਾ ਦਾ ਵਿਸ਼ਾ ਬਣ ਚੁੱਕੀ ਹੈ। ਇਹ ਹੈ ਇੱਕ ਅਸਲ ਮਜ਼ਦੂਰ ਦੀ ਕੀਮਤ ਜੋ ਦੇਸ਼ ਦੇ ਸਮੁੱਚੇ ਢਾਂਚੇ ਨੂੰ ਹਿਲਾਉਣ ਤੇ ਤਬਾਹ ਕਰਨ ਦੀ ਤਾਕਤ ਰੱਖਦੀ ਹੈ।

ਅੱਜ ਮਜ਼ਦੂਰ ਦਾ ਭਾਵ ਕੇਵਲ ਆਮ ਮਜ਼ਦੂਰੀ ਕਰਨ ਵਾਲੇ ਜਿਵੇਂ ਰਾਜ ਮਿਸਤਰੀ,ਇੱਟਾਂ , ਰੇਤ, ਬਜਰੀ ਚੁੱਕਣ ਜਾਂ ਭੱਠੇ ਤੇ ਇੱਟਾਂ ਪੱਥਣ ਵਾਲੇ ਮਜ਼ਦੂਰਾਂ ਤੋਂ ਹੀ ਨਹੀਂ ਸਗੋਂ ਹਰ ਕਿਸੇ ਤਰਾਂ ਦੀ ਕਿਰਤ ਕਰਨ ਵਾਲਾ ਆਮ ਜਾਂ ਖਾਸ ਇਨਸਾਨ ਮਜ਼ਦੂਰ ਅਖਵਾਉਂਦਾ ਹੈ ਭਾਵੇਂ ਇੱਕ ਇਨਸਾਨ ਘਰ ਤੋਂ ਕੰਮ ਲਈ ਦਾਤ, ਆਰੀ, ਪਲਾਸ, ਪੇਚਕਸ, ਟੂਲਬਾਕਸ ਲੈ ਕੇ ਨਿਕਲਦਾ ਹੈ, ਭਾਵੇਂ ਕੋਈ ਦਫ਼ਤਰ ਲਈ ਲੈਪਟੌਪ ਲੈ ਕੇ ਨਿਕਲਦਾ ਹੈ, ਭਾਵੇਂ ਡਾਕਟਰ ਹੋਵੇ, ਭਾਵੇਂ ਕਲਰਕ, ਐਸ ਐਸ ਪੀ, ਡੀ ਸੀ, ਪ੍ਰਧਾਨ ਮੰਤਰੀ, ਮੁੱਖ ਮੰਤਰੀ, ਫੌਜੀ ਜਾਂ ਕੋਈ ਵੀ ਕਿਰਤੀ ਹੋਵੇ , ਹੈ ਤਾਂ ਸਭ ਮਜ਼ਦੂਰ , ਸਭ ਆਪਣੀ ਆਪਣੀ ਕਿਰਤ ਕਰ ਰਹੇ ਹਨ ਤੇ ਦੇਸ਼, ਸਮਾਜ ਨੂੰ ਚਲਾਉਣ ਵਿੱਚ ਆਪਣਾ ਆਪਣਾ ਬਣਦਾ ਯੋਗਦਾਨ ਪਾਉਂਦੇ ਹਨ।

ਅੱਜ ਜ਼ਮਾਨਾ ਭਾਵੇਂ ਮਸ਼ੀਨਰੀ ਤੇ ਨੈਟਵਕਰਕ ਦਾ ਆ ਚੁੱਕਾ ਹੈ, ਸਭ ਪਾਸੇ ਔਨਲਾਈਨ ਦਾ ਬੋਲਬਾਲਾ ਹੈ ਪਰ ਮਸ਼ੀਨਰੀ ਤੇ ਔਨਲਾਈਨ ਇਹ ਸਭ ਵੀ ਇੱਕ ਮਜ਼ਦੂਰ ਦੁਆਰਾ ਬਣਾਏ ਤੇ ਚਲਾਏ ਜਾਂਦੇ ਹਨ। ਜ਼ਮਾਨਾ ਕਿੰਨਾ ਵੀ ਆਧੁਨਿਕ ਹੋ ਜਾਵੇ ਹਰ ਸਮੇਂ ਮਜ਼ਦੂਰਾਂ ਦੀ ਲੋੜ ਰਹੇਗੀ । ਕਿੱਤਾ ਕੋਈ ਵੀ ਹੋਵੇ , ਹਰ ਕਿੱਤੇ ਨੂੰ ਮਜ਼ਦੂਰਾਂ ਦੁਆਰਾ ਚਲਾਇਆ ਤੇ ਕਾਮਯਾਬ ਕੀਤਾ ਜਾਂਦਾ ਰਹੇਗਾ।

ਕਿਸੇ ਫੈਕਟਰੀ ਵਿੱਚ ਕੰਮ ਕਰਨ ਵਾਲੇ ਲੋਕ ਮਜ਼ਦੂਰ ਹੁੰਦੇ ਹਨ ਤੇ ਉਸੇ ਫੈਕਟਰੀ ਦਾ ਮਾਲਕ ਵੀ ਮਜ਼ਦੂਰ ਹੀ ਹੁੰਦਾ ਹੈ ਕਿਉਂਕਿ ਕੰਮ ਲੈਣ ਵਾਲੇ ਲੋਕ ਇੱਕ ਦਿਨ ਵਿੱਚ ਸਿਰਫ ਮਿੱਥੇ ਸਮੇਂ ਭਾਵ ਕੁਝ ਸੀਮਿਤ ਘੰਟੇ ਹੀ ਕੰਮ ਕਰਦੇ ਹਨ ਪਰ ਉਸ ਫੈਕਟਰੀ ਦਾ ਮਾਲਕ ਅਣਮਿੱਥੇ ਸਮੇਂ ਲਈ ਕੰਮ ਕਰਦਾ ਰਹਿੰਦਾ ਹੈ।

ਅੱਜ ਮਜ਼ਦੂਰੀ ਦੇ ਅਰਥ ਬਦਲ ਚੁੱਕੇ ਹਨ ਤੇ ਸਮਾਜ ਵਿੱਚ ਹਰ ਇੱਕ ਮਜ਼ਦੂਰ ਦੀ ਕਦਰ ਹੈ । ਅੱਜ ਦੇ ਸਮੇਂ ਚ ਪੁਰਾਣੇ ਸਮੇਂ ਦੇ ਮੁਕਾਬਲੇ ਮਾਲਕ ਦੀ ਕਿਸੇ ਵੀ ਤਰ੍ਹਾਂ ਦੀ ਤਾਨਾਸ਼ਾਹੀ ਨਹੀਂ ਚੱਲਦੀ , ਮਾਲਕ ਦੀ ਤਾਨਾਸ਼ਾਹੀ ਤੋਂ ਬਚਣ ਲਈ ਲਗਭਗ ਹਰ ਪਾਸੇ ਮਜ਼ਦੂਰ ਯੂਨੀਅਨ ਦਾ ਬੋਲਬਾਲਾ ਹੈ ਜੋ ਮਾਲਕ ਦੇ ਤਾਨਾਸ਼ਾਹ ਵਤੀਰੇ ਤੋਂ ਮਜ਼ਦੂਰਾਂ ਨੂੰ ਬਚਾਉਣ ਵਿੱਚ ਸਹਾਇਤਾ ਕਰਦੀ ਹੈ।

ਇੱਕ ਵਾਰ ਫੇਰ ਸਭਨਾਂ ਨੂੰ ਮਜ਼ਦੂਰ ਦਿਵਸ ਦੀਆਂ ਲੱਖ ਲੱਖ ਮੁਬਾਰਕਾਂ ਹੋਵਣ ਜੀ।



ਸਰਬਜੀਤ ਸਿੰਘ ( ਕੌਰ ) ਜਰਮਨੀ
Tirthsingh3@yahoo.com
ਵੱਲੋਂ : ਅੰਗਰੇਜ਼ ਬਰਾੜ, ਪੱਤਰਕਾਰ : ਜ਼ੀਰਾ

ਕਿਰਤੀ ਤੇ ਕਾਮਾ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਢਿੱਡ ਪਾਲਣ ਲਈ ਮਜਬੂਰ ਹਾਂ ਮੈਂ
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਬੇਈਮਾਨੀ ਤੋਂ ਕੋਹਾਂ ਦੂਰ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਆਮ ਨਹੀਂ ਸਗੋਂ ਬਹੁਤ ਖ਼ਾਸ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਚਪੜਾਸੀ ਤੋਂ ਪ੍ਰਿੰਸੀਪਲ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਹਰ ਇੱਕ ਦੀ ਲੋੜ ਤੇ ਆਹਾਰ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਧਰਤੀ ਤੋਂ ਅਸਮਾਨ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਮੂਲ ਤੇ ਵਿਆਜ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਹਰ ਰਮਜ਼ ਦੀ ਦਵਾ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਹਰ ਘਰ ਲਈ ਖੁਸ਼ੀ ਤੇ ਖੇੜਾ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਸਬਰ ਤੇ ਸੰਤੋਖ ਦਾ ਗੁੱਝਾ ਰਾਜ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਖੇਤਾਂ ਦੀ ਭੌਂਈਂ ਤੋਂ ਮੂੰਹ ਦਾ ਨਿਵਾਲਾ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਚੜ੍ਹਦੇ ਸੂਰਜ ਦੀ ਨਿੱਘੀ ਕਿਰਨ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਇਬਾਦਤ ਤੋਂ ਦਸਮ ਦੁਆਰ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਦੇਸ ਤੋਂ ਹੋਈ ਪ੍ਰਦੇਸ਼ ਹਾਂ ਮੈਂ,
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।
ਕਿਉਂਕਿ ਇੱਕ ਮਜ਼ਦੂਰ ਹਾਂ ਮੈਂ।

# ਓਟੀਸੀ ਦਵਾਈਆਂ ਦੀ ਸੂਚੀ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਹਿੱਤ ਧਾਰਕਾਂ ਤੋਂ ਵਿਚਾਰ ਮੰਗੇ ਜਾਣ

## ਕੋਵਿਡ-19 ਦੌਰਾਨ ਜਾਰੀ ਕੀਤੇ ਗਏ ਜੀਐਸਆਰ ਨੂੰ ਤੁਰੰਤ ਵਾਪਸ ਲੈਣ ਦੀ ਮੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਸੰਗਰੂਰ, 3 ਮਈ (ਜਗਸੀਰ ਲੌਂਗੋਵਾਲ ) - ਆਲ ਇੰਡੀਆ ਐਸੋਸੀਏਸ਼ਨ ਆਫ਼ ਕੈਮਿਸਟ ਐਂਡ ਡਰੱਗਿਸਟ ਜੋ ਕਿ ਭਾਰਤ ਭਰ ਦੇ 12.40 ਲੱਖ ਤੋਂ ਵੱਧ ਕੈਮਿਸਟਾਂ ਅਤੇ ਡਰੱਗਿਸਟਾਂ ਦੀ ਨੁਮਾਇੰਦਗੀ ਕਰਦਾ ਹੈ, ਨੇ ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ, ਸਿਹਤ ਸਕੱਤਰ, ਸਿਹਤ ਸੇਵਾਵਾਂ ਦੇ ਡਾਇਰੈਕਟਰ ਜਨਰਲ ਨੂੰ ਇੱਕ ਮੰਗ ਪੱਤਰ ਸੌਂਪਿਆ ਹੈ, ਜਿਸ ਵਿੱਚ ਓਵਰ-ਦ-ਕਾਊਂਟਰ ਡਰੱਗ ਰੈਗੂਲੇਸ਼ਨ ਵਿੱਚ ਹਾਲ ਹੀ ਵਿੱਚ ਹੋਏ ਵਿਕਾਸ ਅਤੇ ਕੋਵਿਡ-19 ਦੌਰਾਨ ਜਾਰੀ ਕੀਤੇ ਗਏ ਜੀਐਸਆਰ 220(ਈ) ਦੀ ਲਗਾਤਾਰ ਦੁਰਵਰਤੋਂ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ ਹੈ। ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਰੇਸ਼ ਜਿੰਦਲ ਅਤੇ ਰਾਜੀਵ ਜੈਨ ਨੇ ਏਆਈਓਸੀਡੀ ਵੱਲੋਂ ਚੁੱਕੇ ਗਏ ਕਦਮ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਏਆਈਓਸੀਡੀ ਦੇ ਪ੍ਰਧਾਨ ਜੇ.ਐਸ. ਸ਼ਿੰਦੇ





ਅਤੇ ਜਨਰਲ ਸਕੱਤਰ ਰਾਜੀਵ ਸਿੰਘਲ ਨੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੂੰ ਅਪੀਲ ਕੀਤੀ ਕਿ ਉਹ ਓਸੀਟੀ ਦਵਾਈਆਂ ਦੀ ਪ੍ਰਸਤਾਵਿਤ ਸੂਚੀ ਅਤੇ ਇਸ ਨਾਲ ਸਬੰਧਤ ਕਿਸੇ ਵੀ ਨਿਯਮਾਂ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਸਾਰੇ ਸਬੰਧਤ ਹਿੱਸੇਦਾਰਾਂ ਨਾਲ ਵਿਸਤ੍ਰਿਤ ਸਲਾਹ-ਮਸ਼ਵਰਾ ਕਰੇ। ਸੰਗਠਨ ਨੇ ਚੇਤਾਵਨੀ ਦਿੱਤੀ ਹੈ ਕਿ ਇਸ ਦਿਸ਼ਾ ਵਿੱਚ ਚੁੱਕਿਆ ਗਿਆ ਕੋਈ ਵੀ ਜਲਦਬਾਜ਼ੀ ਵਾਲਾ ਕਦਮ ਗੰਭੀਰ ਜੋਖਮ ਪੈਦਾ ਕਰ ਸਕਦਾ ਹੈ। ਇਹ ਮੌਜੂਦਾ ਕਾਨੂੰਨਾਂ (ਡਰੱਗਜ਼ ਐਂਡ ਕਾਸਮੈਟਿਕਸ ਐਕਟ, ਫਾਰਮੇਸੀ ਐਕਟ) ਦੀ ਉਲੰਘਣਾ ਕਰੇਗਾ ਅਤੇ ਦਵਾਈਆਂ ਦੀ ਅਣਉਚਿਤ, ਬੇਲੋੜੀ ਅਤੇ ਬੇਕਾਬੂ ਵਰਤੋਂ ਦੇ ਜੋਖਮ ਨੂੰ ਵਧਾਏਗਾ। ਨਕਲੀ ਅਤੇ ਘਟੀਆ ਕੁਆਲਿਟੀ ਵਾਲੀਆਂ ਦਵਾਈਆਂ ਫੈਲਣਗੀਆਂ। ਡਰੱਗ ਪ੍ਰਤੀਰੋਧ, ਪ੍ਰਤੀਕੂਲ ਡਰੱਗ ਪ੍ਰਤੀਕ੍ਰਿਆਵਾਂ ਅਤੇ ਜਨਤਕ ਸਿਹਤ ਲਈ ਲੰਬੇ ਸਮੇਂ ਦੇ ਖਤਰੇ ਹੋਣਗੇ। ਸੰਗਠਨ ਨੇ ਜੀ.ਐਸ.ਆਰ. ਵੀ ਜਾਰੀ ਕੀਤਾ। ਇਸਨੇ ਧਾਰਾ 220(ਈ) ਨੂੰ ਤੁਰੰਤ ਰੱਦ ਕਰਨ ਦੀ ਮੰਗ ਨੂੰ ਵੀ ਦੁਹਰਾਇਆ, ਜੋ ਕਿ ਕੋਵਿਡ-19 ਐਮਰਜੈਂਸੀ ਦੌਰਾਨ ਦਵਾਈਆਂ ਦੀ ਘਰੇਲੂ ਡਿਲੀਵਰੀ ਲਈ ਅਸਥਾਈ ਤੌਰ 'ਤੇ ਜਾਰੀ ਕੀਤੀ ਗਈ ਸੀ। ਏਆਈਓਸੀਡੀ ਨੇ ਦੋਸ਼ ਲਗਾਇਆ ਹੈ ਕਿ ਅੱਜ ਇਸ ਨੋਟੀਫਿਕੇਸ਼ਨ ਦੀ ਔਨਲਾਈਨ ਕੰਪਨੀਆਂ ਦੁਆਰਾ ਘੋਰ ਦੁਰਵਰਤੋਂ ਕੀਤੀ ਜਾ ਰਹੀ ਹੈ। ਜਿੱਥੇ ਫਾਰਮਾਸਿਸਟ ਨਿਗਰਾਨੀ ਅਤੇ ਵੈਧ ਨੁਸਖ਼ੇ ਦੀ ਪ੍ਰਕਿਰਿਆ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਨਾਲ ਮਹੱਤਵਪੂਰਨ ਦਵਾਈਆਂ ਦੀ ਅੰਨ੍ਹੇਵਾਹ ਵੰਡ ਹੋ ਰਹੀ ਹੈ।

### ਐਸੋਸੀਏਸ਼ਨ ਆਫ਼ ਕੈਮਿਸਟ ਐਂਡ ਡਰੱਗਿਸਟ

ਸਰਕਾਰ ਦੇ ਇਨ੍ਹਾਂ ਮੁੱਦਿਆਂ ਨੂੰ ਡਰੱਗਜ਼ ਟੈਕਨੀਕਲ ਐਡਵਾਈਜ਼ਰੀ ਬੋਰਡ ਕੋਲ ਭੇਜਣ ਦੇ ਫੈਸਲੇ ਦਾ ਸਵਾਗਤ ਕਰਦਾ ਹੈ, ਪਰ ਇਹ ਵੀ ਸਪੱਸ਼ਟ ਕਰਦਾ ਹੈ ਕਿ ਦੇਸ਼ ਦੀ ਸਭ ਤੋਂ ਵੱਡੀ ਹਿੱਸੇਦਾਰ ਸੰਸਥਾ ਹੋਣ ਦੇ ਨਾਤੇ, ਇਹ ਜ਼ਰੂਰੀ ਹੈ ਕਿ ਕੋਈ ਵੀ ਅੰਤਿਮ ਫੈਸਲਾ ਲੈਣ ਤੋਂ ਪਹਿਲਾਂ ਇਹ ਚਰਚਾਵਾਂ ਅਤੇ ਵਿਚਾਰ-ਵਟਾਂਦਰੇ ਵਿੱਚ ਸ਼ਾਮਲ ਹੋਵੇ।

ਏਆਈਓਸੀਡੀ ਦੇ ਨੁਮਾਇੰਦਿਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਸਾਰੇ ਹਿੱਸੇਦਾਰਾਂ, ਖਾਸ ਕਰਕੇ ਲਾਇਸੰਸਸ਼ੁਦਾ ਪ੍ਰਚੂਨ ਕੈਮਿਸਟਾਂ, ਜੋ ਕਿ ਭਾਰਤ ਦੀ ਦਵਾਈ ਸਪਲਾਈ ਲੜੀ ਦੀ ਰੀੜ੍ਹ ਦੀ ਹੱਡੀ ਹਨ, ਨੂੰ ਸਲਾਹ-ਮਸ਼ਵਰੇ ਦੀ ਪ੍ਰਕਿਰਿਆ ਵਿੱਚ ਸ਼ਾਮਲ ਕਰਕੇ ਜਨਤਕ ਸਿਹਤ ਦੀ ਰੱਖਿਆ ਅਤੇ ਦਵਾਈ ਵੰਡ ਕਾਨੂੰਨਾਂ ਦੀ ਸ਼ਾਨ ਨੂੰ ਬਣਾਈ ਰੱਖਣ ਲਈ ਢੁਕਵੇਂ ਕਦਮ ਚੁੱਕੇ।

# ਐੱਸਕੇਐੱਮ ਵੱਲੋਂ ਰਾਕੇਸ਼ ਟਿਕੈਤ ‘ਤੇ ਹੋਏ ਹਿੰਸਕ ਭੀੜ ਦੇ ਹਮਲੇ ਦੀ ਸਖ਼ਤ ਨਿੰਦਾ

- ਉੱਤਰ ਪ੍ਰਦੇਸ਼ ਵਿੱਚ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰੋ ਅਤੇ ਜੰਗਲ ਰਾਜ ਖਤਮ ਕਰੋ: ਐੱਸਕੇਐੱਮ
- ਕਿਸਾਨ ਆਗੂ ‘ਤੇ ਹਮਲਾ ਕਰਦੇ ਸਮੇਂ ਫਿਰਕੂ ਭੀੜ ‘ਮੋਦੀ, ਮੋਦੀ’ ਦੇ ਨਾਅਰੇ ਲਗਾ ਰਹੀ ਸੀ: ਐੱਸਕੇਐੱਮ
- ਹਮਲੇ ਨੇ ਆਰਐੱਸਐੱਸ-ਭਾਜਪਾ ਗੱਠਜੋੜ ਦੇ ਰਾਸ਼ਟਰ-ਵਿਰੋਧੀ, ਨਵ-ਫਾਸ਼ੀਵਾਦੀ ਚਿਹਰੇ ਨੂੰ ਨੰਗਾ ਕਰ ਦਿੱਤਾ: ਐੱਸਕੇਐੱਮ
- ਐੱਸਕੇਐੱਮ ਨੇ ਸਾਮਰਾਜਵਾਦ ਅਤੇ ਅੰਤਰਰਾਸ਼ਟਰੀ ਅੱਤਵਾਦੀ ਤਾਕਤਾਂ ਵਿਰੁੱਧ ਲੋਕਾਂ ਦੀ ਏਕਤਾ ਨੂੰ ਮਜ਼ਬੂਤ ਕਰਨ ਲਈ ਇੱਕਜੁੱਟ ਮੁਹਿੰਮ ਦਾ ਸੱਦਾ ਦਿੱਤਾ
- ਭਾਜਪਾ-ਆਰਐੱਸਐੱਸ ਗੱਠਜੋੜ ਦੁਆਰਾ ਘੱਟ ਗਿਣਤੀਆਂ, ਕਿਸਾਨਾਂ ਅਤੇ ਮਿਹਨਤਕਸ਼ ਲੋਕਾਂ ਵਿਰੁੱਧ ਫੁੱਟਪਾਊ, ਹਿੰਸਕ ਮੁਹਿੰਮ ਦਾ ਪਰਦਾਫਾਸ਼ ਕੀਤਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 03 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਨਵੀਂ ਦਿੱਲੀ/ਚੰਡੀਗੜ੍ਹ, 3 ਮਈ, 2025: ਐੱਸਕੇਐੱਮ ਨੇ ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਵਿੱਚ ਕਿਸਾਨ ਆਗੂ ਰਾਕੇਸ਼ ਟਿਕੈਤ ‘ਤੇ ਹੋਏ ਭੀੜ ਦੇ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ, ਜਦੋਂ ਉਹ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਵਿਰੁੱਧ ਰੋਸ ਰੈਲੀ ਵਿੱਚ ਹਿੱਸਾ ਲੈ ਰਹੇ ਸਨ, ਜਿਸ ਵਿੱਚ 26 ਲੋਕ ਮਾਰੇ ਗਏ ਸਨ। ਐੱਸਕੇਐੱਮ ਇਨ੍ਹਾਂ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਅਤੇ ਉੱਤਰ ਪ੍ਰਦੇਸ਼ ਵਿੱਚ ਜੰਗਲ ਰਾਜ ਨੂੰ ਖਤਮ ਕਰਨ ਦੀ ਮੰਗ ਕੀਤੀ ਹੈ।

